PAIGAM-E-JAGAT

ਪੈਗ਼ਾਮ-ਏ-ਜਗਤ

Title code : CHAMUL00914 | E-mail : Info@paigamejagat.com | ਸ਼ਨਿੱਚਰਵਾਰ, 12 ਸਤੰਬਰ 2026, ਸਾਲ-4, ਅੰਕ-6, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਮਹੱਤਵਪੂਰਨ ਗੱਲ ਇਹ ਨਹੀਂ ਹੈ ਕਿ ਹਰ ਬੱਚੇ ਨੂੰ ਸਿਖਾਇਆ ਜਾਣਾ ਚਾਹੀਦਾ ਹੈ, ਪਰ ਹਰ ਬੱਚੇ ਨੂੰ ਸਿੱਖਣ ਦੀ ਇੱਛਾ ਦਿੱਤੀ ਜਾਣੀ ਚਾਹੀਦੀ ਹੈ।
-ਜੌਨ ਲੁਬੌਕ



ਪੰਜਾਬ ਤੋਂ ਮਨਾਲੀ ਜਾਣਾ ਹੋਇਆ ਆਸਾਨ

ਕੀਰਤਪੁਰ-ਮਨਾਲੀ ਫੋਰ ਲੇਨ ’ਤੇ ਦੋ ਨਵੀਆਂ ਸੁਰੰਗਾਂ ਖੁੱਲ੍ਹੀਆਂ

ਅਟਲ ਟਨਲ, ਲੇਹ ਲਦਾਖ ਜਾਣ ਵਾਲਿਆਂ ਨੂੰ ਹੋਵੇਗਾ ਫਾਇਦਾ

ਚੰਡੀਗੜ੍ਹ, 11 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਤੋਂ ਹਿਮਾਚਲ ਪ੍ਰਦੇਸ਼ ਦੇ ਸੈਲਾਨੀ ਕੇਂਦਰ ਮਨਾਲੀ ਜਾਣਾ ਸੌਖਾ ਹੋ ਗਿਆ ਹੈ। ਕੀਰਤਪੁਰ-ਮਨਾਲੀ ਫੋਰ ਲੇਨ ਮਾਰਗ ’ਤੇ ਮੰਡੀ ਅਤੇ ਕੁੱਲੂ ਵਿਚਕਾਰ ਪੈਂਦੇ ਪੰਡੋਹ-ਟਕੋਲੀ ਸੈਕਸ਼ਨ ਵਿੱਚ ਬਣੀਆਂ ਦੋ ਨਵੀਆਂ ਸੁਰੰਗਾਂ ਡਿਓਢ ਅਤੇ ਹਣੋਗੀ ਅੱਜ ਤੋਂ ਆਮ ਵਾਹਨਾਂ ਦੀ ਆਵਾਜਾਈ ਲਈ ਖੋਲ੍ਹ ਦਿੱਤੀਆਂ ਗਈਆਂ ਹਨ।

ਇਹ ਜਾਣਕਾਰੀ ਕੇਂਦਰੀ ਸੜਕ ਅਤੇ ਆਵਾਜਾਈ ਮੰਤਰੀ ਨਿਤਿਨ ਗਡਕਰੀ ਨੇ ਆਪਣੇ ਸੋਸ਼ਲ ਮੀਡੀਆ ਖਾਤੇ ’ਤੇ ਸਾਂਝੀ ਕਰਦਿਆਂ ਦੱਸਿਆ ਕਿ ਇਨ੍ਹਾਂ ਸੁਰੰਗਾਂ ਦੇ ਸ਼ੁਰੂ ਹੋਣ ਨਾਲ ਹਿਮਾਚਲ ਪ੍ਰਦੇਸ਼ ਵਿੱਚ ਕੌਮੀ ਰਾਜਮਾਰਗ-03 ਦੀ ਕੁਨੈਕਟੀਵਿਟੀ ਵਿੱਚ ਵੱਡਾ ਸੁਧਾਰ ਆਇਆ ਹੈ। ਇਸ ਦੇ ਸ਼ੁਰੂ ਹੋਣ ਨਾਲ ਪੰਜਾਬ, ਚੰਡੀਗੜ੍ਹ, ਹਰਿਆਣਾ, ਦਿੱਲੀ ਅਤੇ ਦੇਸ਼ ਭਰ ਤੋਂ ਮਨਾਲੀ ਆਉਣ ਵਾਲੇ ਲੱਖਾਂ ਸੈਲਾਨੀਆਂ ਨੂੰ ਟ੍ਰੈਫਿਕ ਜਾਮ ਅਤੇ ਲੈਂਡਸਲਾਈਡ (ਪਹਾੜ ਖਿਸਕਣ) ਦੀ ਗੰਭੀਰ ਸਮੱਸਿਆ ਤੋਂ ਵੱਡੀ ਰਾਹਤ ਮਿਲੇਗੀ।

ਸਾਢੇ ਪੰਜ ਕਿਲੋਮੀਟਰ ਲੰਬੇ ਖ਼ਤਰਨਾਕ ਰਸਤੇ ਤੋਂ ਮਿਲੀ ਨਿਜਾਤ

ਇਹਨਾਂ ਨਵੀਆਂ ਸੁਰੰਗਾਂ ਦੀ ਵਰਤੋਂ ਨਾਲ ਵਾਹਨ ਹੁਣ ਲਗਪਗ 5.5 ਕਿਲੋਮੀਟਰ ਲੰਬੇ ਅਜਿਹੇ ਇਲਾਕੇ ਨੂੰ ਬਾਈਪਾਸ ਕਰ ਕੇ ਲੰਘ ਸਕਣਗੇ, ਜਿੱਥੇ ਬਾਰਿਸ਼ ਦੇ ਦਿਨਾਂ ਵਿੱਚ ਅਕਸਰ ਪਹਾੜੀ ਤੋਂ ਪੱਥਰ ਅਤੇ ਮਲਬਾ ਡਿੱਗਣ ਕਾਰਨ ਹਾਦਸਿਆਂ ਦਾ ਖ਼ਤਰਾ ਬਣਿਆ ਰਹਿੰਦਾ ਸੀ।

ਤੰਗ ਅਤੇ ਘੁਮਾਓਦਾਰ ਰਸਤੇ ਤੋਂ ਛੁਟਕਾਰਾ ਮਿਲਣ ਨਾਲ ਮੁੱਖ ਮਾਰਗ ’ਤੇ ਵਾਹਨਾਂ ਦਾ ਦਬਾਅ ਵੀ ਘਟੇਗਾ। ਇਹ ਸੁਧਾਰ ਨਾ ਕੇਵਲ ਮਨਾਲੀ ਜਾਣ ਵਾਲਿਆਂ ਲਈ, ਬਲਕਿ ਅਟਲ ਟਨਲ, ਰੋਹਤਾਂਗ ਦਰ੍ਹਾ, ਮਨੀਕਰਨ, ਸ਼ਿੰਕੁਲਾ ਦਰ੍ਹਾ, ਕੇਲੌਂਗ ਅਤੇ ਲੇਹ-ਲਦਾਖ ਵਰਗੇ ਦੂਰ-ਦੁਰਾਡੇ ਦੇ ਸੈਰ-ਸਪਾਟਾ ਖੇਤਰਾਂ ਵੱਲ ਜਾਣ ਵਾਲੇ ਯਾਤਰੀਆਂ ਅਤੇ ਮਾਲਵਾਹਕ ਵਾਹਨਾਂ ਲਈ ਵੀ ਬਹੁਤ ਮਹੱਤਵਪੂਰਨ ਸਾਬਤ ਹੋਵੇਗਾ। ਇਨ੍ਹਾਂ ਸੁਰੰਗਾਂ ਦੇ ਅੰਦਰ ਸੀਸੀਟੀਵੀ ਕੈਮਰੇ, ਵੈਂਟੀਲੇਸ਼ਨ ਅਤੇ ਐਮਰਜੈਂਸੀ ਐਗਜ਼ਿਟ ਵਰਗੇ ਆਧੁਨਿਕ ਸੁਰੱਖਿਆ ਪ੍ਰਬੰਧ ਮੁਹੱਈਆ ਕਰਵਾਏ ਗਏ ਹਨ।

ਮੰਡੀ ਤੋਂ ਕੁੱਲੂ ਦਾ ਸਫ਼ਰ 1 ਘੰਟੇ ਵਿੱਚ ਹੋਵੇਗਾ ਮੁਕੰਮਲ

ਇਨ੍ਹਾਂ ਦੋਵਾਂ ਸੁਰੰਗਾਂ ਦੇ ਸ਼ੁਰੂ ਹੋਣ ਨਾਲ ਮੰਡੀ ਤੋਂ ਕੁੱਲੂ ਵਿਚਕਾਰ ਯਾਤਰਾ ਦਾ ਸਮਾਂ ਜੋ ਪਹਿਲਾਂ 2 ਘੰਟੇ ਹੁੰਦਾ ਸੀ, ਹੁਣ ਘਟ ਕੇ ਮਹਿਜ਼ 1 ਘੰਟਾ ਰਹਿ ਗਿਆ ਹੈ। ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ ਨੇ ਇਹਨਾਂ ਸੁਰੰਗਾਂ ਨੂੰ ਆਗਾਮੀ ਸਰਦੀਆਂ ਦੇ ਟੂਰਿਸਟ ਸੀਜ਼ਨ ਅਤੇ ਕੁੱਲੂ ਦਸਹਿਰੇ ਤੋਂ ਐਨ ਪਹਿਲਾਂ ਖੋਲ੍ਹ ਦਿੱਤਾ ਹੈ। 2.8 ਕਿਲੋਮੀਟਰ ਲੰਬੀ ਡਿਓਢ ਸੁਰੰਗ ਅਤੇ 650 ਮੀਟਰ ਲੰਬੀ ਹਣੋਗੀ ਸੁਰੰਗ ਆਪਸ ਵਿੱਚ ਖੋਟੀਨਾਲਾ ਕੋਲ ਬਣੇ 140 ਮੀਟਰ ਲੰਬੇ ਅਤੇ 45 ਮੀਟਰ ਉੱਚੇ ਪੁਲ ਨਾਲ ਜੁੜੀਆਂ ਹੋਈਆਂ ਹਨ। ਇਹਨਾਂ ਸੁਰੰਗਾਂ ਦੇ ਚਾਲੂ ਹੋਣ ਨਾਲ ਪਹਿਲਾਂ ਵਾਲਾ 6 ਕਿਲੋਮੀਟਰ ਦਾ ਪ੍ਰਭਾਵਿਤ ਰਸਤਾ ਹੁਣ ਸਿਰਫ਼ 3.5 ਕਿਲੋਮੀਟਰ ਦਾ ਰਹਿ ਜਾਵੇਗਾ। ਇਸ ਨਾਲ ਜੋਗਨੀ ਮਾਤਾ ਮੰਦਰ, ਡਿਓਢ ਅਤੇ ਹਣੋਗੀ ਦੇ ਨਜ਼ਦੀਕ ਲੱਗਣ ਵਾਲੇ ਘੰਟਿਆਂ ਬੱਧੀ ਲੰਬੇ ਟ੍ਰੈਫਿਕ ਜਾਮਾਂ ਤੋਂ ਯਾਤਰੀਆਂ ਨੂੰ ਪੂਰੀ ਤਰ੍ਹਾਂ ਨਿਜਾਤ ਮਿਲ ਜਾਵੇਗੀ।

ਬ੍ਰਿਕਸ ਸੰਮੇਲਨ 2026-ਪ੍ਰਧਾਨ ਮੰਤਰੀ ਮੋਦੀ ਨੇ ਪੂਤਿਨ ਨੂੰ ਸ਼ਾਂਤੀ ਯਤਨਾਂ ਵਿੱਚ ਮਦਦ ਦੀ ਪੇਸ਼ਕਸ਼ ਦੁਹਰਾਈ

ਪੂਤਿਨ ਨੇ ਮੋਦੀ ਨੂੰ 24ਵੇਂ ਭਾਰਤ-ਰੂਸ ਸਾਲਾਨਾ ਸਿਖ਼ਰ ਸੰਮੇਲਨ ਲਈ ਰੂਸ ਆਉਣ ਦਾ ਦਿੱਤਾ ਸੱਦਾ

ਨਵੀਂ ਦਿੱਲੀ, 11 ਸਤੰਬਰ (ਪੈਗਾਮ-ਏ-ਜਗਤ)

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਨੂੰ ਕਿਹਾ ਕਿ ਭਾਰਤ ਸ਼ਾਂਤੀ ਯਤਨਾਂ ਵਿੱਚ ਮਦਦ ਕਰਨ ਲਈ ਤਿਆਰ ਹੈ। ਉਨ੍ਹਾਂ ਇਸ ਗੱਲ ’ਤੇ ਮੁੜ ਜ਼ੋਰ ਦਿੱਤਾ ਕਿ ਟਕਰਾਵਾਂ ਨੂੰ ਹੱਲ ਕਰਨ ਲਈ ਗੱਲਬਾਤ ਅਤੇ ਕੂਟਨੀਤੀ ਹੀ ਅੱਗੇ ਵਧਣ ਦਾ ਰਸਤਾ ਹੈ। ਦੋਵਾਂ ਆਗੂਆਂ ਨੇ ਪੱਛਮੀ ਏਸ਼ੀਆ ਅਤੇ ਕਾਲੇ ਸਾਗਰ ਖੇਤਰ ਵਿੱਚ ਚੱਲ ਰਹੀਆਂ ਜੰਗਾਂ ਬਾਰੇ ਚਰਚਾ ਕੀਤੀ।

ਇਹ ਸੁਨੇਹਾ ਨਵੀਂ ਦਿੱਲੀ ਵਿੱਚ 18ਵੇਂ ਬ੍ਰਿਕਸ ਸੰਮੇਲਨ ਦੌਰਾਨ ਪੂਤਿਨ ਨਾਲ ਮੋਦੀ ਦੀ ਦੁਵੱਲੀ ਮੁਲਾਕਾਤ ਦੌਰਾਨ ਦਿੱਤਾ ਗਿਆ, ਜੋ ਇਸ ਸਾਲ ਉਨ੍ਹਾਂ ਦੀ ਦੂਜੀ ਮੁਲਾਕਾਤ ਸੀ। ਦੋਵੇਂ ਆਗੂ ਪਹਿਲਾਂ 31 ਅਗਸਤ ਨੂੰ ਸ਼ੰਘਾਈ ਸਹਿਯੋਗ ਸੰਗਠਨ ਸੰਮੇਲਨ ਦੌਰਾਨ ਬਿਸ਼ਕੇਕ ਵਿੱਚ ਮਿਲੇ ਸਨ।

ਪੂਤਿਨ ਨੇ ਪੀ ਐੱਮ ਮੋਦੀ ਨੂੰ 24ਵੇਂ ਭਾਰਤ-ਰੂਸ ਸਾਲਾਨਾ ਸਿਖ਼ਰ ਸੰਮੇਲਨ ਲਈ ਰੂਸ ਆਉਣ ਦਾ ਸੱਦਾ ਦਿੱਤਾ। ਮੋਦੀ ਨੇ ਸੱਦਾ ਸਵੀਕਾਰ ਕਰ ਲਿਆ, ਜਿਸ ਦੀਆਂ ਤਾਰੀਖਾਂ ਰਾਜਦੂਤਕ ਚੈਨਲਾਂ ਰਾਹੀਂ ਤੈਅ ਕੀਤੀਆਂ ਜਾਣਗੀਆਂ।

ਭਾਰਤ ਦੀ ਸੱਭਿਆਚਾਰਕ ਵਿਰਾਸਤ ਨੂੰ ਦਰਸਾਉਂਦੇ ਹੋਏ, ਪ੍ਰਧਾਨ ਮੰਤਰੀ ਨੇ ਪੂਤਿਨ ਨੂੰ ਕਵੀ ਅਤੇ ਦਾਰਸ਼ਨਿਕ ਤਿਰੂਵੱਲੂਵਰ ਦੁਆਰਾ ਲਿਖੀ ਕਲਾਸਿਕ ਤਾਮਿਲ ਰਚਨਾ ‘ਤਿਰੂੱਕੁਰਲ’ ਦਾ ਰੂਸੀ ਅਨੁਵਾਦ ਭੇਟ ਕੀਤਾ। 1,330 ਦੋਹਿਆਂ ਵਿੱਚ ਲਿਖੀ ਗਈ ਇਹ ਰਚਨਾ ਨੈਤਿਕਤਾ ਅਤੇ ਮਨੁੱਖੀ ਜੀਵਨ (ਬਾਕੀ ਸਫ਼ਾ 2 ’ਤੇ)





ਬ੍ਰਿਕਸ ਦੇ ਮੰਚ ਤੋਂ ਪੁਤਿਨ ਨੇ ਜੀ7 ਦਾ ਉਡਾਇਆ ਮਜ਼ਾਕ
ਕਿਹਾ-‘ਅਸੀਂ 40% ਹਾਂ, ਉਹ ਸਾਡੇ ਤੋਂ ਘੱਟ’

ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਬ੍ਰਿਕਸ ਬਿਜ਼ਨਸ ਫੋਰਮ ਦੇ ਲੀਡਰਜ਼ ਸੈਸ਼ਨ ਦੌਰਾਨ ਜੀ7 ਦੇਸ਼ਾਂ (ਕੈਨੇਡਾ, ਫਰਾਂਸ, ਜਰਮਨੀ, ਇਟਲੀ, ਜਾਪਾਨ, ਬ੍ਰਿਟੇਨ ਅਤੇ ਅਮਰੀਕਾ) ’ਤੇ ਤੰਜ ਕੱਸਦਿਆਂ ਕਿਹਾ ਕਿ ਬ੍ਰਿਕਸ ਦੇਸ਼ਾਂ ਦੀ ਵਪਾਰਕ ਹਿੱਸੇਦਾਰੀ 40 ਫੀਸਦੀ ਹੈ, ਜਦਕਿ ਜੀ7 ਦੇਸ਼ ਇਸ ਤੋਂ ਘੱਟ ਹਨ। ਪੁਤਿਨ ਨੇ ਕਿਹਾ ਕਿ ਦੁਨੀਆ ਵਿੱਚ ਵਿਕਾਸ ਦੇ ਨਵੇਂ ਇੰਜਣ ਪੈਦਾ ਹੋ ਰਹੇ ਹਨ ਅਤੇ ਪਿਛਲੇ 5 ਸਾਲਾਂ ਦੀ ਅਸਲੀਅਤ ਇਹ ਹੈ ਕਿ ਦੁਨੀਆ ਲਗਾਤਾਰ ਬਦਲ ਰਹੀ ਹੈ। ਉਨ੍ਹਾਂ ਅਨੁਸਾਰ ਇਹ ਬਦਲਾਅ ਮਨੁੱਖਤਾ ਅਤੇ ਅਰਥਵਿਵਸਥਾ ਦੋਵਾਂ ਲਈ ਬਹੁਤ ਜ਼ਰੂਰੀ ਹਨ। ਰਾਸ਼ਟਰਪਤੀ ਪੁਤਿਨ ਨੇ ਦੱਸਿਆ ਕਿ ਬ੍ਰਿਕਸ ਦੇਸ਼ ਦੁਨੀਆ ਦੀ ਅੱਧੀ ਆਬਾਦੀ ਦੀ ਨੁਮਾਇੰਦਗੀ ਕਰਦੇ ਹਨ ਅਤੇ ਜ਼ਿਆਦਾਤਰ ਵਾਧਾ ਬ੍ਰਿਕਸ ਦੇਸ਼ਾਂ ਤੋਂ ਹੀ ਹੋਇਆ ਹੈ। ਉਨ੍ਹਾਂ ਕਿਹਾ ਕਿ 40 ਫੀਸਦੀ ਵਪਾਰ ਬ੍ਰਿਕਸ ਦੇਸ਼ਾਂ ਵਿੱਚ ਹੋ ਰਿਹਾ ਹੈ ਅਤੇ ਇੱਥੋਂ ਦੇ ਬਾਜ਼ਾਰ ਬਹੁਤ ਵੱਡੇ ਹਨ। ਇਸ ਤੋਂ ਇਲਾਵਾ, ਪਰਮਾਣੂ ਊਰਜਾ ਦੇ ਖੇਤਰ ਵਿੱਚ ਰੂਸ ਦੀ ਕੰਪਨੀ ਦੁਨੀਆ ਦੀ ਸਭ ਤੋਂ ਵੱਡੀ ਕੰਪਨੀ ਹੈ ਅਤੇ ਰੂਸ ਨੂੰ ਵੱਡੇ ਪੱਧਰ ’ਤੇ ਮੁਕਾਬਲੇਬਾਜ਼ੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਰਾਨ ਦੇ ਮੁੱਦੇ ’ਤੇ ਅਮਰੀਕਾ ’ਤੇ ਨਿਸ਼ਾਨਾ ਸਾਧਦਿਆਂ ਪੁਤਿਨ ਨੇ (ਬਾਕੀ ਸਫ਼ਾ 2 ’ਤੇ)

ਫਾਸਟੈਗ ਪੂਰੀ ਤਰ੍ਹਾਂ ਲਾਗੂ ਹੋਣ ਨਾਲ ਸਰਕਾਰ ਨੂੰ ਸਾਲਾਨਾ 25,000 ਕਰੋੜ ਰੁਪਏ ਤੱਕ ਦਾ ਮੁਨਾਫ਼ਾ ਸੰਭਵ: ਗਡਕਰੀ

ਮੁੰਬਈ, 11 ਸਤੰਬਰ (ਪੈ.ਗਾਮ-ਏ-ਜਗਤ)

ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਇਲੈਕਟ੍ਰੌਨਿਕ ਟੋਲ ਕਲੈਕਸ਼ਨ ਸਿਸਟਮ ‘ਫਾਸਟੈਗ’ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਨਾਲ ਸਰਕਾਰ ਨੂੰ ਸਾਲਾਨਾ 25,000 ਕਰੋੜ ਰੁਪਏ ਤੱਕ ਦਾ ਮੁਨਾਫ਼ਾ ਹੋ ਸਕਦਾ ਹੈ।

ਉਨ੍ਹਾਂ ਕਿਹਾ ਕਿ ਕੌਮੀ ਰਾਜਮਾਰਗਾਂ ’ਤੇ ਸਾਰੇ ਟੋਲ ਬੂਥ ਮਾਰਚ 2027 ਤੱਕ ਬਿਨਾਂ ਰੁਕਾਵਟ ਦੇ ਕੰਮ ਕਰਨ ਲੱਗ ਪੈਣਗੇ। ਗਡਕਰੀ ਨੇ ਇੱਥੇ ਗਲੋਬਲ ਫਿਨਟੈਕ ਸੰਮੇਲਨ ਵਿੱਚ ਕਿਹਾ, ”ਜਦੋਂ ਇਹ ਪ੍ਰਣਾਲੀ ਪੂਰੀ ਤਰ੍ਹਾਂ ਲਾਗੂ ਹੋ ਜਾਵੇਗੀ, ਤਾਂ ਫਾਸਟੈਗ ਦੀ ਵਰਤੋਂ ਨਾਲ ਸਾਡਾ ਵਿਭਾਗ ਹੀ ਭਾਰਤ ਸਰਕਾਰ ਨੂੰ ਸਾਲਾਨਾ 20,000 ਤੋਂ 25,000 ਕਰੋੜ ਰੁਪਏ ਦਾ ਲਾਭ ਪਹੁੰਚਾਏਗਾ।”

ਉਨ੍ਹਾਂ ਕਿਹਾ ਕਿ ਫਾਸਟੈਗ ਦੀ ਵਰਤੋਂ ਨਾਲ ਟੋਲ ਬੂਥਾਂ ਤੋਂ ਹੋਣ ਵਾਲੀ ਆਮਦਨ ਵਿੱਚ 10 ਫੀਸਦੀ ਯਾਨੀ ਲਗਪਗ 7,000 ਕਰੋੜ ਰੁਪਏ ਦਾ ਵਾਧਾ ਹੋਇਆ ਹੈ ਅਤੇ ਇਹ ਹੁਣ 82,000 ਕਰੋੜ ਰੁਪਏ ਤੋਂ ਵੱਧ ਹੋ ਗਈ ਹੈ। ਗਡਕਰੀ ਨੇ ਕਿਹਾ ਕਿ ਅਜੇ ਜਿਨ੍ਹਾਂ ਬਿਨਾਂ ਰੁਕਾਵਟ ਵਾਲੇ ਟੋਲ ਬੂਥਾਂ ਦੀ ਵਿਵਸਥਾ ਦਾ ਪਰੀਖਣ ਕੀਤਾ ਜਾ ਰਿਹਾ (ਬਾਕੀ ਸਫ਼ਾ 2 ’ਤੇ)



- **ਮਾਰਚ 2027 ਤੱਕ ਦੇਸ਼ ਦੇ ਸਾਰੇ ਕੌਮੀ ਰਾਜਮਾਰਗਾਂ ’ਤੇ ਬਿਨਾਂ ਰੁਕਾਵਟ ਕੰਮ ਕਰਨਗੇ ਟੋਲ ਬੂਥ: ਨਿਤਿਨ ਗਡਕਰੀ**

ਭਾਜਪਾ ਦੀ ਨਸ਼ਿਆਂ ਖ਼ਿਲਾਫ਼ 4,000 ਕਿਲੋਮੀਟਰ ‘ਯਾਤਰਾ’ ਕੱਢਣ ਦਾ ਐਲਾਨ

ਨਿਤਿਨ ਨਬੀਨ ਕਰਨਗੇ ਸ਼ੁਰੂਆਤ, ਅਮਿਤ ਸ਼ਾਹ ਕਰਨਗੇ ਸਮਾਪਤੀ



- **‘ਭਾਜਪਾ ਦਾ ਨਾਅਰਾ, ਨਸ਼ਾ ਮੁਕਾਉਣਾ ਸਾਰਾ’: 117 ਹਲਕਿਆਂ ਨੂੰ ਕਵਰ ਕਰੇਗੀ ਚਾਰ ਹਿੱਸਿਆਂ ਵਿੱਚ ਵੰਡੀ ਯਾਤਰਾ**

ਚੰਡੀਗੜ੍ਹ, 11 ਸਤੰਬਰ (ਪੈ.ਗਾਮ-ਏ-ਜਗਤ)

ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਪੰਜਾਬ ਇਕਾਈ ਨੇ ਸੂਬੇ ਵਿੱਚ ਨਸ਼ੇ ਵਿਰੁੱਧ ਵੱਡੀ ਮੁਹਿੰਮ ਦਾ ਆਗਾਜ਼ ਕਰਦਿਆਂ 18 ਸਤੰਬਰ ਤੋਂ ਚਾਰ ਰਾਜ-ਪੱਧਰੀ “ਨਸ਼ਾ ਮੁਕਤ ਪੰਜਾਬ ਯਾਤਰਾਵਾਂ” ਕੱਢਣ ਦਾ ਐਲਾਨ ਕੀਤਾ ਹੈ। “ਭਾਜਪਾ ਦਾ ਨਾਅਰਾ, ਨਸ਼ਾ ਮੁਕਾਉਣਾ ਸਾਰਾ”ਦੇ ਨਾਅਰੇ ਹੇਠ ਕੱਢੀ ਜਾਣ ਵਾਲੀ ਇਹ ਯਾਤਰਾ ਪੰਜਾਬ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਨੂੰ ਕਵਰ ਕਰੇਗੀ ਅਤੇ ਕੁੱਲ 4,000 ਕਿਲੋਮੀਟਰ ਦਾ ਸਫ਼ਰ ਤੈਅ ਕਰੇਗੀ।

ਚੰਡੀਗੜ੍ਹ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਸੂਬਾ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਰਾਸ਼ਟਰੀ ਮੀਤ ਪ੍ਰਧਾਨ ਮਨਪ੍ਰੀਤ ਸਿੰਘ ਬਾਦਲ, ਸਾਬਕਾ ਸੂਬਾ ਪ੍ਰਧਾਨ ਸੁਨੀਲ ਜਾਖੜ ਅਤੇ ਅਸ਼ਵਨੀ ਸ਼ਰਮਾ ਸਮੇਤ ਹੋਰ ਸੀਨੀਅਰ ਆਗੂਆਂ ਦੀ ਮੌਜੂਦਗੀ ਵਿੱਚ ਇਹ ਐਲਾਨ ਕੀਤਾ। ਢਿੱਲੋਂ ਨੇ ਆਮ ਆਦਮੀ ਪਾਰਟੀ (ਆਪ) ਦੀ ਸਰਕਾਰ ’ਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਸਰਕਾਰ ਨਸ਼ਾ ਰੋਕਣ ਵਿੱਚ ਅਸਫ਼ਲ ਰਹੀ ਹੈ ਅਤੇ ਸਵਾਲ ਪੁੱਛਣ ਵਾਲਿਆਂ ਨੂੰ ਪਰੇਸ਼ਾਨ ਕਰਕੇ ਤਾਨਾਸ਼ਾਹੀ ਵਾਲਾ ਰਵੱਈਆ ਅਪਨਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਯਾਤਰਾਵਾਂ ਸਿਰਫ਼ ਨਸ਼ਿਆਂ ਖ਼ਿਲਾਫ਼ ਹੀ ਨਹੀਂ, ਸਗੋਂ ਕਾਨੂੰਨ ਵਿਵਸਥਾ ਦੇ ਵਿਗੜ ਰਹੇ ਹਾਲਾਤ ਅਤੇ ਤਹਿਸੀਲਾਂ ਤੋਂ ਲੈ ਕੇ ਮੁੱਖ ਮੰਤਰੀ ਦਫ਼ਤਰ ਤੱਕ ਫੈਲੇ ਭ੍ਰਿਸ਼ਟਾਚਾਰ ਵਿਰੁੱਧ ਵੀ ਹੋਣਗੀਆਂ।

ਪ੍ਰੋਗਰਾਮ ਤਹਿਤ, ਭਾਜਪਾ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ 18 ਸਤੰਬਰ ਨੂੰ ਪਠਾਨਕੋਟ ਦੇ ਮਾਧੋਪੁਰ ਤੋਂ ਪਹਿਲੀ ਯਾਤਰਾ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਨਗੇ। ਦੂਜੀ ਯਾਤਰਾ 19 ਸਤੰਬਰ ਨੂੰ ਫਤਹਿਗੜ੍ਹ ਸਾਹਿਬ ਤੋਂ, ਤੀਜੀ ਯਾਤਰਾ 20 ਸਤੰਬਰ ਨੂੰ ਫਾਜ਼ਿਲਕਾ ਦੇ ਸਾਦਿਕੀ ਸਰਹੱਦ ਤੋਂ ਅਤੇ ਚੌਥੀ ਯਾਤਰਾ 21 ਸਤੰਬਰ ਨੂੰ ਤਲਵੰਡੀ ਸਾਬੋ ਤੋਂ ਸ਼ੁਰੂ ਹੋਵੇਗੀ। ਵੱਖ-ਵੱਖ ਹਲਕਿਆਂ ਵਿੱਚੋਂ ਹੁੰਦੀਆਂ ਹੋਈਆਂ ਇਹ ਯਾਤਰਾਵਾਂ 30 ਸਤੰਬਰ ਨੂੰ ਜਲੰਧਰ ਵਿਖੇ ਸੰਪੰਨ ਹੋਣਗੀਆਂ, ਜਿੱਥੇ ਸਮਾਪਤੀ ਸਮਾਗਮ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਸੰਬੋਧਨ ਕਰਨਗੇ।

ਭਾਜਪਾ ਦੇ ਰਾਸ਼ਟਰੀ ਮੀਤ ਪ੍ਰਧਾਨ ਮਨਪ੍ਰੀਤ ਸਿੰਘ ਬਾਦਲ ਨੇ ਕਿਹਾ ਹੈ ਕਿ ਨਸ਼ੇ ਵਿਰੁੱਧ ਜੰਗ ਸਿਰਫ਼ ਨਸ਼ੇੜੀਆਂ ਅਤੇ ਤਸਕਰਾਂ ਵਿਰੁੱਧ ਐੱਫ.ਆਈ.ਆਰ. ਦਰਜ ਕਰਨ ਨਾਲ ਨਹੀਂ ਜਿੱਤੀ ਜਾ ਸਕਦੀ, ਸਗੋਂ ਇਸ ਦਾ ਮੁੱਖ ਧਿਆਨ ਮੁੜ-ਵਸੇਬਾ ’ਤੇ ਹੋਣਾ ਚਾਹੀਦਾ ਹੈ। (ਬਾਕੀ ਸਫ਼ਾ 2 ’ਤੇ)

ਹਰਿਆਣਾ ਦੇ ਸਾਬਕਾ ਮੰਤਰੀ ਦੇ ਪੁੱਤਰ ਨੇ ਰੋਪੜ ਸਥਿਤ ਆਪਣੇ ਫਾਰਮ ਹਾਊਸ ’ਤੇ ਕੀਤੀ ‘ਖੁਦਕੁਸ਼ੀ’

- **ਚੰਡੀਗੜ੍ਹ ’ਚ ਫਾਰਮ ਹਾਊਸ ’ਚ ਆਪਣੇ ਆਪ ਨੂੰ ਮਾਰੀ ਗੋਲੀ**



ਚੰਡੀਗੜ੍ਹ, 11 ਸਤੰਬਰ (ਪੈ.ਗਾਮ-ਏ-ਜਗਤ)

ਹਰਿਆਣਾ ਦੇ ਰਾਜਨੀਤਿਕ ਤੇ ਸਮਾਜਿਕ ਹਲਕਿਆਂ ਤੋਂ ਇਕ ਬਹੁਤ ਹੀ ਦੁਖਦਾਈ ਤੇ ਹੈਰਾਨ ਕਰਨ ਵਾਲੀ ਖ਼ਬਰ ਸਾਹਮਣੇ ਆਈ ਹੈ। ਕੁਰੂਕਸ਼ੇਤਰ ਜ਼ਿਲ੍ਹੇ ਦੇ ਪਿਹੋਵਾ ਹਲਕੇ ਤੋਂ ਚਾਰ ਵਾਰ ਵਿਧਾਇਕ ਰਹੇ ਸਵਰਗੀ ਜਸਵਿੰਦਰ ਸਿੰਘ ਸੰਧੂ ਦੇ ਪੁੱਤਰ ਤੇ ਸਾਬਕਾ ਖੇਤੀਬਾੜੀ ਮੰਤਰੀ ਗਗਨਜੋਤ ਸੰਧੂ ਨੇ ਸ਼ੁੱਕਰਵਾਰ ਨੂੰ ਸ਼ੱਕੀ ਹਾਲਾਤ ਵਿਚ ਸੁਸਾਇਡ ਕਰ ਲਿਆ।

ਗਗਨਜੋਤ ਨੇ ਚੰਡੀਗੜ੍ਹ ਵਿਚ ਆਪਣੇ ਫਾਰਮ ਹਾਊਸ ’ਤੇ ਆਪਣੇ ਆਪ ਨੂੰ ਗੋਲੀ ਮਾਰ ਲਈ। ਘਟਨਾ ਦੀ ਜਾਣਕਾਰੀ ਮਿਲਦੇ ਹੀ ਚੰਡੀਗੜ੍ਹ ਪੁਲਿਸ ਅਤੇ ਫੋਰੈਂਸਿਕ ਮਾਹਿਰਾਂ ਦੀ ਇਕ ਟੀਮ ਤੁਰੰਤ ਮੌਕੇ ’ਤੇ ਪਹੁੰਚ ਗਈ ਤੇ ਜਾਂਚ ਸ਼ੁਰੂ ਕਰ ਦਿੱਤੀ ਹੈ।

ਹਾਲਾਂਕਿ, ਘਟਨਾ ਸਥਾਨ ’ਤੇ ਕੋਈ ਸੁਸਾਈਡ ਨੋਟ ਮਿਲਿਆ ਹੈ ਜਾਂ ਨਹੀਂ ਅਤੇ ਗਗਨਜੋਤ ਦੇ ਇਹ ਖੌਫਨਾਕ ਕਦਮ ਕਿਉਂ ਚੁੱਕਿਆ ਇਸ ਦੇ ਕਾਰਨਾਂ ਦਾ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ।

ਪਰਿਵਾਰਕ ਸੂਤਰਾਂ ਅਤੇ ਚਸ਼ਮਦੀਦਾਂ ਦੇ ਅਨੁਸਾਰ ਗਗਨਜੋਤ ਸੰਧੂ ਸ਼ੁੱਕਰਵਾਰ ਸਵੇਰੇ ਆਪਣੇ ਗ੍ਰਹਿ ਜ਼ਿਲ੍ਹੇ ਕੁਰੂਕਸ਼ੇਤਰ ਤੋਂ ਚੰਡੀਗੜ੍ਹ ਲਈ ਰਵਾਨਾ ਹੋਏ ਸਨ। ਚੰਡੀਗੜ੍ਹ ਪਹੁੰਚਣ ਤੋਂ ਬਾਅਦ, ਉਹ ਆਪਣੇ ਫਾਰਮ ਹਾਊਸ ’ਤੇ ਰੁਕਏ ਹੋਏ ਸਨ, ਜਿੱਥੇ ਦੁਪਹਿਰ ਵੇਲੇ ਅਚਾਨਕ ਗੋਲੀ ਚੱਲਣ ਦੀ ਆਵਾਜ਼ ਨੇ ਇਲਾਕੇ ਵਿਚ ਦਹਿਸ਼ਤ ਪੈਦਾ ਕਰ ਦਿੱਤੀ। ਜਦੋਂ ਤੱਕ ਰਾਹਗੀਰ ਪਹੁੰਚੇ, ਗਗਨਜੋਤ ਖੂਨ ਨਾਲ ਲੱਥਪੱਥ ਪਿਆ ਸੀ। ਪੁਲਿਸ ਨੂੰ (ਬਾਕੀ ਸਫ਼ਾ 2 ’ਤੇ)

ਪੁਰਸ਼ ਜੂਨੀਅਰ ਏਸ਼ੀਆ ਕੱਪ 2026

ਭਾਰਤ ਨੇ ਮਲੇਸ਼ੀਆ ਨੂੰ 3-1 ਨਾਲ ਹਰਾ ਕੇ ਫਾਈਨਲ ’ਚ ਬਣਾਈ ਥਾਂ

- **ਕਪਤਾਨ ਅਨਮੋਲ ਅਤੇ ਗੋਲਕੀਪਰ ਵਿਵੇਕ ਦੇ ਸ਼ਾਨਦਾਰ ਪ੍ਰਦਰਸ਼ਨ ਸਦਕਾ ਭਾਰਤ ਖ਼ਿਤਾਬੀ ਮੁਕਾਬਲੇ ਤੋਂ ਸਿਰਫ਼ ਇੱਕ ਕਦਮ ਦੂਰ**


ਮੋਕੀ (ਚੀਨ), 11 ਸਤੰਬਰ (ਪੈ.ਗਾਮ-ਏ-ਜਗਤ)

ਭਾਰਤੀ ਜੂਨੀਅਰ ਪੁਰਸ਼ ਹਾਕੀ ਟੀਮ ਨੇ ਸ਼ੁੱਕਰਵਾਰ ਨੂੰ ਪਹਿਲੇ ਸੈਮੀਫਾਈਨਲ ਵਿੱਚ ਮਲੇਸ਼ੀਆ ਨੂੰ 3-1 ਨਾਲ ਹਰਾ ਕੇ ਏ.ਐੱਚ.ਐੱਫ. ਜੂਨੀਅਰ ਏਸ਼ੀਆ ਕੱਪ 2026 ਦੇ ਫ਼ਾਈਨਲ ਵਿੱਚ ਪ੍ਰਵੇਸ਼ ਕਰ ਲਿਆ ਹੈ। ਡਿਫੈਂਡਿੰਗ ਚੈਂਪੀਅਨ ਭਾਰਤ ਹੁਣ ਲਗਾਤਾਰ ਚੌਥਾ ਅਤੇ ਕੁੱਲ ਛੇਵਾਂ ਖਿਤਾਬ ਜਿੱਤਣ ਤੋਂ ਸਿਰਫ਼ ਇੱਕ ਕਦਮ ਦੂਰ ਹੈ।



ਕਪਤਾਨ ਅਤੇ ਡਰੈਗ-ਫਲਿੱਕਰ ਅਨਮੋਲ ਏਕਾ ਨੇ ਮੈਚ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪੈਨਲਟੀ ਕਾਰਨਰ ਰਾਹੀਂ ਦੋ ਗੋਲ ਕੀਤੇ, ਜਿਸ ਨਾਲ ਟੂਰਨਾਮੈਂਟ ਵਿੱਚ ਉਨ੍ਹਾਂ ਦੇ ਗੋਲਾਂ ਦੀ ਗਿਣਤੀ 16 ਹੋ ਗਈ ਹੈ। ਇਸ ਤੋਂ ਇਲਾਵਾ ਸੁਖਵਿੰਦਰ ਨੇ ਇੱਕ ਹੋਰ ਗੋਲ ਕਰਕੇ ਟੀਮ ਦੀ ਲੀਡ ਮਜ਼ਬੂਤ ਕੀਤੀ। ਗੋਲਕੀਪਰ ਅਤੇ ‘ਪਲੇਅਰ ਆਫ਼ ਦਿ ਮੈਚ’ ਰਹੇ ਵਿਵੇਕ ਲਾਕੜਾ ਨੇ ਕਈ ਸ਼ਾਨਦਾਰ ਬਚਾਅ ਕੀਤੇ, ਜਿਸ ਵਿੱਚ ਇੱਕ ਅਹਿਮ ਪੈਨਲਟੀ ਸਟ੍ਰੋਕ ਨੂੰ ਰੋਕਣਾ ਵੀ ਸ਼ਾਮਲ ਹੈ।

ਪਹਿਲਾ ਕੁਆਰਟਰ ਗੋਲ ਰਹਿਤ ਰਹਿਣ ਤੋਂ ਬਾਅਦ, ਭਾਰਤ ਨੇ 16ਵੇਂ ਮਿੰਟ ਵਿੱਚ ਪੈਨਲਟੀ ਕਾਰਨਰ ਜ਼ਰੀਏ ਖਾਤਾ ਖੋਲ੍ਹਿਆ। ਮੈਚ ਦੇ ਆਖ਼ਰੀ ਪਲਾਂ ਵਿੱਚ ਮਲੇਸ਼ੀਆ ਨੇ ਪੈਨਲਟੀ ਕਾਰਨਰ ਰਾਹੀਂ ਆਪਣਾ ਪਹਿਲਾ ਅਤੇ ਇਕਲੌਤਾ ਗੋਲ ਕੀਤਾ, ਪਰ ਉਦੋਂ ਤੱਕ ਭਾਰਤ ਮੈਚ ਵਿੱਚ ਪੂਰੀ ਤਰ੍ਹਾਂ ਮਜ਼ਬੂਤ ਸਥਿਤੀ ਵਿੱਚ ਪਹੁੰਚ ਚੁੱਕਾ ਸੀ। ਫ਼ਾਈਨਲ ਵਿੱਚ ਭਾਰਤੀ ਟੀਮ ਦਾ ਮੁਕਾਬਲਾ ਪਾਕਿਸਤਾਨ ਅਤੇ ਦੱਖਣੀ ਕੋਰੀਆ ਵਿਚਾਲੇ ਹੋਣ ਵਾਲੇ ਦੂਜੇ ਸੈਮੀਫਾਈਨਲ ਦੇ ਜੇਤੂ ਨਾਲ ਹੋਵੇਗਾ।



ਹੜ੍ਹ ਨੇ ਮਚਾਈ ਤਬਾਹੀ 15 ਜ਼ਿਲ੍ਹਿਆਂ ਦੇ 47 ਲੱਖ ਲੋਕ ਪ੍ਰਭਾਵਿਤ

ਸਰਕਾਰ ਨੇ ਰਾਹਤ ਤੇ ਬਚਾਅ ਕਾਰਜ ਕੀਤੇ ਤੇਜ਼

ਪਟਨਾ, 11 ਸਤੰਬਰ (ਪੈ.ਗਾਮ-ਏ-ਜਗਤ)

ਬਿਹਾਰ ’ਚ ਹੜ੍ਹ ਦਾ ਦਾਇਰਾ ਲਗਾਤਾਰ ਵਧਦਾ ਜਾ ਰਿਹਾ ਹੈ ਤੇ ਪ੍ਰਭਾਵਿਤ ਲੋਕਾਂ ਦੀ ਗਿਣਤੀ 47 ਲੱਖ ਤੋਂ ਪਾਰ ਪਹੁੰਚ ਗਈ ਹੈ। ਸੂਬੇ ਦੇ 15 ਜ਼ਿਲ੍ਹਿਆਂ ਦੇ 88 ਪ੍ਰਖੰਡਾਂ ਤੇ 561 ਪੰਚਾਇਤਾਂ ’ਚ 47 ਲੱਖ ਲੋਕ ਹੜ੍ਹ ਤੋਂ ਪ੍ਰਭਾਵਿਤ ਹੋਏ ਹਨ। ਇਸ ਦੌਰਾਨ ਪ੍ਰਭਾਵਿਤ ਇਲਾਕਿਆਂ ’ਚ ਰਾਹਤ ਤੇ ਬਚਾਅ ਕਾਰਜ ਤੇਜ਼ ਕਰਨ ਦੇ ਨਾਲ-ਨਾਲ ਅਨਾਜ, ਪਸ਼ੂਆਂ ਲਈ ਚਾਰਾ, ਦਵਾਈਆਂ ਤੇ ਹੋਰ ਜ਼ਰੂਰੀ ਸਮੱਗਰੀ ਦੀ ਉਪਲਬਧਤਾ ਯਕੀਨੀ ਬਣਾਉਣ ਦੀ ਚੁਣੌਤੀ ਵੀ ਵਧਦੀ ਜਾ ਰਹੀ ਹੈ। ਗੰਗਾ, ਗੰਡਕ, ਕੋਸੀ ਤੇ ਸੋਨ ਦਰਿਆਵਾਂ ਕਾਰਨ ਲੋਕਾਂ ਦੀਆਂ ਮੁਸ਼ਕਲਾਂ ਬਰਕਰਾਰ ਹਨ।

ਹੜ੍ਹ ਪ੍ਰਭਾਵਿਤ ਲੋਕਾਂ ਲਈ ਸਮੁਦਾਇਕ ਰਸੋਈਆਂ ਦੀ ਗਿਣਤੀ ਵਧਾ ਕੇ 1194 ਕਰ ਦਿੱਤੀ ਗਈ ਹੈ। ਇਨ੍ਹਾਂ ਰਸੋਈਆਂ ਰਾਹੀਂ ਕਰੀਬ 52 ਲੱਖ ਲੋਕਾਂ ਨੂੰ ਦਿਨ ’ਚ ਦੋ ਵਾਰ ਭੋਜਨ ਮੁਹੱਈਆ ਕਰਵਾਇਆ ਜਾ ਰਿਹਾ ਹੈ। (ਬਾਕੀ ਸਫ਼ਾ 2 ’ਤੇ)



ਅਜਨਾਲਾ ਨੇੜੇ ਮੋਟਰਸਾਈਕਲ ਸਵਾਰਾਂ ਨੇ ਏ.ਐਸ.ਆਈ ਨੂੰ ਮਾਰੀ ਗੋਲੀ

ਅੰਮ੍ਰਿਤਸਰ, 11 ਸਤੰਬਰ (ਪੈ.ਗਾਮ-ਏ-ਜਗਤ)

ਅਜਨਾਲਾ ਇਲਾਕੇ ਦੇ ਭੱਲਾ ਪਿੰਡ ਨੇੜੇ ਸ਼ੁੱਕਰਵਾਰ ਦੇਰ ਸ਼ਾਮ ਇੱਕ ਮੋਟਰਸਾਈਕਲ ’ਤੇ ਸਵਾਰ ਦੋ ਨੌਜਵਾਨਾਂ ਨੇ ਅੰਮ੍ਰਿਤਸਰ ਕਮਿਸ਼ਨਰੇਟ ਪੁਲੀਸ ਦੇ ਇੱਕ ਸਹਾਇਕ ਸਬ-ਇੰਸਪੈਕਟਰ ਨੂੰ ਗੋਲੀ ਮਾਰ ਕੇ ਜ਼ਖ਼ਮੀ ਕਰ ਦਿੱਤਾ।

- **ਗੋਲੀ ਸਿਰ ਨੂੰ ਛੂਹ ਕੇ ਨਿਕਲਣ ਕਾਰਨ ਮਾਮੂਲੀ ਸੱਟਾਂ ਲੱਗੀਆਂ**

ਪੀੜਤ ਏ ਐੱਸ ਆਈ ਜਸਵੰਤ ਸਿੰਘ ਨੂੰ ਮਾਮੂਲੀ ਸੱਟਾਂ ਲੱਗੀਆਂ ਕਿਉਂਕਿ ਗੋਲੀ ਉਸ ਦੀ ਪੱਗ ਨੂੰ ਚੀਰਦੀ ਹੋਈ ਉਸ ਦੇ ਸਿਰ ਨੂੰ ਛੂਹ ਕੇ ਨਿਕਲ ਗਈ। ਹਮਲਾਵਰ ਹਮਲੇ ਤੋਂ ਤੁਰੰਤ ਬਾਅਦ ਫਰਾਰ ਹੋ ਗਏ। ਜਾਣਕਾਰੀ ਅਨੁਸਾਰ ਜਸਵੰਤ ਸਿੰਘ ਆਪਣੀ ਡਿਊਟੀ ਪੂਰੀ ਕਰਨ ਤੋਂ ਬਾਅਦ ਅਜਨਾਲਾ ਵੱਲ ਪਰਤ ਰਿਹਾ ਸੀ ਜਦੋਂ ਦੋ ਸ਼ੱਕੀਆਂ ਨੇ ਕਥਿਤ ਤੌਰ ’ਤੇ ਮੋਟਰਸਾਈਕਲ ’ਤੇ ਉਸ ਦਾ ਪਿੱਛਾ ਕਰਨਾ ਸ਼ੁਰੂ ਕਰ ਦਿੱਤਾ। ਜਦੋਂ ਉਹ ਭੱਲਾ ਪਿੰਡ ਨੇੜੇ ਇੱਕ ਸੁੰਨਸਾਨ ਇਲਾਕੇ ਵਿੱਚ ਪਹੁੰਚਿਆ ਤਾਂ ਉਨ੍ਹਾਂ ਨੇ ਉਸ ’ਤੇ ਗੋਲੀ ਚਲਾ ਦਿੱਤੀ। ਗੋਲੀ ਉਸ ਦੇ ਸਿਰ ਦੇ ਕੋਲੋਂ ਲੰਘਣ ਤੋਂ ਪਹਿਲਾਂ ਉਸ ਦੀ ਪੱਗ ਨੂੰ ਚੀਰਦੀ ਹੋਈ ਨਿਕਲ ਗਈ। ਮਾਮੂਲੀ ਸੱਟ ਲੱਗਣ ਤੋਂ ਬਾਅਦ ਏ ਐੱਸ ਆਈ ਸੜਕ ’ਤੇ ਡਿੱਗ ਪਿਆ। ਬਾਅਦ ਵਿੱਚ ਉਸ ਨੇ ਰਾਹਗੀਰਾਂ ਤੋਂ ਮਦਦ ਮੰਗੀ, ਜਿਨ੍ਹਾਂ ਨੇ ਪੁਲੀਸ ਨੂੰ ਸੂਚਨਾ ਦਿੱਤੀ। ਉਸ ਨੂੰ ਇਲਾਜ ਲਈ ਇੱਕ ਨਿੱਜੀ ਹਸਪਤਾਲ ਵਿੱਚ ਲਿਜਾਇਆ ਗਿਆ। ਘਟਨਾ ਦੀ ਸੂਚਨਾ ਮਿਲਦਿਆਂ ਹੀ ਸੀਨੀਅਰ ਪੁਲੀਸ ਅਧਿਕਾਰੀ ਮੌਕੇ ’ਤੇ ਪਹੁੰਚ ਗਏ ਅਤੇ ਜਾਂਚ ਸ਼ੁਰੂ ਕਰ ਦਿੱਤੀ। ਜਾਂਚ ਜਾਰੀ ਹੋਣ ਦੌਰਾਨ ਇੱਕ ਸੀਨੀਅਰ ਪੁਲੀਸ ਅਧਿਕਾਰੀ ਨੇ ਇਸ ਘਟਨਾ ਦੀ ਪੁਸ਼ਟੀ ਕੀਤੀ ਹੈ।

92 ਸਿੱਖ ਸ਼ਰਧਾਲੂਆਂ ਦਾ ਜੱਥਾ ਭਾਰਤ ਆਉਣ ਵਾਲੀ ਉਡਾਣ ਚੜ੍ਹਨ ਤੋਂ ਰੋਕਿਆ

- **ਜਥੇ ਨੂੰ ਐਨ.ਓ.ਸੀ. (ਕੋਈ ਇਤਰਾਜ਼ ਨਹੀਂ ਸਰਟੀਫਿਕੇਟ) ਦੀ ਉਪਲਬਧ ਨਾ ਹੋਣ ਦਾ ਹਵਾਲਾ ਦਿੱਤਾ**



ਅੰਮ੍ਰਿਤਸਰ, 11 ਸਤੰਬਰ (ਪੈ.ਗਾਮ-ਏ-ਜਗਤ)

ਬੀਤੀ ਰਾਤ 2:10 ਵਜੇ ਫ਼ੈਸਲਾਬਾਦ ਹਵਾਈ ਅੱਡੇ ’ਤੇ 92 ਪਾਕਿਸਤਾਨੀ ਸਿੱਖ ਸ਼ਰਧਾਲੂਆਂ ਦੇ ਇੱਕ ਜਥੇ ਨੂੰ ਐਨ.ਓ.ਸੀ. (ਕੋਈ ਇਤਰਾਜ਼ ਨਹੀਂ ਸਰਟੀਫਿਕੇਟ) ਦੀ ਉਪਲਬਧ ਨਾ ਹੋਣ ਦਾ ਹਵਾਲਾ ਦਿੰਦੇ ਹੋਏ ਖਾੜੀ (ਗਲਫ) ਦੇ ਰਸਤੇ ਭਾਰਤ ਦੀ ਤੀਰਥ ਯਾਤਰਾ ਲਈ ਉਡਾਣ ਵਿੱਚ ਸਵਾਰ ਹੋਣ ਦੀ ਇਜਾਜ਼ਤ ਨਹੀਂ ਦਿੱਤੀ ਗਈ।

ਭਾਰਤ ਵਿੱਚ ਇਤਿਹਾਸਕ ਗੁਰਦੁਆਰਿਆਂ ਦੇ ਦਰਸ਼ਨ ਕਰਨ ਲਈ ਸ਼ਾਰਜਾਹ ਜਾਣ ਵਾਲੀ ਉਡਾਣ ਫੜਨ ਲਈ ਬੀਤੀ ਦੇਰ ਰਾਤ ਪਾਕਿਸਤਾਨ ਦੇ ਫ਼ੈਸਲਾਬਾਦ ਹਵਾਈ ਅੱਡੇ ’ਤੇ ਇਕੱਠੇ ਹੋਏ ਸਿੱਖ ਸ਼ਰਧਾਲੂਆਂ ਨੂੰ ਉਡਾਣ ਵਿੱਚ ਸਵਾਰ ਨਾ ਹੋਣ ਕਾਰਨ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਨੇ ਆਖਰਕਾਰ ਉੱਤਰਾਖੰਡ ਵਿੱਚ ਗੁਰਦੁਆਰਾ ਹੇਮਕੁੰਟ ਸਾਹਿਬ ਵਿਖੇ ਮੱਥਾ ਟੇਕਣਾ ਸੀ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (ਡੀ.ਐਸ.ਜੀ.ਐਮ.ਸੀ.) ਦੇ ਯਾਤਰਾ ਵਿਭਾਗ ਦੇ ਚੇਅਰਮੈਨ ਪਰਮਜੀਤ ਸਿੰਘ ਚੰਡੋਕ ਨੂੰ ਫ਼ੋਨ ’ਤੇ ਸਾਰੀ ਗੱਲਬਾਤ ਸੁਣਾਉਂਦਿਆਂ ਜਥੇ ਦੇ ਆਗੂ ਪਪਿੰਦਰ ਸਿੰਘ ਨੇ ਕਿਹਾ ਕਿ ਇਮੀਗ੍ਰੇਸ਼ਨ ਅਤੇ ਪਾਸਪੋਰਟ ਦੇ ਡਾਇਰੈਕਟੋਰੇਟ ਜਨਰਲ ਵੱਲੋਂ ਪੁਸ਼ਟੀ ਕੀਤੇ ਅਨੁਸਾਰ ਪਾਕਿਸਤਾਨੀ ਪਾਸਪੋਰਟ ਲਈ ਐਨ.ਓ.ਸੀ. ਸਿਰਫ਼ ਸਰਕਾਰੀ, ਅਧਿ ਸਰਕਾਰੀ ਜਾਂ ਖ਼ੁਦਮੁਖਤਿਆਰ ਸੰਸਥਾਵਾਂ ਦੇ ਕਰਮਚਾਰੀਆਂ ਲਈ ਹੀ ਲੋੜੀਂਦਾ ਹੈ। ਚੰਡੋਕ ਨੇ ਕਿਹਾ ਕਿ ਆਮ ਨਾਗਰਿਕਾਂ ਨੂੰ ਪਾਸਪੋਰਟ ਬਣਾਉਣ ਜਾਂ ਨਵਿਆਉਣ ਲਈ ਕਿਸੇ ਐਨ.ਓ.ਸੀ. ਦੀ ਲੋੜ ਨਹੀਂ ਹੁੰਦੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਕੋਲ (ਬਾਕੀ ਸਫ਼ਾ 2 ’ਤੇ)

ਬਹਿਬਲ ਕਲਾਂ ਗੋਲੀ ਕਾਂਡ ਮਾਮਲਾ

ਸੁਖਬੀਰ ਬਾਦਲ ਐਸਆਈਟੀ ਅੱਗੇ ਨਹੀਂ ਹੋਏ ਪੇਸ਼; 30 ਸਤੰਬਰ ਤੱਕ ਦਾ ਮੰਗਿਆ ਸਮਾਂ



ਚੰਡੀਗੜ੍ਹ, 11 ਸਤੰਬਰ (ਪੈ.ਗਾਮ-ਏ-ਜਗਤ)

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਾਲ 2015 ਦੇ ਬਹਿਬਲ ਕਲਾਂ ਗੋਲੀ ਕਾਂਡ ਦੀ ਜਾਂਚ ਕਰ ਰਹੀ ਵਿਸ਼ੇਸ਼ ਜਾਂਚ ਟੀਮ ਅੱਗੇ ਪੇਸ਼ ਨਹੀਂ ਹੋਏ। ਬਾਦਲ ਨੂੰ ਸੈਕਟਰ-32 ਸਥਿਤ ਪੰਜਾਬ ਪੁਲੀਸ ਆਫ਼ੀਸਰਜ਼ ਇੰਸਟੀਚਿਊਟ ਵਿਖੇ ਐੱਸ ਆਈ ਟੀ ਸਾਹਮਣੇ ਪੇਸ਼ ਹੋਣ ਲਈ ਸੰਮਨ ਭੇਜੇ ਗਏ ਸਨ।

ਹਾਲਾਂਕਿ, ਉਨ੍ਹਾਂ ਵੱਲੋਂ ਪਰਮਬੰਸ ਸਿੰਘ ਰੋਮਾਨਾ ਅਤੇ ਐਡਵੋਕੇਟ ਅਰਸ਼ਦੀਪ ਸਿੰਘ ਕਲੇਰ ਸਵੇਰੇ 11 ਵਜੇ ਦੇ ਕਰੀਬ ਐੱਸ ਆਈ ਟੀ ਅਧਿਕਾਰੀਆਂ ਨੂੰ ਮਿਲੇ। ਇੱਕ ਲਿਖਤੀ ਬੇਨਤੀ ਵਿੱਚ ਸੁਖਬੀਰ ਸਿੰਘ ਬਾਦਲ ਨੇ ਐੱਸ ਆਈ ਟੀ ਅੱਗੇ ਪੇਸ਼ ਨਾ ਹੋ ਸਕਣ ਦਾ ਕਾਰਨ ਆਪਣੀ ਖ਼ਰਾਬ ਸਿਹਤ ਦੱਸਿਆ। ਬਾਦਲ ਨੇ (ਬਾਕੀ ਸਫ਼ਾ 2 ’ਤੇ)

ਰੱਬ ਤੋਂ ਬਾਅਦ ਮਰੀਜ਼ਾਂ ਲਈ ਨਵੀਂ ਜ਼ਿੰਦਗੀ ਦੇਣ ਵਾਲਾ ਡਾਕਟਰ ਹੀ ਸਭ ਤੋਂ ਵੱਡਾ ਸਹਾਰਾ: ਵਿਧਾਇਕ ਕੁਲਵੰਤ ਸਿੰਘ

ਆਟਿਜ਼ਮ ਸੈਂਟਰ ਦੀਆਂ ਲੋੜਾਂ ਪੂਰੀਆਂ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੋਲੋਂ ਹੋਰ ਫੰਡ ਲਿਆਉਣ ਦਾ ਭਰੋਸਾ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 11 ਸਤੰਬਰ (ਪੈਗਾਮ-ਏ-ਜਗਤ)

ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਆਟਿਜ਼ਮ ਸੈਂਟਰ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਕੋਲੋਂ ਹੋਰ ਲੋੜੀਂਦੀ ਸਹਾਇਤਾ ਲਿਆਂਦੀ ਜਾਵੇਗੀ ਅਤੇ ਸੈਂਟਰ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।



ਵਿਧਾਇਕ ਕੁਲਵੰਤ ਸਿੰਘ ਅੱਜ ਸੈਕਟਰ-79 ਸਥਿਤ ਆਟਿਜ਼ਮ ਸੈਂਟਰ ਵਿਖੇ ਡਾਕਟਰਾਂ ਦੀ ਟੀਮ ਨਾਲ ਪ੍ਰੈਸ ਕਾਨਫਰੰਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਹ ਸੈਂਟਰ ਦੇਸ਼ ਵਿੱਚ ਆਪਣੀ ਕਿਸਮ ਦਾ ਵਿਲੱਖਣ ਉਪਰਾਲਾ ਹੈ, ਜਿੱਥੇ ਆਟਿਜ਼ਮ ਪ੍ਰਭਾਵਿਤ ਬੱਚਿਆਂ ਨੂੰ ਲੋੜੀਂਦੀਆਂ ਇਲਾਜ ਅਤੇ ਥੈਰੇਪੀ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਸੈਂਟਰ ਵਿੱਚ ਲੜਕਿਆਂ ਲਈ 6 ਅਤੇ ਲੜਕੀਆਂ ਲਈ 6 ਕਮਰੇ ਤਿਆਰ ਕੀਤੇ ਗਏ ਹਨ। ਇਸ ਤੋਂ ਇਲਾਵਾ ਆਉਣ ਵਾਲੇ ਸਮੇਂ ਵਿੱਚ ਬੱਚਿਆਂ ਦੇ ਮਾਪਿਆਂ ਲਈ ਵੀ ਇੱਥੇ ਰਹਿਣ ਦੀ ਸੁਵਿਧਾ ਮੁਹੱਈਆ ਕਰਵਾਉਣ ਦੀ ਯੋਜਨਾ ਬਣਾਈ ਜਾ ਰਹੀ ਹੈ। ਵਿਧਾਇਕ ਨੇ ਕਿਹਾ ਕਿ ਡਾਕਟਰੀ ਪੇਸ਼ਾ ਸੇਵਾ ਦਾ ਪੇਸ਼ਾ ਹੈ ਅਤੇ ਡਾਕਟਰ ਮਰੀਜ਼ਾਂ ਨੂੰ ਨਵੀਂ ਜ਼ਿੰਦਗੀ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਇਸ ਸੈਂਟਰ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਡਾ. ਪਰਮਿੰਦਰ ਸਿੰਘ, ਡਾਕਟਰ ਨਿਧੀ ਮਲਹੋਤਰਾ, ਡਾ. ਛਾਇਆ ਪ੍ਰਸ਼ਾਦ, ਡਾ. ਹਰਵਿੰਦਰ ਪਾਲ ਸਿੰਘ ਚੀਮਾ ਅਤੇ ਹੋਰ ਮੈਡੀਕਲ ਸਟਾਫ਼ ਵੱਲੋਂ ਨਿੱਜੀ ਦਿਲਚਸਪੀ ਨਾਲ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ।

ਉਨ੍ਹਾਂ ਡਾਕਟਰਾਂ ਅਤੇ ਸਮਾਜ ਸੇਵੀ ਸੰਸਥਾਵਾਂ ਦੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਰਿਆਂ ਵੱਲੋਂ ਮਿਲ ਕੇ ਇਸ ਸੈਂਟਰ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਇੱਕ ਮਿਸ਼ਨ ਵਜੋਂ ਕੰਮ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸੈਂਟਰ ਵੱਲੋਂ ਹੁਣ ਤੱਕ 240 ਬੱਚਿਆਂ ਨੂੰ ਇਲਾਜ ਅਤੇ ਥੈਰੇਪੀ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇੱਥੇ ਹੁਣ ਤੱਕ 3,000 ਤੋਂ ਵੱਧ ਥੈਰੇਪੀ ਸੈਸ਼ਨ ਹੋ ਚੁੱਕੇ ਹਨ ਅਤੇ ਰੋਜ਼ਾਨਾ ਲਗਭਗ 25 ਤੋਂ 30 ਪਰਿਵਾਰ ਸੈਂਟਰ ਵਿੱਚ ਪਹੁੰਚ ਰਹੇ ਹਨ।

ਵਿਧਾਇਕ ਕੁਲਵੰਤ ਸਿੰਘ ਨੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਸੈਂਟਰ ਵਿੱਚ ਇਲਾਜ ਅਧੀਨ ਬੱਚਿਆਂ ਨੂੰ ਜਲਦ ਤੋਂ ਜਲਦ ਤੰਦਰੁਸਤੀ ਮਿਲੇ ਅਤੇ ਡਾਕਟਰਾਂ ਦੀ ਟੀਮ ਨੂੰ ਉਨ੍ਹਾਂ ਦੀ ਸੇਵਾ ਅਤੇ ਇਲਾਜ ਲਈ ਤਾਕਤ ਅਤੇ ਹੌਸਲਾ ਬਖਸ਼ੇ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਕੰਪਨੀ ਜਨਤਾ ਲੈਂਡ ਪ੍ਰਮੋਟਰ ਪ੍ਰਾਈਵੇਟ ਲਿਮਟਿਡ ਵੱਲੋਂ ਇਸ ਸੈਂਟਰ ਲਈ ਪਹਿਲਾਂ ਹੀ ਇੱਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾ ਚੁੱਕੀ ਹੈ। ਉਨ੍ਹਾਂ ਮੁੜ ਭਰੋਸਾ ਦਿਵਾਇਆ ਕਿ ਸੈਂਟਰ ਦੀਆਂ ਹੋਰ ਲੋੜਾਂ ਨੂੰ ਪੂਰਾ ਕਰਨ ਲਈ ਪੰਜਾਬ ਸਰਕਾਰ ਤੋਂ ਲੋੜੀਂਦੀ ਵਿੱਤੀ ਸਹਾਇਤਾ ਲਿਆਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਇਸ ਮੌਕੇ ਡਾਕਟਰ ਪਰਮਿੰਦਰ ਸਿੰਘ, ਐਸ.ਐਮ.ਓ., ਡਾਕਟਰ ਨਵਦੀਪ ਸੈਣੀ, ਪ੍ਰਿੰਸੀਪਲ ਮੈਡੀਕਲ ਕਾਲਜ, ਡਾਕਟਰ ਨਿਧੀ ਮਲਹੋਤਰਾ, ਹੈੱਡ ਸਾਈਕਿਆਟ੍ਰਿਸਟ ਅਤੇ ਆਟਿਜ਼ਮ ਸੈਂਟਰ ਇੰਚਾਰਜ, ਡਾਕਟਰ ਛਾਇਆ ਪ੍ਰਸ਼ਾਦ, ਸੀਨੀਅਰ ਪੀਡੀਆਟ੍ਰੀਸ਼ਨ, ਮੋਹਾਲੀ ਨਗਰ ਨਿਗਮ ਦੇ ਡਿਪਟੀ ਮੇਅਰ ਹਰਪਾਲ ਸਿੰਘ ਚੰਨਾ, ਰਣਦੀਪ ਸਿੰਘ ਅਤੇ ਹਰਮੇਸ਼ ਸਿੰਘ ਕੁੰਬੜਾ ਵੀ ਹਾਜ਼ਰ ਸਨ।

ਵੈਟਨਰੀ ਯੂਨੀਵਰਸਿਟੀ 18 ਅਤੇ 19 ਸਤੰਬਰ ਨੂੰ ਕਰਵਾਏਗੀ 'ਪਸ਼ੂ ਪਾਲਣ ਮੇਲਾ'

ਲੁਧਿਆਣਾ 11 ਸਤੰਬਰ (ਪੈ.ਗਾਮ-ਏ-ਜਗਤ)

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਜ਼ ਯੂਨੀਵਰਸਿਟੀ, ਲੁਧਿਆਣਾ 18 ਅਤੇ 19 ਸਤੰਬਰ 2026 ਨੂੰ ਦੋ ਦਿਨਾ 'ਪਸ਼ੂ ਪਾਲਣ ਮੇਲਾ'ਕਰਵਾਏਗੀ।



ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ, ਵੈਟਨਰੀ ਯੂਨੀਵਰਸਿਟੀ ਨੇ ਕਿਹਾ ਕਿ ਮੇਲੇ ਲਈ ਅਸੀਂ ਹੋਰਨਾਂ ਸੂਬਿਆਂ ਦੇ ਕਿਸਾਨਾਂ ਨੂੰ ਵੀ ਸੱਦਾ ਦਿੰਦੇ ਹਾਂ ਉਨ੍ਹਾਂ ਕਿਹਾ ਕਿ ਇਸ ਵਾਰ ਦਾ ਮੇਲਾ ਜੈਵਿਕ ਸੁਰੱਖਿਆ ਦੀ ਜਾਗਰੂਕਤਾ ਨੂੰ ਸਮਰਪਿਤ ਹੋਵੇਗਾ ਇਸ ਲਈ ਮੇਲੇ ਦਾ ਨਾਅਰਾ ਰੱਖਿਆ ਗਿਆ ਹੈ 'ਮਜ਼ਬੂਤ ਜੈਵਿਕ ਸੁਰੱਖਿਆ, ਕਰੇ ਬਿਮਾਰੀਆਂ ਤੋਂ ਰੱਖਿਆ'। ਪਸ਼ੂ ਪਾਲਕਾਂ ਨੂੰ ਜੈਵਿਕ ਸੁਰੱਖਿਆ ਦੇ ਵਿਭਿੰਨ ਨੁਕਤਿਆ ਸੰਬੰਧੀ ਜਾਣਕਾਰੀ ਦਿੰਦੇ ਹੋਏ ਪਸ਼ੂ ਬਿਮਾਰੀਆਂ ਤੋਂ ਬਚਣ ਦੇ ਉਪਰਾਲੇ ਦੱਸੇ ਜਾਣਗੇ। ਉਨ੍ਹਾਂ ਜਾਣਕਾਰੀ ਦਿੱਤੀ ਕਿ ਵਿਗਿਆਨਕ ਢੰਗ ਨਾਲ ਪਸ਼ੂ ਪਾਲਣ ਨੂੰ ਅਪਨਾਉਣ ਅਤੇ ਉਤਸਾਹਿਤ ਕਰਨ ਵਾਲੇ ਕਿਸਾਨਾਂ ਨੂੰ ਤਿੰਨ ਸ਼੍ਰੇਣੀਆਂ ਦੇ 'ਮੁੱਖ ਮੰਤਰੀ ਪੁਰਸਕਾਰ' ਨਾਲ ਵੀ ਨਿਵਾਜਿਆ ਜਾਏਗਾ।

ਡਾ. ਰਵਿੰਦਰ ਸਿੰਘ ਗਰੇਵਾਲ, ਨਿਰਦੇਸ਼ਕ ਪਸਾਰ ਸਿੱਖਿਆ ਨੇ ਦੱਸਿਆ ਕਿ ਕਿਸਾਨਾਂ ਵੱਲੋਂ ਕੀਤੀ ਜਾ ਰਹੀ ਪੁੱਛਗਿਛ ਤੋਂ ਪਤਾ ਲਗਦਾ ਹੈ ਕਿ ਉਹ ਮੇਲਾ ਵੇਖਣ ਲਈ ਬਹੁਤ ਤਾਂਘਵਾਨ ਹਨ।

ਉਨ੍ਹਾਂ ਜਾਣਕਾਰੀ ਦਿੱਤੀ ਕਿ ਮੇਲੇ ਵਿਚ ਯੂਨੀਵਰਸਿਟੀ ਵੱਲੋਂ ਵੈਟਨਰੀ ਅਤੇ ਪਸ਼ੂ ਵਿਗਿਆਨ, ਡੇਅਰੀ, ਪੋਲਟਰੀ, ਫ਼ਿਸ਼ਰੀਜ਼ ਸੰਬੰਧੀ ਤਕਨੀਕਾਂ ਦਾ ਪ੍ਰਦਰਸ਼ਨ ਹੋਵੇਗਾ ਅਤੇ ਕਿਸਾਨ-ਵਿਗਿਆਨੀ ਤਕਨੀਕੀ ਲੈਕਚਰਾਂ ਦੇ ਮੰਚ 'ਤੇ ਇਕੱਠੇ ਹੋਣਗੇ।

ਸਵਾਲਾਂ ਜਵਾਬਾਂ ਦਾ ਸੈਸ਼ਨ ਵੀ ਆਯੋਜਿਤ ਕੀਤਾ ਜਾਵੇਗਾ। ਯੂਨੀਵਰਸਿਟੀ ਦੇ ਉਤਮ ਨਸਲ ਦੇ ਪਸ਼ੂ, ਮੱਝਾਂ, ਬੱਕਰੀਆਂ, ਮੱਛੀਆਂ ਅਤੇ ਮੁਰਗੀਆਂ ਦੀ ਪ੍ਰਦਰਸ਼ਨੀ ਲਗਾਈ ਜਾਵੇਗੀ। ਯੂਨੀਵਰਸਿਟੀ ਵੱਲੋਂ ਪ੍ਰਕਾਸ਼ਿਤ ਸੰਪੂਰਨ ਸਾਹਿਤ ਅਤੇ ਰਸਾਲਾ 'ਵਿਗਿਆਨਕ ਪਸ਼ੂ ਪਾਲਣ'ਵੀ ਉਪਲਬਧ ਹੋਵੇਗਾ। ਕਈ ਕਿਤਾਬਚੇ ਅਤੇ ਹੋਰ ਪ੍ਰਕਾਸ਼ਨਾਵਾਂ ਲੋਕ ਅਰਪਣ ਕੀਤੀਆਂ ਜਾਣਗੀਆਂ।

ਪਸ਼ੂਆਂ ਦੀ ਨਸਲ ਨੂੰ ਬਿਹਤਰ ਕਰਨ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਦੁੱਧ ਅਤੇ ਦੁੱਧ ਉਤਪਾਦਾਂ ਦੀਆਂ ਵਸਤਾਂ ਸੰਬੰਧੀ ਮਸ਼ੀਨਰੀ, ਦਵਾਈਆਂ, ਟੀਕਿਆਂ, ਪਸ਼ੂ ਫੀਡ ਨਾਲ ਸੰਬੰਧਿਤ ਕੰਪਨੀਆਂ ਅਤੇ ਵਿਤੀ ਸੰਸਥਾਵਾਂ ਦੇ ਨੁਮਾਇੰਦੇ ਵੀ ਮੇਲੇ ਵਿਚ ਮੌਜੂਦ ਹੋਣਗੇ। ਮੇਲੇ ਵਿਚ ਯੂਨੀਵਰਸਿਟੀ ਵੱਲੋਂ ਤਿਆਰ ਕੀਤੇ ਜਾਂਦੇ ਧਾਤਾਂ ਦੇ ਚੂਰੇ, ਪਸ਼ੂ ਚਾਟ, ਬਾਈਪਾਸ ਫੈਟ, ਪਰਾਲੀ ਨੂੰ ਯੂਰੀਏ ਨਾਲ ਸੋਧਣ ਸੰਬੰਧੀ ਦੱਸਿਆ ਜਾਏਗਾ। ਕਿਸਾਨਾਂ ਨੂੰ ਲੇਵੇ ਦੀ ਸੋਜ, ਦੁੱਧ ਦੀ ਜਾਂਚ, ਪਸ਼ੂ ਜ਼ਹਿਰਬਾਦ, ਅੰਦਰੂਨੀ ਪਰਜੀਵੀਆਂ ਬਾਰੇ ਜਾਗਰੂਕ ਕੀਤਾ ਜਾਏਗਾ। ਪਸ਼ੂ ਦੇ ਖੂਨ, ਗੋਹੇ, ਪਿਸ਼ਾਬ, ਚਮੜੀ, ਫੀਡ ਦੇ ਨਮੂਨੇ, ਦੁੱਧ ਅਤੇ ਚਾਰਿਆਂ ਦੇ ਜ਼ਹਿਰਬਾਦ ਸੰਬੰਧੀ ਮੇਲੇ ਦੌਰਾਨ ਜਾਂਚ ਦੀ ਮੁਫ਼ਤ ਸਹੂਲਤ ਦਿੱਤੀ ਜਾਵੇਗੀ।

ਜਿੱਥੇ ਮੇਲੇ ਵਿਚ ਪਸ਼ੂ ਪਾਲਣ ਅਤੇ ਕਿਸਾਨੀ ਨਾਲ ਸੰਬੰਧਿਤ ਵੱਖੋ-ਵੱਖਰੇ ਵਿਭਾਗ ਹਿੱਸਾ ਲੈਣਗੇ ਉਥੇ 100 ਤੋਂ ਵਧੇਰੇ ਕੰਪਨੀਆਂ ਆਪਣੀਆਂ ਦਵਾਈਆਂ, ਉਪਕਰਣ, ਮਸ਼ੀਨਰੀ ਅਤੇ ਪਸ਼ੂਆਂ ਨਾਲ ਸੰਬੰਧਿਤ ਸਹੂਲਤਾਂ ਬਾਰੇ ਸਟਾਲ ਲਗਾਉਣਗੇ। ਯੂਨੀਵਰਸਿਟੀ ਦੀ ਅਗਵਾਈ ਅਧੀਨ ਕੰਮ ਕਰ ਰਹੀਆਂ ਕਿਸਾਨ ਜਥੇਬੰਦੀਆਂ ਵੀ ਆਪਣੇ ਸਟਾਲ ਲਗਾਉਣਗੀਆਂ।

ਕੇ.ਵੀ.ਕੇ. ਵੱਲੋਂ ਪਰਾਲੀ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਉੱਤੇ ਕਰਵਾਇਆ ਸਿਖਲਾਈ ਕੋਰਸ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 11 ਸਤੰਬਰ (ਪੈਗਾਮ-ਏ-ਜਗਤ)

ਪਰਾਲੀ ਦੀ ਰਹਿੰਦ-ਖੂੰਹਦ ਦੇ ਸੁਚੱਜੇ ਪ੍ਰਬੰਧਨ ਤਹਿਤ ਕ੍ਰਿਸ਼ੀ ਵਿਗਿਆਨ ਕੇਂਦਰ, ਐਸ.ਏ.ਐਸ. ਨਗਰ ਵੱਲੋਂ ਡਾਇਰੈਕਟਰ ਡਾ. ਬਲਬੀਰ ਸਿੰਘ ਖੱਦਾ ਦੀ ਅਗਵਾਈ ਹੇਠ ਪਿੰਡ ਮੱਠੀਆਰਾਂ ਵਿਖੇ ਸਿਖਲਾਈ ਕੋਰਸ ਲਗਾਇਆ ਗਿਆ। ਇਸ ਸਿਖਲਾਈ ਕੋਰਸ ਦਾ ਉਦੇਸ਼ ਕਿਸਾਨਾਂ ਨੂੰ ਪਰਾਲੀ ਦੀ ਖੇਤ ਵਿੱਚ ਸੁਚੱਜੀ ਸੰਭਾਲ ਦੇ ਤਰੀਕਿਆਂ ਤੋਂ ਜਾਣੂ ਕਰਵਾਉਣਾ ਸੀ। ਸਿਖਲਾਈ ਕੋਰਸ ਦੌਰਾਨ ਡਾ. ਬਲਬੀਰ ਸਿੰਘ ਖੱਦਾ ਨੇ ਕ੍ਰਿਸ਼ੀ ਵਿਗਿਆਨ ਕੇਂਦਰ ਦੀਆਂ ਗਤੀਵਿਧੀਆਂ ਅਤੇ ਪਰਾਲੀ ਦੇ ਉੱਚਿਤ ਪ੍ਰਬੰਧਨ ਬਾਰੇ ਚਾਨਣਾ ਪਾਇਆ।



ਡਾ. ਹਰਮੀਤ ਕੌਰ ਨੇ ਪਰਾਲੀ ਪ੍ਰਬੰਧਨ ਲਈ ਹੈਪੀ ਸੀਡਰ, ਸੁਪਰਸੀਡਰ, ਸਮਾਰਟ ਸੀਡਰ ਆਦਿ ਮਸ਼ੀਨਾਂ ਦੀ ਵਰਤੋਂ ਬਾਰੇ ਜਾਣਕਾਰੀ ਸਾਂਝੀ ਕੀਤੀ। ਡਾ. ਪਾਰੁਲ ਗੁਪਤਾ ਨੇ ਪਰਾਲੀ ਸਾੜਨ ਦੇ ਵਾਤਾਵਰਨ ਤੇ ਮਾੜੇ ਪ੍ਰਭਾਵ ਅਤੇ ਉਦਯੋਗਿਕ ਪੱਧਰ ਤੇ ਪਰਾਲੀ ਦੀ ਵਰਤੋਂ ਬਾਰੇ ਜਾਣਕਾਰੀ ਮੁਹੱਈਆ ਕਰਾਈ। ਡਾ. ਜਸਪ੍ਰੀਤ ਸਿੰਘ, ਖੇਤੀਬਾੜੀ ਵਿਕਾਸ ਅਫਸਰ, ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ ਕਿਸਾਨਾਂ ਨੂੰ ਪਰਾਲੀ ਦੇ ਸੰਭਾਲ ਲਈ ਮਸ਼ੀਨਾਂ ਤੇ ਚੱਲ ਰਹੀ ਸਕੀਮਾਂ/ ਸਬਸਿਡੀ ਬਾਰੇ ਜਾਣਕਾਰੀ ਦਿੱਤੀ। ਡਾ.ਮੁਨੀਸ਼ ਸ਼ਰਮਾ, ਸਹਾਇਕ ਪ੍ਰੋਫੈਸਰ ਨੇ ਬਾਗਬਾਨੀ ਫ਼ਸਲਾਂ ਵਿੱਚ ਪਰਾਲੀ ਦੀ ਸੁਚੱਜੀ ਵਰਤੋਂ ਬਾਰੇ ਲੈਕਚਰ ਦਿੱਤਾ। ਡਾ. ਕੋਮਲ ਨੇ ਪਰਾਲੀ ਦੀ ਪਸ਼ੂ ਖੁਰਾਕ ਵਿੱਚ ਵਰਤੋਂ ਬਾਰੇ ਚਾਨਣਾ ਪਾਇਆ। ਪ੍ਰੋਗਰਾਮ ਦੇ ਅੰਤ ਵਿੱਚ ਪਿੰਡ ਵਾਸੀਆਂ ਨੇ ਕੇ.ਵੀ.ਕੇ, ਮੋਹਾਲੀ ਦੀ ਟੀਮ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਪਰਾਲੀ ਨੂੰ ਅੱਗ ਨਾ ਲਾਉਣ ਦੇ ਭਰੋਸਾ ਦਿਵਾਇਆ।

ਪੀ.ਏ.ਯੂ.-ਫਾਰਮ ਸਲਾਹਕਾਰ ਸੇਵਾ ਕੇਂਦਰ, ਸੰਗਰੂਰ ਅਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਫਤਿਹਗੜ੍ਹ ਪੰਜਗਰਾਈਆਂ ਵਿਖੇ ਜਾਗਰੂਕਤਾ ਕੈਂਪ

ਸੰਗਰੂਰ 11 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ.), ਲੁਧਿਆਣਾ ਦੇ ਨਿਰਦੇਸ਼ਕ ਪਸਾਰ ਸਿੱਖਿਆ ਦੀ ਅਗਵਾਈ ਹੇਠ ਪੀ.ਏ.ਯੂ.-ਫਾਰਮ ਸਲਾਹਕਾਰ ਸੇਵਾ ਕੇਂਦਰ (ਐਫ.ਏ.ਐਸ.ਸੀ.), ਸੰਗਰੂਰ ਵੱਲੋਂ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਸਹਿਯੋਗ ਨਾਲ ਪਿੰਡ ਫਤਿਹਗੜ੍ਹ

- **ਕਿਸਾਨ ਪਰਾਲੀ ਨੂੰ ਅੱਗ ਨਾ ਲਾਉਣ ਅਤੇ ਟਿਕਾਊ ਪਰਾਲੀ ਪ੍ਰਬੰਧਨ ਅਪਨਾਉਣ: ਡਾ. ਗਰਗ**

ਪੰਜਗਰਾਈਆਂ ਵਿਖੇ ਪਰਾਲੀ ਦੇ ਖੇਤ ਵਿੱਚ ਹੀ ਪ੍ਰਬੰਧਨ (ਇਨ-ਸੀਟੂ ਕਰਾਪ ਰੈਜ਼ੀਡਿਊ ਮੈਨੇਜਮੈਂਟ) ਸਬੰਧੀ ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਨੇੜਲੇ ਪਿੰਡਾਂ ਟਿੱਬਾ ਅਤੇ ਬਦੇਸ਼ਾ ਦੇ ਕਿਸਾਨਾਂ ਨੇ ਵੀ ਭਾਗ ਲਿਆ।



ਕਿਸਾਨਾਂ ਨੂੰ ਸੰਬੋਧਨ ਕਰਦਿਆਂ ਡਾ. ਅਸ਼ੋਕ ਕੁਮਾਰ ਗਰਗ, ਸੀਨੀਅਰ ਐਕਸਟੈਂਸ਼ਨ ਸਾਇੰਟਿਸਟ, ਪੀ.ਏ.ਯੂ.-ਐਫ.ਏ.ਐਸ.ਸੀ., ਸੰਗਰੂਰ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਪ੍ਰਥਾ ਪੂਰੀ ਤਰ੍ਹਾਂ ਛੱਡਣ ਅਤੇ ਵਾਤਾਵਰਨ ਪੱਖੀ ਪਰਾਲੀ ਪ੍ਰਬੰਧਨ ਤਰੀਕੇ ਅਪਨਾਉਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਪਰਾਲੀ ਦਾ ਖੇਤ ਵਿੱਚ ਹੀ ਪ੍ਰਬੰਧਨ ਕਰਨ ਨਾਲ ਮਿੱਟੀ ਵਿੱਚ ਪੌਸ਼ਟਿਕ ਤੱਤਾਂ ਅਤੇ ਜੈਵਿਕ ਪਦਾਰਥ ਦੀ ਸੰਭਾਲ, ਮਿੱਟੀ ਦੀ ਸਿਹਤ ਵਿੱਚ ਸੁਧਾਰ, ਹਵਾ ਪ੍ਰਦੂਸ਼ਣ ਵਿੱਚ ਕਮੀ ਅਤੇ ਲੰਬੇ ਸਮੇਂ ਤੱਕ ਮਿੱਟੀ ਦੀ ਉਤਪਾਦਕਤਾ ਕਾਇਮ ਰੱਖਣ ਵਿੱਚ ਮਦਦ ਮਿਲਦੀ ਹੈ।

ਡਾ. ਗਰਗ ਨੇ ਖਾਦਾਂ ਦੀ ਵਰਤੋਂ ਤੋਂ ਪਹਿਲਾਂ ਮਿੱਟੀ ਦੀ ਪਰਖ ਕਰਵਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਤਾਂ ਜੋ ਮਿੱਟੀ ਅਤੇ ਫ਼ਸਲ ਦੀ ਅਸਲ ਲੋੜ ਅਨੁਸਾਰ ਪੌਸ਼ਟਿਕ ਤੱਤਾਂ ਦੀ ਵਰਤੋਂ ਕੀਤੀ ਜਾ ਸਕੇ। ਉਨ੍ਹਾਂ ਕਿਸਾਨਾਂ ਨੂੰ ਖਾਦਾਂ ਦੀ ਸੁਚੱਜੀ ਵਰਤੋਂ ਕਰਨ ਅਤੇ ਟਿਕਾਊ ਖੇਤੀ ਲਈ ਏਕੀਕ੍ਰਿਤ ਪੌਸ਼ਟਿਕ ਤੱਤ ਪ੍ਰਬੰਧਨ ਅਪਨਾਉਣ ਦੀ ਸਲਾਹ ਦਿੱਤੀ।

ਇਸ ਮੌਕੇ ਕਿਸਾਨਾਂ ਨੂੰ ਹਾੜੀ ਦੀਆਂ ਫ਼ਸਲਾਂ ਵਿੱਚ ਸਿਫ਼ਾਰਸ਼ਸ਼ੁਦਾ ਜੀਵਾਣੂ ਖਾਦਾਂ ਦੀ ਵਰਤੋਂ ਅਤੇ ਉਨ੍ਹਾਂ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਪੰਜਾਬ ਦੀਆਂ ਹਾਲਤਾਂ ਲਈ ਢੁਕਵੀਆਂ ਪੀ.ਏ.ਯੂ. ਵੱਲੋਂ ਸਿਫ਼ਾਰਸ਼ ਕੀਤੀਆਂ ਕਣਕ ਅਤੇ ਹੋਰ ਹਾੜੀ ਦੀਆਂ ਫ਼ਸਲਾਂ ਦੀਆਂ ਕਿਸਮਾਂ ਬਾਰੇ ਵੀ ਜਾਣੂ ਕਰਵਾਇਆ ਗਿਆ। ਡਾ. ਗਰਗ ਨੇ ਕਿਹਾ ਕਿ ਉੱਚ ਗੁਣਵੱਤਾ ਵਾਲੇ ਸਿਫ਼ਾਰਸ਼ਸ਼ੁਦਾ ਬੀਜ ਦੀ ਵਰਤੋਂ ਅਤੇ ਸੰਤੁਲਿਤ ਪੌਸ਼ਟਿਕ ਤੱਤ ਪ੍ਰਬੰਧਨ ਨਾਲ ਵਧੇਰੇ ਪੈਦਾਵਾਰ ਅਤੇ ਬਿਹਤਰ ਆਮਦਨ ਪ੍ਰਾਪਤ ਕੀਤੀ ਜਾ ਸਕਦੀ ਹੈ। ਡਾ. ਹਰਪ੍ਰੀਤ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ (ਏ.ਡੀ.ਓ.), ਧੂਰੀ ਨੇ ਕਿਸਾਨਾਂ ਨੂੰ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਅਤੇ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਖੇਤ ਵਿੱਚ ਹੀ ਪਰਾਲੀ ਦੇ ਪ੍ਰਬੰਧਨ ਦੇ ਲਾਭਾਂ ਬਾਰੇ ਵੀ ਦੱਸਿਆ ਅਤੇ ਕਿਸਾਨਾਂ ਨੂੰ ਇਨ੍ਹਾਂ ਤਰੀਕਿਆਂ ਨੂੰ ਅਪਨਾਉਣ ਲਈ ਪ੍ਰੇਰਿਤ ਕੀਤਾ। ਡਾ. ਗਰਗ ਨੇ ਕਿਸਾਨਾਂ ਨੂੰ ਆਪਣੇ ਘਰਾਂ ਵਿੱਚ ਘਰੇਲੂ ਬਗੀਚੀ ਸਥਾਪਿਤ ਕਰਨ ਅਤੇ ਸੰਭਾਲਣ ਲਈ ਵੀ ਉਤਸ਼ਾਹਿਤ ਕੀਤਾ ਤਾਂ ਜੋ ਪਰਿਵਾਰ ਲਈ ਤਾਜ਼ੀਆਂ, ਪੌਸ਼ਟਿਕ ਅਤੇ ਸੁਰੱਖਿਅਤ ਸਬਜ਼ੀਆਂ ਪੈਦਾ ਕੀਤੀਆਂ ਜਾ ਸਕਣ। ਉਨ੍ਹਾਂ ਨੇ ਕਿਸਾਨਾਂ ਨੂੰ ਪੀ.ਏ.ਯੂ. ਕਿਸਾਨ ਮੇਲਿਆਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ ਤਾਂ ਜੋ ਉਹ ਖੇਤੀਬਾੜੀ ਦੀਆਂ ਨਵੀਆਂ ਤਕਨੀਕਾਂ, ਸਿਫ਼ਾਰਸ਼ਸ਼ੁਦਾ ਕਿਸਮਾਂ, ਖੇਤੀ ਮਸ਼ੀਨਰੀ, ਪ੍ਰਕਾਸ਼ਨਾਵਾਂ ਅਤੇ ਮਾਹਿਰਾਂ ਦੀ ਸਲਾਹ ਦਾ ਲਾਭ ਲੈ ਸਕਨ। ਸ੍ਰੀ ਹਰਮਿੰਦਰ ਸਿੰਘ, ਖੇਤੀਬਾੜੀ ਉਪ-ਨਿਰੀਖਕ (ਏ.ਐਸ.ਆਈ.) ਨੇ ਕੈਂਪ ਦੇ ਸਫਲ ਆਯੋਜਨ ਲਈ ਲੋੜੀਂਦੇ ਪ੍ਰਬੰਧ ਕਰਨ ਵਿੱਚ ਸਹਿਯੋਗ ਦਿੱਤਾ। ਇਸ ਕੈਂਪ ਦੌਰਾਨ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ, ਮਿੱਟੀ ਦੀ ਸਿਹਤ, ਸੰਤੁਲਿਤ ਖਾਦਾਂ ਦੀ ਵਰਤੋਂ, ਜੀਵਾਣੂ ਖਾਦਾਂ ਅਤੇ ਆਉਣ ਵਾਲੇ ਹਾੜੀ ਦੇ ਸੀਜ਼ਨ ਦੀਆਂ ਫ਼ਸਲਾਂ ਸੰਬੰਧੀ ਮਾਹਿਰਾਂ ਤੋਂ ਲੋੜੀਂਦੀ ਸਲਾਹ ਲੈਣ ਦਾ ਮੌਕਾ ਮਿਲਿਆ।

ਗੈਰ-ਕਾਨੂੰਨੀ ਮਾਈਨਿੰਗ ਰੋਕਣ ਲਈ ਅਧਿਕਾਰੀਆਂ ਦੀਆਂ ਟੀਮਾਂ ਗਠਿਤ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 11 ਸਤੰਬਰ (ਪੈ.ਗਾਮ-ਏ-ਜਗਤ)

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਗੈਰ-ਕਾਨੂੰਨੀ ਮਾਈਨਿੰਗ ਰੋਕਣ ਅਤੇ ਸਟੋਨ ਕਰੱਸ਼ਰਾਂ ਤੇ ਸਕਰੀਨਿੰਗ ਪਲਾਂਟਾਂ ਦੀ ਚੈਕਿੰਗ ਲਈ ਸਬ-ਡਵੀਜ਼ਨ ਪੱਧਰ 'ਤੇ ਟੀਮਾਂ ਦਾ ਗਠਨ ਕੀਤਾ ਗਿਆ ਹੈ। ਇਹ ਟੀਮਾਂ ਸਤੰਬਰ 2026 ਤੋਂ ਦਸੰਬਰ 2026 ਤੱਕ ਰੋਸਟਰ ਅਨੁਸਾਰ ਕੰਮ ਕਰਨਗੀਆਂ।

ਵਧੀਕ ਜ਼ਿਲ੍ਹਾ ਮੈਜਿਸਟ੍ਰੇਟ (ਜ) ਸ੍ਰੀਮਤੀ ਗੀਤਿਕਾ ਸਿੰਘ ਵੱਲੋਂ ਜਾਰੀ ਹੁਕਮਾਂ ਅਨੁਸਾਰ ਇਹ ਟੀਮਾਂ ਰੇਤੇ, ਬਜਰੀ, ਸਟੋਨ ਕਰੱਸ਼ਰਾਂ ਅਤੇ ਗੈਰ-ਕਾਨੂੰਨੀ ਮਾਈਨਿੰਗ ਦੀ ਰੋਜ਼ਾਨਾ ਚੈਕਿੰਗ ਕਰਕੇ ਰਿਪੋਰਟ ਭੇਜਣਗੀਆਂ। ਹੁਕਮਾਂ ਤਹਿਤ ਨਾਜਾਇਜ਼ ਮਾਈਨਿੰਗ ਦੇ ਮਾਮਲੇ ਦਰਜ ਕਰਵਾਉਂਦੇ ਸਮੇਂ ਵਾਹਨ ਦਾ ਨੰਬਰ ਅਤੇ ਮਾਲਕ ਦਾ ਨਾਮ ਐਫ.ਆਈ.ਆਰ. ਵਿੱਚ ਦਰਜ ਕਰਨਾ ਲਾਜ਼ਮੀ ਹੋਵੇਗਾ। ਆਰ.ਟੀ.ਓ. ਐਸ.ਏ.ਐਸ. ਨਗਰ ਨਾਲ ਤਾਲਮੇਲ ਕਰਕੇ ਟਿੱਪਰ, ਜੇ.ਸੀ.ਬੀ., ਪੋਕਲੇਨ, ਟਰੈਕਟਰ-ਟਰਾਲੀ ਆਦਿ ਦੇ ਵੇਰਵੇ ਵੀ ਡਾਟਾਬੇਸ ਵਿੱਚ ਦਰਜ ਕੀਤੇ ਜਾਣਗੇ। ਸਬ-ਡਵੀਜ਼ਨ ਖਰੜ ਵਿੱਚ ਮਾਜਰੀ ਅਤੇ ਸਿਸਵਾਂ ਮਾਜਰਾ ਖੇਤਰਾਂ ਲਈ ਵੱਖ-ਵੱਖ ਟੀਮਾਂ ਬਣਾਈਆਂ ਗਈਆਂ ਹਨ।

ਇਨ੍ਹਾਂ ਵਿੱਚ ਮਾਈਨਿੰਗ, ਜੰਗਲਾਤ, ਲੋਕ ਨਿਰਮਾਣ ਵਿਭਾਗ ਅਤੇ ਪੁਲਿਸ ਦੇ ਅਧਿਕਾਰੀ ਤੇ ਕਰਮਚਾਰੀ ਸ਼ਾਮਲ ਹਨ। ਸੁੱਕ ਏਰੀਆ ਲਈ ਵੀ ਮਾਈਨਿੰਗ, ਲੋਕ ਨਿਰਮਾਣ ਵਿਭਾਗ ਅਤੇ ਪੁਲਿਸ ਦੇ ਅਧਿਕਾਰੀਆਂ ਦੀ ਟੀਮ ਤਾਇਨਾਤ ਕੀਤੀ ਗਈ ਹੈ। ਸਬ-ਡਵੀਜ਼ਨ ਡੇਰਾਬੱਸੀ ਵਿੱਚ ਮੁਬਾਰਿਕਪੁਰ ਚੌਂਕੀ, ਸੁੰਦਰਾਂ ਰੋਡ ਮੁਬਾਰਿਕਪੁਰ, ਥਾਣਾ ਲਾਲੜੂ ਦੇ ਆਈ.ਟੀ.ਆਈ. ਚੌਂਕ ਅਤੇ ਹੰਡੇਸਰਾਂ ਬੱਸ ਸਟੈਂਡ ਖੇਤਰ ਲਈ ਵੱਖ-ਵੱਖ ਟੀਮਾਂ ਦੀ ਡਿਊਟੀ ਲਗਾਈ ਗਈ ਹੈ। ਇਸੇ ਤਰ੍ਹਾਂ ਸਬ-ਡਵੀਜ਼ਨ ਮੋਹਾਲੀ ਵਿੱਚ ਬਨੂੰੜ-ਤੇਪਲਾ ਰੋਡ ਅਤੇ ਜ਼ੀਰਕਪੁਰ-ਪਟਿਆਲਾ ਰੋਡ ਦੀ ਕਰਾਸਿੰਗ ਸਮੇਤ ਹੋਰ ਸੰਵੇਦਨਸ਼ੀਲ ਖੇਤਰਾਂ ਵਿੱਚ ਵੀ ਚੈਕਿੰਗ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਹੁਕਮਾਂ ਅਨੁਸਾਰ ਸਾਰੀਆਂ ਟੀਮਾਂ ਵੱਲੋਂ ਕੀਤੀ ਚੈਕਿੰਗ ਦੀ ਵਿਸਥਾਰਪੂਰਵਕ ਰਿਪੋਰਟ ਹਰ ਹਫ਼ਤੇ ਕਾਰਜਕਾਰੀ ਇੰਜੀਨੀਅਰ ਕਮ ਮਾਈਨਿੰਗ ਅਫਸਰ, ਐਸ.ਏ.ਐਸ. ਨਗਰ ਵੱਲੋਂ ਤਿਆਰ ਕਰਕੇ ਡੀ.ਸੀ. ਦਫਤਰ ਨੂੰ ਭੇਜੀ ਜਾਵੇਗੀ।

ਸਬੰਧਤ ਉਪ ਮੰਡਲ ਮੈਜਿਸਟ੍ਰੇਟ ਆਪਣੇ-ਆਪਣੇ ਸਬ-ਡਵੀਜ਼ਨ ਦੇ ਓਵਰਆਲ ਇੰਚਾਰਜ ਹੋਣਗੇ। ਵਿਭਾਗਾਂ ਦੇ ਜ਼ਿਲ੍ਹਾ ਪੱਧਰੀ ਮੁਖੀ ਤਾਇਨਾਤ ਸਟਾਫ ਦੀ ਨਿਗਰਾਨੀ ਕਰਨਗੇ। ਡੀ.ਐਸ.ਪੀ. ਆਰਥਿਕ ਅਪਰਾਧ ਅਤੇ ਸਾਈਬਰ ਜੁਰਮ, ਐਸ.ਏ.ਐਸ. ਨਗਰ ਪੁਲਿਸ ਟੀਮ ਦੇ ਨੋਡਲ ਅਫਸਰ ਹੋਣਗੇ, ਜਦਕਿ ਸਬੰਧਤ ਡੀ.ਐਸ.ਪੀ. ਟੀਮਾਂ ਦੀ ਨਿਗਰਾਨੀ ਕਰਨ ਦੇ ਨਾਲ ਐਸ.ਡੀ.ਐਮਜ਼ ਨਾਲ ਲਗਾਤਾਰ ਤਾਲਮੇਲ ਰੱਖਣਗੇ।

ਹਾਈ ਰਿਸਕ ਗਰਭਵਤੀ ਮਾਵਾਂ ਨੂੰ ਡਿਲਿਵਰੀ, ਪੀ.ਐਨ.ਸੀ ਅਤੇ ਪੋਸ਼ਟਿਕ ਖੁਰਾਕ ਸਬੰਧੀ ਕੀਤਾ ਜਾਗਰੂਕ

ਬਠਿੰਡਾ, 11 ਸਤੰਬਰ (ਪੈ.ਗਾਮ-ਏ-ਜਗਤ)

ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਾਈ ਰਿਸਕ ਗਰਭਵਤੀ ਮਾਵਾਂ ਦੀ ਸਿਹਤ ਸੁਰੱਖਿਆ ਅਤੇ ਉਨ੍ਹਾਂ ਨੂੰ ਗਰਭ ਅਵਸਥਾ ਦੌਰਾਨ ਲੋੜੀਂਦੀਆਂ ਸਿਹਤ ਸੇਵਾਵਾਂ ਪ੍ਰਤੀ ਆਮ ਆਦਮੀ ਕਲਿਨਿਕ/ਸਬ ਸੈਂਟਰ ਢਪਾਲੀ ਵਿਖੇ ਜਾਗਰੂਕ ਕੀਤਾ ਗਿਆ। ਇਸ ਮੌਕੇ ਹਾਈ ਗਰਭ ਅਵਸਥਾ ਦੌਰਾਨ ਸਿਹਤਮੰਦ ਰਹਿਣ ਲਈ ਜ਼ਰੂਰੀ ਸਾਵਧਾਨੀਆਂ ਬਾਰੇ ਜਾਣਕਾਰੀ ਦਿੱਤੀ ਗਈ।



ਇਸ ਮੌਕੇ ਡਾ. ਵੰਸੀਕਾ ਨੇ ਕਿਹਾ ਕਿ ਗਰਭਵਤੀ ਮਾਵਾਂ ਅਤੇ ਹੋਣ ਵਾਲੇ ਬੱਚੇ ਦੀ ਸਿਹਤ ਨੂੰ ਯਕੀਨੀ ਬਣਾਉਣ ਲਈ ਗਰਭ ਅਵਸਥਾ ਦੌਰਾਨ ਨਿਯਮਤ ਸਿਹਤ ਜਾਂਚ, ਸਮੇਂ ਸਿਰ ਟੀਕਾਕਰਣ ਅਤੇ ਪੌਸ਼ਟਿਕ ਖੁਰਾਕ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਹਾਈ ਰਿਸਕ ਗਰਭਵਤੀ ਮਾਵਾਂ ਦੀ ਵਿਸ਼ੇਸ਼ ਨਿਗਰਾਨੀ ਕਰਕੇ ਉਨ੍ਹਾਂ ਨੂੰ ਲੋੜੀਂਦੀਆਂ ਸਿਹਤ ਸੇਵਾਵਾਂ ਸਮੇਂ ਸਿਰ ਮੁਹੱਈਆ ਕਰਵਾਉਣਾ ਸਿਹਤ ਵਿਭਾਗ ਦੀ ਮੁੱਖ ਤਰਜੀਹ ਹੈ। ਉਨ੍ਹਾਂ ਗਰਭਵਤੀ ਮਾਵਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਸਿਹਤ ਪ੍ਰਤੀ ਲਾਪਰਵਾਹੀ ਨਾ ਵਰਤਣ ਅਤੇ ਕਿਸੇ ਵੀ ਤਰ੍ਹਾਂ ਦੀ ਸਿਹਤ ਸਮੱਸਿਆ ਜਾਂ ਖਤਰੇ ਦੇ ਸੰਕੇਤ ਨਜ਼ਰ ਆਉਣ 'ਤੇ ਤੁਰੰਤ ਸਿਹਤ ਸੰਸਥਾ ਨਾਲ ਸੰਪਰਕ ਕਰਨ।

ਇਸ ਮੌਕੇ ਜਿਲ੍ਹਾ ਬੀ.ਸੀ.ਸੀ ਨਰਿੰਦਰ ਕੁਮਾਰ ਨੇ ਗਰਭਵਤੀ ਮਾਵਾਂ ਨੂੰ ਹੱਥ ਧੋਣ ਦੀ ਸਹੀ ਪ੍ਰਕਿਰਿਆ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ । ਉਹਨਾਂ ਦੱਸਿਆ ਕਿ ਖਾਣਾ ਬਣਾਉਣ ਜਾਂ ਖਾਣ ਤੋਂ ਪਹਿਲਾਂ, ਟਾਇਲਟ ਦੀ ਵਰਤੋਂ ਕਰਨ ਤੋਂ ਬਾਅਦ ਅਤੇ ਬੱਚੇ ਦੀ ਦੇਖਭਾਲ ਕਰਨ ਤੋਂ ਪਹਿਲਾਂ ਅਤੇ ਬਾਅਦ ਵਿੱਚ ਸਾਬਣ ਅਤੇ ਸਾਫ਼ ਪਾਣੀ ਨਾਲ ਹੱਥ ਚੰਗੀ ਤਰ੍ਹਾਂ ਧੋਣੇ ਚਾਹੀਦੇ ਹਨ। ਸਹੀ ਢੰਗ ਨਾਲ ਹੱਥ ਧੋਣ ਨਾਲ ਕਈ ਤਰ੍ਹਾਂ ਦੀਆਂ ਲਾਗਾਂ ਅਤੇ ਬਿਮਾਰੀਆਂ ਤੋਂ ਬਚਾਅ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਗਰਭਵਤੀ ਮਾਵਾਂ ਨੂੰ ਆਪਣੀ ਖੁਰਾਕ ਵੱਲ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ ਅਤੇ ਡਾਕਟਰ ਜਾਂ ਸਿਹਤ ਕਰਮਚਾਰੀ ਵੱਲੋਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਖੁਰਾਕ ਵਿੱਚ ਹਰੀਆਂ ਸਬਜ਼ੀਆਂ, ਮੌਸਮੀ ਫਲ, ਦਾਲਾਂ, ਦੁੱਧ ਅਤੇ ਦੁੱਧ ਤੋਂ ਬਣੇ ਪਦਾਰਥ, ਅਨਾਜ ਅਤੇ ਹੋਰ ਪੌਸ਼ਟਿਕ ਭੋਜਨ ਸ਼ਾਮਲ ਕਰਨ ਦੀ ਸਲਾਹ ਦਿੱਤੀ ਗਈ। ਉਨ੍ਹਾਂ ਕਿਹਾ ਕਿ ਮਾਂ ਦੀ ਸਿਹਤ ਦਾ ਸਿੱਧਾ ਸਬੰਧ ਹੋਣ ਵਾਲੇ ਬੱਚੇ ਦੀ ਸਿਹਤ ਨਾਲ ਹੈ, ਇਸ ਲਈ ਗਰਭ ਅਵਸਥਾ ਦੌਰਾਨ ਸੰਤੁਲਿਤ ਖੁਰਾਕ, ਸਫ਼ਾਈ ਅਤੇ ਨਿਯਮਤ ਸਿਹਤ ਜਾਂਚ ਨੂੰ ਤਰਜੀਹ ਦੇਣੀ ਚਾਹੀਦੀ ਹੈ।

ਇਸ ਮੌਕੇ ਸਿਹਤ ਵਿਭਾਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਗਰਭਵਤੀ ਮਾਵਾਂ ਨੂੰ ਗਰਭ ਅਵਸਥਾ ਦੌਰਾਨ ਆਉਣ ਵਾਲੇ ਖਤਰੇ ਦੇ ਸੰਕੇਤਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ ਅਤੇ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਹੋਣ 'ਤੇ ਤੁਰੰਤ ਨੇੜੇ ਦੀ ਸਿਹਤ ਸੰਸਥਾ ਨਾਲ ਸੰਪਰਕ ਕਰਨ ਲਈ ਕਿਹਾ ਗਿਆ। ਇਸ ਮੌਕੇ ਸੀ.ਐਚ.ਓ ਸਰਬਜੀਤ ਕੌਰ, ਹੈਲਥ ਵਰਕਰ ਬਲਦੇਵ ਸਿੰਘ, ਏ.ਐਨ.ਐਮ ਕਰਮਜੀਤ ਕੌਰ, ਫਾਰਮੇਸੀ ਅਫ਼ਸਰ ਸੋਨੀਆ ਤੋਂ ਕਲੀਨੀਕਲ ਅਸਿਸਟੈਂਟ ਜਸਵਿੰਦਰ ਕੌਰ ਆਦਿ ਹਾਜਰ ਸਨ।

ਹਰਿਆਣਾ ਗਤਕਾ ਟੀਮ ਦੇ ਰਾਸ਼ਟਰੀ ਚੈਂਪੀਅਨਸ਼ਿਪ ਲਈ ਚੋਣ ਟਰਾਇਲ ਅੱਜ ਤੋਂ

ਪੈਗਾਮ-ਏ-ਜਗਤ/ਰਤੀਆ, 11 ਸਤੰਬਰ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

ਰਾਸ਼ਟਰੀ ਗਤਕਾ ਚੈਂਪੀਅਨਸ਼ਿਪ ਲਈ ਹਰਿਆਣਾ ਰਾਜ ਦੀ ਗਤਕਾ ਟੀਮ ਦੇ ਚੋਣ ਟਰਾਇਲ 12 ਸਤੰਬਰ ਨੂੰ ਸਵੇਰੇ 9 ਵਜੇ ਗੁਰੂ ਨਾਨਕ ਡਿਫੈਂਸ ਅਤੇ ਸਪੋਰਟਸ ਅਕੈਡਮੀ, ਰਤੀਆ (ਜ਼ਿਲ੍ਹਾ ਫਤਿਹਾਬਾਦ) ਵਿਖੇ ਆਯੋਜਿਤ ਕੀਤੇ ਜਾਣਗੇ। ਗਤਕਾ ਐਸੋਸੀਏਸ਼ਨ ਦੇ ਪ੍ਰਧਾਨ ਸਵਰਨ ਸਿੰਘ ਰਤੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਚੋਣ ਟਰਾਇਲਾਂ ਵਿੱਚ ਸਿੰਗਲ ਸੋਟੀ, ਫਰੀ ਸੋਟੀ ਅਤੇ ਡੈਮੋਨਸਟ੍ਰੇਸ਼ਨ ਮੁਕਾਬਲਿਆਂ ਲਈ ਖਿਡਾਰੀਆਂ ਦੀ ਚੋਣ ਕੀਤੀ ਜਾਵੇਗੀ। ਟਰਾਇਲਾਂ ਵਿੱਚ ਅੰਡਰ-11, ਅੰਡਰ-14, ਅੰਡਰ-17, ਅੰਡਰ-19, ਅੰਡਰ-25 ਅਤੇ ਅੰਡਰ-30 ਉਮਰ ਵਰਗ ਦੇ ਲੜਕੇ ਅਤੇ ਲੜਕੀਆਂ ਭਾਗ ਲੈ ਸਕਣਗੇ। ਉਨ੍ਹਾਂ ਦੱਸਿਆ ਕਿ ਹਰਿਆਣਾ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਵੱਡੀ ਗਿਣਤੀ ਵਿੱਚ ਗਤਕਾ ਖਿਡਾਰੀ ਇਨ੍ਹਾਂ ਚੋਣ ਟਰਾਇਲਾਂ ਵਿੱਚ ਹਿੱਸਾ ਲੈਣ ਪਹੁੰਚਣਗੇ। ਚੁਣੇ ਗਏ ਖਿਡਾਰੀ ਰਾਸ਼ਟਰੀ ਪੱਧਰ ਦੀ ਚੈਂਪੀਅਨਸ਼ਿਪ ਵਿੱਚ ਹਰਿਆਣਾ ਰਾਜ ਦੀ ਨੁਮਾਇੰਦਗੀ ਕਰਨਗੇ।



ਸ.ਫ਼ਾ 1 ਦਾ ਬਾਕੀ...

ਬ੍ਰਿਕਸ ਸੰਮੇਲਨ 2026...

ਦੇ ਵੱਖ-ਵੱਖ ਪਹਿਲੂਆਂ ਨਾਲ ਸਬੰਧਤ ਹੈ।

ਵਿਦੇਸ਼ ਮੰਤਰਾਲੇ ਦੇ ਅਨੁਸਾਰ, ਦੋਵਾਂ ਨੇਤਾਵਾਂ ਨੇ ਰਾਜਨੀਤਿਕ, ਆਰਥਿਕ, ਰੱਖਿਆ, ਊਰਜਾ, ਪੁਲਾੜ, ਹੁਨਰ ਗਤੀਸ਼ੀਲਤਾ ਅਤੇ ਲੋਕਾਂ ਤੋਂ ਲੋਕਾਂ ਦੇ ਸਬੰਧਾਂ ਵਿੱਚ ਦੁਵੱਲੇ ਸਹਿਯੋਗ ਦੀ ਪ੍ਰਗਤੀ ਦੀ ਸਮੀਖਿਆ ਕੀਤੀ।

ਉਨ੍ਹਾਂ ਨੇ ਪੱਛਮੀ ਏਸ਼ੀਆ ਅਤੇ ਕਾਲੇ ਸਾਗਰ ਖੇਤਰ ਵਿੱਚ ਚੱਲ ਰਹੇ ਟਕਰਾਵਾਂ ਦੇ ਸਮੁੰਦਰੀ ਵਪਾਰ ਤੇ ਭਾਰਤੀ ਸਮੁੰਦਰੀ ਯਾਤਰੀਆਂ ਦੀ ਸੁਰੱਖਿਆ 'ਤੇ ਪ੍ਰਭਾਵ 'ਤੇ ਵੀ ਚਰਚਾ ਕੀਤੀ।

ਰੂਸ-ਯੂਕਰੇਨ ਟਕਰਾਅ ਦੇ ਵਿਚਕਾਰ ਇਹ ਮੀਟਿੰਗ ਬਹੁਤ ਮਹੱਤਵ ਰੱਖਦੀ ਹੈ, ਕਿਉਂਕਿ ਭਾਰਤ ਗੱਲਬਾਤ ਅਤੇ ਕੂਟਨੀਤੀ ਦੇ ਸਮਰਥਕ ਵਜੋਂ ਆਪਣੀ ਭੂਮਿਕਾ ਨਿਭਾਉਂਦੇ ਹੋਏ ਦੋਵਾਂ ਧਿਰਾਂ ਦੇ ਸੰਪਰਕ ਵਿੱਚ ਰਹਿਣ ਦੀ ਕੋਸ਼ਿਸ਼ ਕਰ ਰਿਹਾ ਹੈ। ਬਿਸ਼ਕੇਕ ਵਿੱਚ ਐਸ ਸੀ ਓ ਸਿਖ਼ਰ ਸੰਮੇਲਨ ਦੇ ਮੌਕੇ 'ਤੇ ਮੋਦੀ ਦੇ ਪੁਤਿਨ ਨੂੰ ਮਿਲਣ ਤੋਂ ਕੁਝ ਦਿਨ ਬਾਅਦ, ਵਿਦੇਸ਼ ਮੰਤਰੀ ਐਸ ਜੈਸ਼ੰਕਰ ਕੀਵ ਗਏ, ਜਿੱਥੇ ਉਨ੍ਹਾਂ ਨੇ ਯੂਕਰੇਨੀ ਰਾਸ਼ਟਰਪਤੀ ਵੋਲ?ਦੀਮੀਰ ਜ਼ੇਲੇਂਸਕੀ ਅਤੇ ਵਿਦੇਸ਼ ਮੰਤਰੀ ਆਂਦਰੀ ਸਿਬੀਹਾ ਨਾਲ ਗੱਲਬਾਤ ਕੀਤੀ। ਕੀਵ ਵਿੱਚ, ਜੈਸ਼ੰਕਰ ਨੇ ਕਿਹਾ ਕਿ ਭਾਰਤ ਯੁੱਧ ਨੂੰ ਖਤਮ ਕਰਨ ਵਿੱਚ ਮਦਦ ਕਰਨ ਲਈ ਤਿਆਰ ਹੈ ਅਤੇ ਰੂਸ ਤੇ ਯੂਕਰੇਨ ਦੋਵਾਂ ਨਾਲ ਲਗਾਤਾਰ ਸੰਪਰਕ ਵਿੱਚ ਹੈ। ਜ਼ੇਲੇਂਸਕੀ ਨੇ ਯੁੱਧ ਨੂੰ ਖਤਮ ਕਰਨ ਵਿੱਚ ਮਦਦ ਕਰਨ ਦੇ ਭਾਰਤ ਦੇ ਯਤਨਾਂ ਲਈ ਧੰਨਵਾਦ ਕੀਤਾ।

ਕਿਹਾ-'ਅਸੀਂ 40%...

ਕਿਹਾ ਕਿ ਪਾਈਪਲਾਈਨਾਂ ਤੇ ਜਹਾਜ਼ਾਂ 'ਤੇ ਹਮਲੇ ਕੀਤੇ ਜਾਂਦੇ ਹਨ ਅਤੇ ਆਪਣੇ ਹਿੱਤਾਂ ਦੀ ਸੁਰੱਖਿਆ ਲਈ ਸੈਕੰਡਰੀ ਪਾਬੰਦੀਆਂ ਲਗਾਈਆਂ ਜਾਂਦੀਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਜਿਨ੍ਹਾਂ ਦੇਸ਼ਾਂ ਨੇ ਪਾਬੰਦੀਆਂ ਲਗਾਈਆਂ ਹਨ, ਉਹ ਖੁਦ ਉਦਯੋਗਿਕ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ ਅਤੇ ਉਨ੍ਹਾਂ ਦੇ ਆਪਣੇ ਅੰਕੜਿਆਂ ਅਨੁਸਾਰ ਕੁਝ ਦੇਸ਼ਾਂ ਦੀ ਅਰਥਵਿਵਸਥਾ ਵਿੱਚ 8 ਫੀਸਦੀ ਤੱਕ ਦੀ ਗਿਰਾਵਟ ਆਈ ਹੈ। ਰੂਸੀ ਰਾਸ਼ਟਰਪਤੀ ਨੇ ਸਪੱਸ਼ਟ ਕੀਤਾ ਕਿ ਬ੍ਰਿਕਸ ਕਿਸੇ ਦੇ ਖਿਲਾਫ ਨਹੀਂ ਹੈ, ਬਲਕਿ ਇਹ ਆਪਣੇ ਹਿੱਤਾਂ ਲਈ ਕੰਮ ਕਰਦਾ ਹੈ ਅਤੇ ਵਪਾਰ ਨੂੰ ਵਧਾਉਣ ਲਈ ਇੱਕ ਬਿਹਤਰ ਪਲੇਟਫਾਰਮ ਦਿੰਦਾ ਹੈ। ਇਸੇ ਮੰਚ 'ਤੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ ਭਾਰਤ ਦੀ ਤਾਕਤ ਦਿਖਾਉਂਦਿਆਂ ਕਿਹਾ ਕਿ ਵਿਸ਼ਵ ਦੇ ਸਾਹਮਣੇ ਵਪਾਰਕ ਰੁਕਾਵਟਾਂ (ਟ੍ਰੇਡ ਬੈਰੀਅਰਜ਼) ਹਨ, ਜਦਕਿ ਅਸੀਂ ਆਰਥਿਕ ਪੁਲ (ਇਕੋਨੋਮਿਕ ਬ੍ਰਿਜ) ਬਣਾ ਰਹੇ ਹਾਂ।

ਫਾਸਟੈਗ ਪੂਰੀ ਤਰ੍ਹਾਂ...

ਹੈ, ਉਨ੍ਹਾਂ ਤੋਂ ਇਸ ਵਿੱਚ 10 ਫੀਸਦੀ ਯਾਨੀ 7,000 ਤੋਂ 8,000 ਕਰੋੜ ਰੁਪਏ ਦਾ ਹੋਰ ਵਾਧਾ ਹੋਣ ਦੀ ਉਮੀਦ ਹੈ। ਗਡਕਰੀ ਨੇ ਕਿਹਾ ਕਿ ਇਸ ਤੋਂ ਇਲਾਵਾ ਟੋਲ ਬੂਥਾਂ ਦੇ ਸੰਚਾਲਨ ਦੀ ਲਾਗਤ ਵੀ ਪਹਿਲਾਂ ਦੇ 12 ਫੀਸਦੀ ਤੋਂ ਘੱਟ ਕੇ ਦੋ-ਤਿੰਨ ਫੀਸਦੀ ਰਹਿ ਗਈ ਹੈ। ਉਨ੍ਹਾਂ ਕਿਹਾ ਕਿ ਇਸ ਸਾਲ ਦਸੰਬਰ ਦੇ ਅੰਤ ਤੱਕ 70 ਫੀਸਦੀ ਤੋਂ ਵੱਧ ਟੋਲ ਬੂਥ ਬਿਨਾਂ ਰੁਕਾਵਟ ਦੇ ਹੋ ਜਾਣਗੇ ਅਤੇ ਅਗਲੇ ਸਾਲ ਮਾਰਚ ਤੱਕ ਇਹ ਗਿਣਤੀ 100 ਫੀਸਦੀ ਹੋ ਜਾਵੇਗੀ। ਗਡਕਰੀ ਨੇ ਕਿਹਾ ਕਿ ਟੋਲ ਬੂਥਾਂ 'ਤੇ ਵਾਹਨਾਂ ਦੇ ਫਸਣ ਦੀ ਸੰਭਾਵਨਾ ਘੱਟ ਹੋਣ ਨਾਲ ਵਾਹਨ ਮਾਲਕਾਂ ਦੇ ਸਮੇਂ ਦੀ ਵੀ ਬਚਤ ਹੁੰਦੀ ਹੈ। ਉਨ੍ਹਾਂ ਕਿਹਾ ਕਿ ਅਧਿਐਨਾਂ ਅਨੁਸਾਰ, ਸਿਰਫ਼ ਬਾਲਣ ਦੀ ਬਚਤ ਨਾਲ ਹੀ ਸਾਲਾਨਾ 5,250 ਕਰੋੜ ਰੁਪਏ ਤੋਂ ਵੱਧ ਦੀ ਬਚਤ ਹੋਈ ਹੈ।

ਭਾਜਪਾ ਦੀ ਨਸ਼ਿਆਂ...

ਉਨ੍ਹਾਂ ਕਿਹਾ ਕਿ ਅਸਲ ਲੜਾਈ ਨਸ਼ੇ ਦੀ ਪੁੜੀ ਦੇ ਪਿੱਛੇ ਭੱਜਣ ਦੀ ਬਜਾਏ ਪੈਸੇ ਦੇ ਲੈਣ-ਦੇਣ ਦਾ ਪਤਾ ਲਗਾ ਕੇ ਨਸ਼ੇ ਦੇ ਨੈੱਟਵਰਕ ਨੂੰ ਤੋੜਨ ਦੀ ਹੈ। ਬਾਦਲ ਨੇ ਕਿਹਾ ਕਿ ਭਾਜਪਾ ਇੱਕ ਐਂਟੀ-ਡਰੱਗ ਇੰਟੈਲੀਜੈਂਸ ਗ੍ਰਿਡ ਬਣਾਉਣ ਦਾ ਵਾਅਦਾ ਕਰਦੀ ਹੈ, ਜੋ ਪੁਲੀਸ, ਖ਼ੁਫ਼ੀਆ ਏਜੰਸੀਆਂ, ਮੁੜ-ਵਸੇਬਾ ਮਾਹਿਰਾਂ ਅਤੇ ਸਮਾਜਿਕ ਤੇ ਧਾਰਮਿਕ ਵਰਕਰਾਂ ਨੂੰ ਇਕੱਠੇ ਕਰਕੇ ਇਸ ਸਮੱਸਿਆ ਦਾ ਪੂਰਾ ਹੱਲ ਕਰੇਗੀ।

ਹਰਿਆਣਾ ਦੇ ਸਾਬਕਾ...

ਤੁਰੰਤ ਸੂਚਿਤ ਕੀਤਾ ਗਿਆ, ਪਰ ਉਦੋਂ ਤੱਕ ਉਹ ਆਖਰੀ ਸਾਹ ਲੈ ਚੁੱਕਾ ਸੀ। ਗਗਨਜੋਤ ਦੀ ਬੇਵਕਤੀ ਮੌਤ ਦੀ ਖ਼ਬਰ, ਜੋ ਆਪਣੇ ਜੱਦੀ ਪਿੰਡ, ਗੁਮਥਲਾ ਗੜ੍ਹੂ ਦੇ ਦੋ ਵਾਰ ਸਰਪੰਚ ਰਹਿ ਚੁੱਕੇ ਸਨ, ਪਿਹੋਵਾ ਅਤੇ ਕੁਰੂਕਸ਼ੇਤਰ ਖੇਤਰਾਂ ਵਿਚ ਵਿੱਚ ਸੋਗ ਦੀ ਲਹਿਰ ਦੌੜ ਗਈ।

ਹੜ੍ਹ ਨੇ ਮਚਾਈ...

ਸਰਕਾਰ ਵੱਲੋਂ ਜ਼ਿਲ੍ਹਾ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਕਿਸੇ ਵੀ ਪ੍ਰਭਾਵਿਤ ਪਰਿਵਾਰ ਨੂੰ ਭੋਜਨ ਦੀ ਕਮੀ ਨਹੀਂ ਹੋਣੀ ਚਾਹੀਦੀ। ਆਫ਼ਤ ਪ੍ਰਬੰਧਨ ਵਿਭਾਗ ਵੱਲੋਂ ਸਮੁਦਾਇਕ ਰਸੋਈਆਂ ਦੀ ਗਿਣਤੀ ਹੋਰ ਵਧਾਉਣ ਲਈ ਵੀ ਕਿਹਾ ਗਿਆ ਹੈ।

92 ਸਿੱਖ ਸ਼ਰਧਾਲੂਆਂ...

ਭਾਰਤ ਆਉਣ ਲਈ ਵੈਧ ਵੀਜ਼ੇ ਸਨ। ਪਾਕਿਸਤਾਨ ਵਿੱਚ ਪਹਿਲਗਾਮ ਅਤਿਵਾਦੀ ਹਮਲੇ ਵਿੱਚ ਆਪਣੇ ਨਾਗਰਿਕਾਂ ਦੀ ਮੌਤ ਦਾ ਬਦਲਾ ਲੈਣ ਲਈ ਭਾਰਤ ਵੱਲੋਂ ਚਲਾਏ ਗਏ 'ਅਪਰੇਸ਼ਨ ਸਿੰਦੂਰ' ਤੋਂ ਬਾਅਦ ਦੋਵਾਂ ਗੁਆਂਢੀ ਦੇਸ਼ਾਂ ਵੱਲੋਂ ਇੱਕ-ਦੂਜੇ ਲਈ ਹਵਾਈ ਖੇਤਰ ਨੂੰ ਸੀਮਤ ਕਰਨ ਕਾਰਨ ਸਿੱਖ ਜਥੇ ਨੂੰ ਭਾਰਤ ਪਹੁੰਚਣ ਲਈ ਖਾੜੀ ਰਸਤੇ ਉਡਾਣ ਲੈਣੀ ਪਈ ਸੀ। ਇਸ ਤੋਂ ਪਹਿਲਾਂ ਪਾਕਿਸਤਾਨ ਸਰਕਾਰ ਵੱਲੋਂ ਭਾਰਤੀ ਸਿੱਖ ਯਾਤਰੂਆਂ ਨੂੰ ਪਾਕਿਸਤਾਨ ਸਥਿਤ ਗੁਰੂਧਾਮਾਂ ਤੇ ਆਉਣ ਦੀ ਆਗਿਆ ਦੇ ਦਿੱਤੀ ਗਈ ਹੈ। ਜਿਸ ਤਹਿਤ ਇਹ ਵਾਰ ਵਿਸਾਖੀ ਪੁਰਬ ਅਤੇ ਉਸ ਤੋਂ ਬਾਅਦ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਵਸ ਮਹਾਰਾਜਾ ਰਣਜੀਤ ਸਿੰਘ ਦੀ ਬਰਸੀ ਮੌਕੇ ਸਿਖ ਸ਼ਰਧਾਲੂਆਂ ਦੇ ਜੱਥੇ ਪਾਕਿਸਤਾਨ ਗਏ ਹਨ ਅਤੇ ਹੁਣ ਨਵੰਬਰ ਵਿੱਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵੀ ਸਿੱਖ ਸ਼ਰਧਾਲੂਆਂ ਦਾ ਜੱਥਾ ਪਾਕਿਸਤਾਨ ਜਾਵੇਗਾ। ਪਰ ਪਾਕਿਸਤਾਨ ਸਰਕਾਰ ਵੱਲੋਂ ਪਾਕਿਸਤਾਨੀ ਸਿੱਖਾਂ ਨੂੰ ਭਾਰਤ ਆਉਣ ਦੀ ਆਗਿਆ ਨਹੀਂ ਦਿੱਤੀ ਗਈ। ਚੰਡੋਕ ਨੇ ਕਿਹਾ ਕਿ ਪਾਕਿਸਤਾਨ ਵਿੱਚ ਸਿੱਖ ਲੀਡਰਸ਼ਿਪ ਵਿੱਚ ਫੁੱਟ ਪੈਣ ਕਾਰਨ ਆਮ ਸਿੱਖਾਂ, ਬਜ਼ੁਰਗਾਂ, ਔਰਤਾਂ ਅਤੇ ਬੱਚਿਆਂ ਨੂੰ ਮਾਨਸਿਕ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ, ਜੋ ਇਮਰਾਨ ਖਾਨ ਦੀ ਤਹਿਰੀਕ-ਏ-ਇਨਸਾਫ਼ (ਪੀ.ਟੀ.ਆਈ.) ਅਤੇ ਨਵਾਜ਼ ਸ਼ਰੀਫ਼ ਪਰਿਵਾਰ ਦੀ ਪਾਕਿਸਤਾਨ ਮੁਸਲਿਮ ਲੀਗ (ਪੀ.ਐਮ.ਐਲ.-ਐਨ.) ਵਰਗੀਆਂ ਰਾਜਨੀਤਿਕ ਪਾਰਟੀਆਂ ਨਾਲ ਜੁੜੀ ਹੋਈ ਹੈ।

ਸੁਖਬੀਰ ਬਾਦਲ ਐਸਆਈਟੀ...

ਕਿਹਾ ਕਿ ਡਾਕਟਰੀ ਚੈੱਕਅਪ ਲਈ ਡਾਕਟਰ ਕੋਲ ਜਾਣ ਦੀ ਲੋੜ ਹੋਣ ਕਾਰਨ ਉਹ ਪੇਸ਼ ਨਹੀਂ ਹੋ ਸਕੇ। ਇਸ ਤੋਂ ਇਲਾਵਾ ਉਨ੍ਹਾਂ ਸੂਬੇ ਭਰ ਵਿੱਚ ਪਬਲਿਕ ਰੈਲੀਆਂ ਅਤੇ ਲੋਕ ਸੰਪਰਕ ਪ੍ਰੋਗਰਾਮਾਂ ਦੇ ਰੁਝੇਵਿਆਂ ਦਾ ਹਵਾਲਾ ਦਿੰਦਿਆਂ 30 ਸਤੰਬਰ ਤੱਕ ਦਾ ਸਮਾਂ ਮੰਗਿਆ ਹੈ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਰਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਸਿਹਤ ਸੇਵਾਵਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਡਾ. ਮਨਦੀਪ ਕਮਲ

- ਸਿਵਲ ਸਰਜਨ ਨੇ ਐਸ.ਐਮ.ਓਜ਼ ਨਾਲ ਮਾਸਿਕ ਸਮੀਖਿਆ ਮੀਟਿੰਗ ਕਰਕੇ ਰਾਸ਼ਟਰੀ ਸਿਹਤ ਪ੍ਰੋਗਰਾਮਾਂ ਦੀ ਪ੍ਰਗਤੀ ਦਾ ਲਿਆ ਜਾਇਜ਼ਾ



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਜੀ ਦੀ ਪ੍ਰਧਾਨਗੀ ਹੇਠ ਜ਼ਿਲ੍ਹੇ ਦੇ ਸਮੂਹ ਸੀਨੀਅਰ ਮੈਡੀਕਲ ਅਫ਼ਸਰਾਂ (ਐਸ.ਐਮ.ਓਜ਼), ਜ਼ਿਲ੍ਹਾ ਪ੍ਰੋਗਰਾਮ ਅਧਿਕਾਰੀਆਂ ਨਾਲ ਮਾਸਿਕ ਸਮੀਖਿਆ ਮੀਟਿੰਗ ਆਯੋਜਿਤ ਕੀਤੀ ਗਈ। ਮੀਟਿੰਗ ਦੌਰਾਨ ਸਾਰੇ ਰਾਸ਼ਟਰੀ ਸਿਹਤ ਪ੍ਰੋਗਰਾਮਾਂ ਦੀ ਪ੍ਰਗਤੀ ਦਾ ਵਿਸਥਾਰ ਨਾਲ ਜਾਇਜ਼ਾ ਲੈਂਦਿਆਂ ਸਿਵਲ ਸਰਜਨ ਨੇ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਸਿਵਲ ਸਰਜਨ ਨੇ ਦੱਸਿਆ ਕਿ ਹਸਪਤਾਲ ਵਿੱਚ ਆਉਣ ਵਾਲੇ ਮਰੀਜ਼ ਨੂੰ ਡਾਕਟਰ ਵੱਲੋਂ ਲਿਖੀ ਗਈ ਦਵਾਈ ਪੂਰੀ ਦਿੱਤੀ ਜਾਵੇ। ਉਹਨਾਂ ਦੱਸਿਆ ਕਿ ਇਸ ਸਬੰਧੀ ਆਪਣੀਆਂ ਆਪਣੀਆਂ ਸਿਹਤ ਸੰਸਥਾਵਾਂ ਵਿੱਚ ਦਵਾਈਆਂ ਦੀ ਲੋੜੀਂਦੀ ਪੂਰਤੀ ਪਹਿਲਾਂ ਹੀ ਕਰ ਲਈ ਜਾਵੇ।

ਉਹਨਾਂ ਦੱਸਿਆ ਕਿ ਸਨੇਕ ਬਾਈਟ ਅਤੇ ਡੋਗ ਬਾਈਟ ਸਬੰਧੀ ਆਪਣੀ ਆਪਣੀ ਸੰਸਥਾ ਵਿੱਚ ਜਾਗਰੂਕਤਾ ਪੋਸਟਰ ਲਗਾਏ ਜਾਣ ਤਾਂ ਜੋ ਲੋਕਾਂ ਨੂੰ ਇਸ ਸਬੰਧੀ ਜਾਗਰੂਕ ਕੀਤਾ ਜਾ ਸਕੇ।

ਡਾ. ਮਨਦੀਪ ਕਮਲ ਨੇ ਕਿਹਾ ਕਿ ਸਵਾਇਨ ਫਲੂ, ਡੇਂਗੂ, ਮਲੇਰੀਆ ਅਤੇ ਹੋਰ ਵੈਕਟਰ ਅਤੇ ਵਾਟਰ ਬੋਰਨ ਬਿਮਾਰੀਆਂ ਦੀ ਰੋਕਥਾਮ ਲਈ ਜਾਗਰੂਕਤਾ ਗਤੀਵਿਧੀਆਂ ਹੋਰ ਤੇਜ਼ ਕੀਤੀਆਂ ਜਾਣ। ਹਰ ਸ਼ੁੱਕਰਵਾਰ ਡਰਾਈ ਡੇ ਮਨਾਇਆ ਜਾਵੇ, ਲਾਰਵਾ ਸਰਵੇ, ਬਰੀਡਿੰਗ ਸਥਾਨਾਂ ਦੀ ਜਾਂਚ ਅਤੇ ਨਸ਼ਟ ਕਰਨ ਦੀ ਕਾਰਵਾਈ ਕੀਤੀ ਜਾਵੇ। ਸਿਵਲ ਸਰਜਨ ਨੇ ਸਮੂਹ ਐਸ.ਐਮ.ਓਜ਼ ਨੂੰ ਨਿਰਦੇਸ਼ ਦਿੱਤੇ ਕਿ ਆਪਣੇ ਅਧੀਨ ਸਿਹਤ ਸੰਸਥਾਵਾਂ ਦੀ ਨਿਯਮਿਤ ਚੈਕਿੰਗ ਕਰਨ। ਸਟਾਫ਼ ਦੀ ਹਾਜ਼ਰੀ, ਸਫ਼ਾਈ, ਪਾਣੀ ਦੀ ਕਲੋਰੀਨੇਸ਼ਨ, ਦਵਾਈਆਂ ਦੀ ਉਪਲਬਧਤਾ, ਰਿਕਾਰਡ ਅਤੇ ਮਰੀਜ਼ਾਂ ਨੂੰ ਮਿਲ ਰਹੀਆਂ ਸੇਵਾਵਾਂ ਦੀ ਗੁਣਵੱਤਾ ਦੀ ਨਿਗਰਾਨੀ ਕੀਤੀ ਜਾਵੇ। ਸਾਰੇ ਸਿਹਤ ਕਰਮਚਾਰੀ ਮਰੀਜ਼ਾਂ ਨਾਲ ਨਿਮਰ ਅਤੇ ਸਨਮਾਨਜਨਕ ਵਿਵਹਾਰ ਕਰਨ।

ਡਾ. ਮਨਦੀਪ ਕਮਲ ਨੇ ਕਿਹਾ ਕਿ ਪਰਿਵਾਰ ਨਿਯੋਜਨ, ਜਨਮਾਂ ਵਿੱਚ ਉਚਿਤ ਅੰਤਰਾਲ, PPI-UCD ਅਤੇ ਹੋਰ ਪਰਿਵਾਰ ਨਿਯੋਜਨ ਸਾਧਨਾਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਹੁਸ਼ਿਆਰਪੁਰ ਦਾ ਲਿੰਗ ਅਨੁਪਾਤ 991 ਪ੍ਰਤੀ 1000 ਬਹੁਤ ਵਧੀਆ ਹੈ ਅਤੇ ਇਸ ਨੂੰ ਹਰ ਹਾਲਤ ਵਿੱਚ ਬਰਕਰਾਰ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਆਸ਼ਾ ਵਰਕਰਾਂ ਅਤੇ ਹੋਰ ਫੀਲਡ ਸਟਾਫ ਦੀਆਂ ਮਾਸਿਕ ਮੀਟਿੰਗਾਂ ਨਿਯਮਿਤ ਕਰਵਾਈਆਂ ਜਾਣ ਅਤੇ ਫੀਲਡ ਵਿਜ਼ਿਟਾਂ ਯਕੀਨੀ ਬਣਾਈਆਂ ਜਾਣ ਤਾਂ ਜੋ ਸਾਰੀਆਂ ਸਿਹਤ ਸੇਵਾਵਾਂ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚ ਸਕਣ।

ਸਿਵਲ ਸਰਜਨ ਨੇ ਕਿਹਾ ਕਿ ਘਰ ਵਿੱਚ ਜਣੇਪੇ (Home Delivery) ਨੂੰ ਪੂਰੀ ਤਰ੍ਹਾਂ ਰੋਕਿਆ ਜਾਵੇ। ਉਹਨਾਂ ਕਿਹਾ ਕਿ ਗਰਭਵਤੀ ਔਰਤਾਂ ਦੀ ਜਲਦ ਰਜਿਸਟਰੇਸ਼ਨ ਕਰਵਾਈ ਜਾਵੇ ਤੇ ਉਸ ਦਾ ਫੋਲੋ ਲਾਜ਼ਮੀ ਕੀਤਾ ਜਾਵੇ।

ਉਨ੍ਹਾਂ ਟੀ.ਬੀ. ਪ੍ਰੋਗਰਾਮ ਦੀ ਸਮੀਖਿਆ ਦੌਰਾਨ ਟੀ.ਬੀ. ਸਕ੍ਰੀਨਿੰਗ ਨੂੰ ਹੋਰ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਟੀ.ਬੀ. ਮਰੀਜ਼ਾਂ ਦੇ ਸੰਪਰਕ ਵਿਚ ਆਉਣ ਵਾਲੇ ਮੈਬਰਾਂ ਦੀ ਟਰੈਸਿੰਗ ਹਰ ਹਾਲਤ ਵਿੱਚ ਯਕੀਨੀ ਬਣਾਈ ਜਾਵੇ।

ਉਨ੍ਹਾਂ ਐਨ ਸੀ ਡੀ ਸਕਰੀਨਿੰਗ ਨੂੰ ਹੋਰ ਵਧਾਉਣ, ਰੇਬੀਜ਼ ਦੇ ਮਰੀਜ਼ਾਂ ਨੂੰ ਸਮੇਂ ਸਿਰ ਸਹੀ ਡੋਜ਼ ਵਿੱਚ ਟੀਕਾਕਰਨ ਯਕੀਨੀ ਬਣਾਉਣ ਅਤੇ ਸਾਰੇ ਟੀਕਾਕਰਨ ਪ੍ਰੋਟੋਕੋਲ ਦੀ ਪਾਲਣਾ ਕਰਨ ਲਈ ਵੀ ਨਿਰਦੇਸ਼ ਦਿੱਤੇ।

ਸਿਵਲ ਸਰਜਨ ਡਾ. ਮਨਦੀਪ ਕਮਲ ਨੇ ਹਦਾਇਤ ਕੀਤੀ ਕਿ ਐਚ.ਪੀ.ਵੀ. (ਹਿਊਮਨ ਪੈਪੀਲੋਮਾ ਵਾਇਰਸ) ਟੀਕਾਕਰਨ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਚਲਾਇਆ ਜਾਵੇ। ਉਨ੍ਹਾਂ ਕਿਹਾ ਕਿ ਯੋਗ ਲੜਕੀਆਂ ਦੀ ਸ਼ਤ-ਪ੍ਰਤੀਸ਼ਤ ਕਵਰੇਜ ਯਕੀਨੀ ਬਣਾਉਣ ਲਈ ਸਕੂਲਾਂ, ਆਂਗਣਵਾੜੀ ਕੇਂਦਰਾਂ ਅਤੇ ਭਾਈਚਾਰੇ ਵਿੱਚ ਵਿਸ਼ੇਸ਼ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਜਾਣ।

ਮਾਪਿਆਂ ਨੂੰ ਐਚ.ਪੀ.ਵੀ. ਟੀਕੇ ਦੇ ਲਾਭਾਂ ਅਤੇ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਤੋਂ ਬਚਾਅ ਵਿੱਚ ਇਸ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਜਾਵੇ।

'ਜ਼ਿੰਦਗੀ ਦਾ ਮੇਲਾ' ਗੀਤ ਨਾਲ ਗਾਇਕ ਦਿਸ਼ਾਂਤ ਧੀਰ ਮੁੜ ਚਰਚਾ 'ਚ

ਜੇ.ਐਮ. 7 ਐਂਟਰਟੇਨਮੈਂਟ ਚੈਨਲ ਤੇ ਹੋ ਚੁੱਕੇ ਨੇ ਦਿਸ਼ਾਂਤ ਧੀਰ ਦੇ 4 ਗੀਤ ਰਿਲੀਜ਼

ਪੈ.ਗਾਮ-ਏ-ਜਗਤ/ਨਵਾਂਸ਼ਹਿਰ
11 ਸਤੰਬਰ (ਗੁਰਬਖਸ਼ ਸਿੰਘ ਮਹੇ)

10ਵੀਂ ਜਮਾਤ 'ਚ ਪੜ੍ਹਦੇ ਗਾਇਕ ਦਿਸ਼ਾਂਤ ਧੀਰ ਧੀਰ ਮਿਊਜ਼ਿਕ ਪ੍ਰੋਡਕਸ਼ਨ ਤੇ ਆਪਣਾ ਦੂਸਰਾ ਗੀਤ ਜ਼ਿੰਦਗੀ ਦਾ ਮੇਲਾ ਲੈ ਕੇ ਹਾਜ਼ਰ ਹੋਇਆ ਹੈ। ਵੀਡੀਓ ਨਿਰਦੇਸ਼ਕ ਗੁਰਬਖਸ਼ ਸਿੰਘ ਨੇ ਯੂਟਿਊਬ ਤੇ ਰਿਲੀਜ਼ ਕੀਤੇ ਇਸ ਗੀਤ ਬਾਰੇ ਦੱਸਿਆ ਕਿ ਜ਼ਿੰਦਗੀ ਇੱਕ ਅਜਿਹਾ ਮੇਲਾ ਹੈ, ਜਿਸ ਵਿਚ ਹਰ ਮਨੁੱਖ ਆਪਣਾ ਕਿਰਦਾਰ ਨਿਭਾਉਂਦਾ ਹੋਇਆ ਕੁਝ ਪਲਾਂ ਲਈ ਆਉਂਦਾ ਹੈ ਅਤੇ ਫਿਰ ਚੁੱਪਚਾਪ ਇਸ ਦੁਨੀਆ ਤੋਂ ਰੁਖ਼ਸਤ ਹੋ ਜਾਂਦਾ ਹੈ। ਇਸ ਮੇਲੇ ਵਿਚ ਹਾਸੇ ਵੀ ਹਨ, ਹੰਝੂ ਵੀ, ਜਿੱਤ ਦੇ ਜਸ਼ਨ ਵੀ ਹਨ ਤੇ ਹਾਰ ਦੀਆਂ ਠੋਕਰਾਂ ਵੀ।

ਕੋਈ ਦੌਲਤ ਦੇ ਪਿੱਛੇ ਦੌੜ ਰਿਹਾ ਹੈ ਤੇ ਕੋਈ ਸਕੂਨ ਦੀ ਭਾਲ ਵਿਚ ਹੈ। ਪਰ ਸਮੇਂ ਦੀ ਚਾਲ ਸਭ ਨੂੰ ਇੱਕੋ ਜਿਹਾ ਸਬਕ ਦਿੰਦੀ ਹੈ—ਕੁਝ ਵੀ ਸਦਾ ਲਈ ਨਹੀਂ। ਇਸ ਲਈ ਜ਼ਿੰਦਗੀ ਨੂੰ ਸ਼ਿਕਵਿਆਂ ਵਿਚ ਨਹੀਂ, ਸਗੋਂ ਪਿਆਰ, ਸਾਂਝ ਅਤੇ ਇਨਸਾਨੀਅਤ ਨਾਲ ਜੀਣਾ ਚਾਹੀਦਾ ਹੈ। ਅਸਲ ਕਾਮਯਾਬੀ ਵੱਡਾ ਨਾਮ ਕਮਾਉਣ ਵਿੱਚ ਨਹੀਂ, ਸਗੋਂ ਕਿਸੇ ਦੇ ਚਿਹਰੇ 'ਤੇ ਮੁਸਕਾਨ ਲਿਆਉਣ ਵਿਚ ਹੈ। ਜ਼ਿੰਦਗੀ ਦਾ ਇਹ ਮੇਲਾ ਛੋਟਾ ਹੈ; ਇਸਨੂੰ ਯਾਦਗਾਰ ਬਣਾਉਣਾ ਸਾਡੇ ਆਪਣੇ ਹੱਥ ਹੈ। ਕਹਿੰਦੇ ਹਨ ਕਿ ਮਾਪਿਆਂ ਦੇ ਸੁਪਨੇ ਅਕਸਰ ਆਪਣੇ ਬੱਚਿਆਂ ਦੀ ਕਾਮਯਾਬੀ ਵਿਚ ਵੱਸਦੇ ਹਨ।



ਇਸੇ ਜਜ਼ਬੇ ਦੀ ਮਿਸਾਲ ਗਾਇਕ ਦੇ ਪਿਤਾ ਵੱਲੋਂ ਯੂਨਾਨ (ਗਰੀਸ) ਦੀ ਧਰਤੀ 'ਤੇ ਕੀਤੀ ਜਾ ਰਹੀ ਹੱਡ-ਭੰਨਵੀਂ ਮਿਹਨਤ ਹੈ। ਆਪਣੇ ਪਰਿਵਾਰ ਤੋਂ ਦੂਰ ਰਹਿੰਦਿਆਂ ਉਹ ਦਿਨ-ਰਾਤ ਮਿਹਨਤ ਕਰ ਰਿਹਾ ਹੈ, ਤਾਂ ਜੋ ਆਪਣੇ ਬੱਚੇ ਦੇ ਗਾਇਕੀ ਦੇ ਸੁਪਨੇ ਨੂੰ ਉਡਾਣ ਮਿਲ ਸਕੇ। ਵਿਦੇਸ਼ ਦੀ ਧਰਤੀ 'ਤੇ ਪਸੀਨਾ ਵਹਾਉਂਦਾ ਇਹ ਪਿਤਾ ਦਰਅਸਲ ਆਪਣੇ ਪੁੱਤਰ ਦੇ ਭਵਿੱਖ ਦੀ ਨੀਂਹ ਮਜ਼ਬੂਤ ਕਰ ਰਿਹਾ ਹੈ। ਉਸਦੀ ਸਿਰਤੋੜ ਮਿਹਨਤ, ਤਿਆਗ ਅਤੇ ਹੌਸਲਾ ਇਸ ਗੱਲ ਦਾ ਸਬੂਤ ਹੈ ਕਿ ਮਾਪਿਆਂ ਦੀਆਂ ਦੁਆਵਾਂ ਤੇ ਕੁਰਬਾਨੀਆਂ ਹੀ ਬੱਚਿਆਂ ਦੀ ਕਾਮਯਾਬੀ ਦਾ ਸਭ ਤੋਂ ਵੱਡਾ ਸਹਾਰਾ ਹੁੰਦੀਆਂ ਹਨ। ਇਸ ਗੀਤ ਦਾ ਸੰਗੀਤ ਟੋਪ ਹਾਰਟਟੱਚ ਟੀਮ ਵਲੋਂ ਦਿੱਤਾ ਗਿਆ ਹੈ ਜਦਕਿ ਸਟੋਰੀ ਆਸ਼ੀਸ਼ ਮਠਾਰੂ ਵਲੋਂ ਤਿਆਰ ਕੀਤੀ ਗਈ ਹੈ, ਇਸ ਦੇ ਨਿਰਮਾਤਾ ਰਾਮਜੀ ਧੀਰ ਗਰੀਸ, ਡਾਇਰੈਕਟਰ ਗੁਰਬਖਸ਼ ਸਿੰਘ ਮਹੇ, ਗੀਤਕਾਰ ਰਾਮਜੀ ਧੀਰ, ਡੀ ਓ ਪੀ ਜਪਨੀਤ ਮਹੇ ਤੇ ਜੇਮਸ ਅਤੇ ਵੀਡੀਓ ਐਡੀਟਿੰਗ 8ਵੀਂ 'ਚ ਪੜ੍ਹਦੇ ਵਿਦਿਆਰਥੀ ਜਪਨੀਤ ਮਹੇ ਵਲੋਂ ਕਰਕੇ ਗੀਤ ਨੂੰ ਫਿਲਮੀਟੱਚ ਦਿੱਤਾ ਗਿਆ ਹੈ, ਜਦਕਿ ਕਿਰਦਾਰ ਨਿਭਾਇਆ ਹੈ ਸਿਮਰਨ ਰਾਠੌਰ, ਮੋਹਿਤ ਮੈਡਸ, ਅਸ਼ੋਕ ਦੁੱਗਲ ਅਤੇ ਮਾਸ਼ਾ ਨਾਫ਼ਰੀ ਸਿੰਬਲ ਮਜਾਰਾ ਨੇ। ਪੋਸਟਰ ਮਹੇ ਆਰਟ ਨਵਾਂਸ਼ਹਿਰ ਵਲੋਂ ਤਿਆਰ ਕੀਤਾ ਗਿਆ ਹੈ। ਦਿਸ਼ਾਂਤ ਦੇ ਉਸਤਾਦ ਬੂਟਾ ਕੋਹਿਨੂਰ ਨੇ ਆਖਿਆ ਕਿ ਇਸ ਗੀਤ ਤੋਂ ਉਨ੍ਹਾਂ ਨੂੰ ਕਾਫ਼ੀ ਆਸਾਂ ਅਤੇ ਉਮੀਦਾਂ ਹਨ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਜੇ ਐਮ 7 ਐਂਟਰਟੇਨਮੈਂਟ ਚੈਨਲ ਤੇ ਇਸ ਤੋਂ ਪਹਿਲਾਂ ਦਿਸ਼ਾਂਤ ਧੀਰ ਦੇ 5 ਧਾਰਮਿਕ ਗੀਤ ਰਲੀਜ਼ ਹੋ ਚੁੱਕੇ ਹਨ।

ਵਿਸ਼ਵ ਹਿੰਦੂ ਪ੍ਰੀਸ਼ਦ ਨਵਾਂਸ਼ਹਿਰ ਦੀ ਹੋਈ ਵਿਸ਼ੇਸ਼ ਮੀਟਿੰਗ

ਪੈ.ਗਾਮ-ਏ-ਜਗਤ
ਨਵਾਂਸ਼ਹਿਰ (ਦੇਸ ਰਾਜ ਬਾਲੀ)

ਵਿਸ਼ਵ ਹਿੰਦੂ ਪ੍ਰੀਸ਼ਦ ਨਵਾਂਸ਼ਹਿਰ ਦੀ ਵਿਸ਼ੇਸ਼ ਮੀਟਿੰਗ ਪ੍ਰੀਸ਼ਦ ਦੇ ਜ਼ਿਲ੍ਹਾ ਪ੍ਰਧਾਨ ਲਲਿਤ ਕੁਮਾਰ ਓਹਰੀ ਦੀ ਪ੍ਰਧਾਨਗੀ ਹੇਠ ਉਨ੍ਹਾਂ ਦੇ ਨਿਵਾਸ ਸਥਾਨ 'ਤੇ ਹੋਈ। ਮੀਟਿੰਗ ਵਿਚ ਲੁਧਿਆਣਾ , ਜਲੰਧਰ ਅਤੇ ਰੋਪੜ ਦੇ ਵਿਭਾਗ ਸੰਗਠਨ ਮੰਤਰੀ ਮਾਨਯੋਗ ਵਿਕਾਸ ਜੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਜਿਨ੍ਹਾਂ ਦਾ ਸਮੂਹ ਮੈਂਬਰਾਂ ਵਲੋਂ ਸਿਰੋਪੇ ਦੇ ਕੇ ਸਵਾਗਤ ਕੀਤਾ ਗਿਆ। ਮੀਟਿੰਗ ਵਿਚ ਪ੍ਰਮੁੱਖ ਵਿਸ਼ਿਆਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ ਖਾਸ ਕਰ ਕੇ ਸੰਗਠਨ ਦੇ ਪ੍ਰਚਾਰ ਪ੍ਰਸਾਰ ਲਈ ਵਿਸਥਾਰ ਸਹਿਤ ਚਰਚਾ ਕੀਤੀ ਗਈ ਅਤੇ ਮੈਂਬਰਾਂ ਵਲੋਂ ਆਪਣੇ ਆਪਣੇ ਸੁਝਾਅ ਦਿੱਤੇ ਗਏ।ਜ਼ਿਲ੍ਹੇ ਦੇ ਸਾਰੇ ਪ੍ਰਬੰਧਕਾਂ ਨਾਲ ਤਾਲਮੇਲ ਬਣਾਉਣ 'ਤੇ ਜ਼ੋਰ ਦਿੱਤਾ ਗਿਆ। ਦੇਸ਼ ਵਿਚ ਨੌਜਵਾਨਾਂ ਦੇ ਨਸ਼ਿਆਂ ਵਿੱਚ ਲਿਪਤ ਹੋਣ 'ਤੇ ਚਿੰਤਾ ਪ੍ਰਗਟਾਈ ਗਈ ਅਤੇ ਦੇਸ਼ ਦੀ ਉੱਨਤੀ ਲਈ ਨਾਗਰਿਕਾਂ ਦਾ ਸਹਿਯੋਗ ਲੈਣ ਲਈ ਜਾਣਕਾਰੀਆਂ ਸਾਂਝੀਆਂ ਕੀਤੀਆਂ ਗਈਆਂ। ਸਮੂਹ ਹਾਜ਼ਰ ਮੈਂਬਰਾਂ ਵਲੋਂ ਮਾਨਯੋਗ ਵਿਕਾਸ ਜੀ ਨੂੰ ਪੂਰਾ ਪੂਰਾ ਸਹਿਯੋਗ ਦੇਣ ਦਾ ਵਿਸ਼ਵਾਸ ਦਿਵਾਇਆ ਗਿਆ। ਅੰਤ ਵਿੱਚ ਪ੍ਰਧਾਨ ਲਲਿਤ ਓਹਰੀ ਅਤੇ ਮੈਂਬਰਾਂ ਵਲੋਂ ਵਿਕਾਸ ਜੀ ਨੂੰ ਤੁਲਸੀ ਦਾ ਪੌਦਾ ਭੇਟ ਕੀਤਾ ਗਿਆ। ਇਸ ਮੌਕੇ ਪ੍ਰੀਸ਼ਦ ਦੇ ਜ਼ਿਲ੍ਹਾ ਮੰਤਰੀ ਸੁਰੇਸ਼ ਸ਼ਰਮਾ , ਜ਼ਿਲ੍ਹਾ ਧਰਮ ਪ੍ਰਸਾਰ ਮੁੱਖੀ ਜਤਿੰਦਰ ਸੈਂਗਰ, ਸੂਬਾ ਪ੍ਰਮੁੱਖ ਬਜਰੰਗ ਦੱਲ ਸੰਦੀਪ ਠਾਕੁਰ ਅਤੇ ਗੜ੍ਹਸ਼ੰਕਰ ਤੋਂ ਜ਼ਿਲ੍ਹਾ ਸੰਯੋਜਕ ਬਜਰੰਗ ਦਲ ਨਵੀਨ ਸੋਨੀ ਆਦਿ ਵੀ ਹਾਜ਼ਰ ਸਨ।



ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਰੋਨ ਸ਼ੋਅ ਕੱਲ ਤੋਂ

- ਗੁਰੂ ਜੀ ਦੇ ਜੀਵਨ, ਦਰਸ਼ਨ ਅਤੇ ਸਿੱਖਿਆਵਾਂ ਦੀ ਬੇਮਿਸਾਲ ਪੇਸ਼ਕਾਰੀ ਕਰੇਗਾ ਡਰੋਨ ਸ਼ੋਅ
- ਪਹਿਲਾ ਸ਼ੋਅ ਮਾਹਿਲਪੁਰ, ਫਿਰ ਦਸੂਹਾ, ਟਾਂਡਾ, ਸ਼ਾਮਚੌਰਾਸੀ, ਹੁਸ਼ਿਆਰਪੁਰ ਅਤੇ ਗੜ੍ਹਸ਼ੰਕਰ 'ਚ ਹੋਵੇਗਾ



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਰੋਹਾਂ ਦੀ ਲੜੀ ਤਹਿਤ 13 ਸਤੰਬਰ ਤੋਂ ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਡਰੋਨ ਸ਼ੋਅ ਕਰਵਾਏ ਜਾ ਰਹੇ ਹਨ ਅਤੇ ਪਹਿਲਾ ਸ਼ੋਅ ਖਾਲਸਾ ਕਾਲਜ ਮਾਹਿਲਪੁਰ ਦੇ ਮੈਦਾਨ ਵਿੱਚ ਕਰਵਾਇਆ ਜਾਵੇਗਾ।

ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਅੱਜ ਇੱਥੇ ਸਥਾਨਕ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿੱਚ ਡਰੋਨ ਸ਼ੋਅ ਦੀਆਂ ਤਿਆਰੀਆਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਢੁਕਵੇਂ ਪ੍ਰਬੰਧ ਸਮੇਂ ਸਿਰ ਪੂਰੇ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਸ਼ਾਮ ਵੇਲੇ ਸ਼ੁਰੂ ਹੋਣ ਵਾਲੇ ਇਹ ਡਰੋਨ ਸ਼ੋਅ ਆਪਣੀ ਕਿਸਮ ਦੇ ਵਿਲੱਖਣ ਸ਼ੋਅ ਹਨ, ਜੋ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਦਰਸ਼ਨ ਅਤੇ ਸਿੱਖਿਆਵਾਂ ਦੀ ਬੇਮਿਸਾਲ ਪੇਸ਼ਕਾਰੀ ਕਰਨਗੇ। ਉਨ੍ਹਾਂ ਦੱਸਿਆ ਕਿ ਮਾਹਿਲਪੁਰ ਤੋਂ ਬਾਅਦ ਦਸੂਹਾ, ਟਾਂਡਾ, ਸ਼ਾਮਚੌਰਾਸੀ, ਹੁਸ਼ਿਆਰਪੁਰ ਅਤੇ ਗੜ੍ਹਸ਼ੰਕਰ ਵਿੱਚ ਇਹ ਡਰੋਨ ਸ਼ੋਅ ਹੋਣਗੇ। ਉਨ੍ਹਾਂ ਦੱਸਿਆ ਕਿ ਡਰੋਨ ਸ਼ੋਅ ਵਾਲੀ ਥਾਂ 'ਤੇ ਸੰਗਤ ਦੇ ਬੈਠਣ ਦਾ ਢੁਕਵਾਂ ਪ੍ਰਬੰਧ ਰਹੇਗਾ, ਜਿੱਥੇ ਸ਼ੋਅ ਦੀ ਸ਼ੁਰੂਆਤ ਰਾਗੀ ਜੱਥੇ ਵੱਲੋਂ ਕੀਰਤਨ ਰਾਹੀਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸ਼ਾਮ 6:30 ਵਜੇ ਤੋਂ ਸਮਾਗਮ ਸ਼ੁਰੂ ਹੋਵੇਗਾ, ਜਿਸ ਵਿੱਚ ਗੁਰਬਾਣੀ, ਕੀਰਤਨ ਤੋਂ ਬਾਅਦ 8:00 ਵਜੇ ਡਰੋਨ ਸ਼ੋਅ ਹੋਵੇਗਾ।

ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਡਰੋਨ ਸ਼ੋਅ ਦੌਰਾਨ ਇੱਕੋ ਸਮੇਂ 500 ਡਰੋਨ ਹਵਾ ਵਿੱਚ ਉੱਡਦੇ ਹੋਏ ਗੁਰੂ ਜੀ ਦੇ ਦਰਸ਼ਨ ਬਾਰੇ ਡਿਜੀਟਲ ਤਰੀਕੇ ਨਾਲ ਪੇਸ਼ਕਾਰੀ ਕਰਨਗੇ। ਪੰਜਾਬ ਸਰਕਾਰ ਵੱਲੋਂ ਅਜਿਹੇ 92 ਡਰੋਨ ਸ਼ੋਅ ਪੂਰੇ ਰਾਜ ਵਿੱਚ ਕਰਵਾਏ ਜਾਣਗੇ, ਜਿਸ ਤਹਿਤ ਮਾਹਿਲਪੁਰ ਵਿੱਚ 13 ਸਤੰਬਰ ਨੂੰ, ਦਸੂਹਾ ਵਿੱਚ 14 ਸਤੰਬਰ ਨੂੰ, ਟਾਂਡਾ ਵਿੱਚ 15 ਸਤੰਬਰ ਨੂੰ, ਸ਼ਾਮਚੌਰਾਸੀ ਵਿਧਾਨ ਸਭਾ ਹਲਕੇ ਵਿੱਚ ਦੁਸਹਿਰਾ ਗਰਾਊਂਡ ਹਰਿਆਣਾ ਵਿਖੇ 16 ਸਤੰਬਰ ਨੂੰ, ਹੁਸ਼ਿਆਰਪੁਰ ਦੇ ਲਾਜਵੰਤੀ ਸਟੇਡੀਅਮ ਵਿੱਚ 17 ਸਤੰਬਰ ਅਤੇ ਗੜ੍ਹਸ਼ੰਕਰ ਦੇ ਫੁੱਟਬਾਲ ਗਰਾਊਂਡ ਵਿੱਚ 18 ਸਤੰਬਰ ਨੂੰ ਇਹ ਸ਼ੋਅ ਹੋਣ ਜਾ ਰਹੇ ਹਨ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੰਗਤਾਂ ਨੂੰ ਸੱਦਾ ਦਿੱਤਾ ਗਿਆ ਹੈ ਕਿ ਇਸ ਵਿਲੱਖਣ ਡਰੋਨ ਸ਼ੋਅ ਦੀ ਪੇਸ਼ਕਾਰੀ ਨੂੰ ਜ਼ਰੂਰ ਦੇਖਿਆ ਜਾਵੇ, ਤਾਂ ਜੋ ਗੁਰੂ ਜੀ ਦੇ ਜੀਵਨ ਅਤੇ ਦਰਸ਼ਨ ਤੋਂ ਪ੍ਰੇਰਨਾ ਲਈ ਜਾ ਸਕੇ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਾਕੇਸ਼ ਕੁਮਾਰ ਮੀਣਾ ਅਤੇ ਵੱਖ-ਵੱਖ ਵਿਭਾਗਾਂ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

ਅੰਤਰ-ਪੌਲੀਟੈਕਨਿਕ ਬੈਡਮਿੰਟਨ ਟੂਰਨਾਮੈਂਟ ਵਿੱਚ ਪੰਚਕੂਲਾ ਪਹਿਲੇ, ਸਿਰਸਾ ਦੂਜੇ ਅਤੇ ਅੰਬਾਲਾ ਤੀਜੇ ਸਥਾਨ 'ਤੇ ਰਿਹਾ



ਪੈ.ਗਾਮ-ਏ-ਜਗਤ/ਅੰਬਾਲਾ
11 ਸਤੰਬਰ (ਆਰ.ਸਿੰਘ)

ਅੰਬਾਲਾ ਸ਼ਹਿਰ ਦੇ ਕਲਪਨਾ ਚਾਵਲਾ ਸਰਕਾਰੀ ਮਹਿਲਾ ਪੌਲੀਟੈਕਨਿਕ ਵੱਲੋਂ ਪ੍ਰਿੰਸੀਪਲ ਮੁਨੀਸ਼ ਗੁਪਤਾ ਦੀ ਅਗਵਾਈ ਵਿਚ ਅੰਬਾਲਾ ਕਲੱਬ ਵਿਖੇ ਆਯੋਜਿਤ ਦੋ-ਰੋਜ਼ਾ ਅੰਤਰ-ਪੌਲੀਟੈਕਨਿਕ ਬੈਡਮਿੰਟਨ ਟੂਰਨਾਮੈਂਟ ਦਾ ਸਮਾਪਨ ਹੋ ਗਿਆ। ਇਸ ਟੂਰਨਾਮੈਂਟ ਵਿਚ ਵੱਖ-ਵੱਖ ਸਰਕਾਰੀ ਪੌਲੀਟੈਕਨਿਕ ਸੰਸਥਾਵਾਂ ਦੀਆਂ ਟੀਮਾਂ ਨੇ ਹਿੱਸਾ ਲਿਆ। ਇਸ ਮੁਕਾਬਲੇ ਵਿਚ ਸਰਕਾਰੀ ਪੌਲੀਟੈਕਨਿਕ ਪੰਚਕੂਲਾ ਦੀ ਟੀਮ ਨੇ ਪਹਿਲਾ, ਸਰਕਾਰੀ ਮਹਿਲਾ ਪੌਲੀਟੈਕਨਿਕ ਸਿਰਸਾ ਨੇ ਦੂਜਾ ਸਥਾਨ ਅਤੇ ਕਲਪਨਾ ਚਾਵਲਾ ਸਰਕਾਰੀ ਮਹਿਲਾ ਪੌਲੀਟੈਕਨਿਕ ਅੰਬਾਲਾ ਸ਼ਹਿਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜੇਤੂ ਟੀਮਾਂ ਨੂੰ ਵਧਾਈ ਦਿੰਦੇ ਹੋਏ ਪ੍ਰਿੰਸੀਪਲ ਮੁਨੀਸ਼ ਗੁਪਤਾ ਨੇ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਖੇਡਾਂ ਰਾਹੀਂ ਵਿਦਿਆਰਥੀ ਅਨੁਸ਼ਾਸਨ, ਆਤਮ-ਵਿਸ਼ਵਾਸ, ਟੀਮ ਭਾਵਨਾ, ਲੀਡਰਸ਼ਿਪ ਯੋਗਤਾ ਅਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਵਿਕਸਤ ਕਰਦੇ ਹਨ। ਬਾਬੂ ਰਾਮ, ਡਾ. ਅਸ਼ਵਨੀ ਭਾਰਦਵਾਜ, ਸੁਰੇਸ਼, ਓਮਾ ਕਾਂਤ ਅਤੇ ਖੇਡ ਸਕੱਤਰ ਸਰਵਜੀਤ ਨੇ ਟੂਰਨਾਮੈਂਟ ਨੂੰ ਸਫਲ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ।

100 ਸਾਲਾ ਮਹਾਨ 'ਆਦਿ ਧਰਮ' ਸਮਾਗਮ 'ਚ ਸ਼ਾਮਿਲ ਹੋਣ ਲਈ ਸੰਤ ਨਿਰਮਲ ਦਾਸ ਬਾਬੇਜੌੜੇ ਨੂੰ ਦਿੱਤਾ ਸੱਦਾ ਪੱਤਰ

ਆਦਿ ਧਰਮ ਸਮਾਗਮ 'ਚ ਸੰਗਤਾਂ ਹੁੰਮ ਹੁਮਾ ਕੇ ਸ਼ਾਮਿਲ ਹੋਣ : ਸੰਤ ਨਿਰਮਲ ਦਾਸ ਬਾਬੇਜੌੜੇ



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਸਮਤਾ, ਸਮਾਨਤਾ ਅਤੇ ਭਾਈਚਾਰਕ ਸਾਂਝ ਮਜਬੂਤ ਕਰਨ ਲਈ ਸਥਾਪਿਤ ਕੀਤੇ ਆਦਿ ਧਰਮ ਦੇ 100 ਸਾਲਾ ਸਥਾਪਨਾ ਵਰੇਗੰਢ ਦੀ ਖੁਸ਼ੀ 'ਚ ਮਹਾਨ ਆਦਿ ਧਰਮ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਡੇਰਾ ਸੰਤ ਮੇਲਾ ਰਾਮ ਨਗਰ ਵਿਖੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਸ਼ਰਧਾ ਪੂਰਵਕ ਮਨਾਇਆ ਜਾਵੇਗਾ। ਇਨਾਂ ਸਮਾਗਮਾਂ ਵਿੱਚ ਸ਼ਾਮਿਲ ਹੋਣ ਲਈ ਸੰਤ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ. ਪੰਜਾਬ ਨੂੰ ਵਿਸ਼ੇਸ਼ ਤੌਰ ਤੇ ਸੱਦਾ ਪੱਤਰ ਦੇਣ ਲਈ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ,ਮਹੰਤ ਪ੍ਰਸ਼ੋਤਮ ਲਾਲ ਇਤਿਹਾਸਕ ਦੇਹਰਾ ਚੱਕ ਹਕੀਮ , ਕੈਪਟਨ ਬੀ ਆਰ ਨਈਅਰ ਇੰਗਲੈਂਡ, ਡੇਰਾ ਸੰਤ ਪ੍ਰੀਤਮ ਦਾਸ ਬਾਬੇਜੌੜੇ ਰਾਏਪੁਰ ਰਸੂਲਪੁਰ ਪਹੁੰਚੇ ਅਤੇ ਸੰਤ ਨਿਰਮਲ ਦਾਸ ਜੀ ਨੂੰ ਸੱਦਾ ਪੱਤਰ ਦਿੱਤਾ।

ਇਸ ਮੌਕੇ ਸੰਤ ਨਿਰਮਲ ਦਾਸ ਨੇ ਕਿਹਾ ਕਿ ਆਦਿ ਧਰਮ ਪ੍ਰਚਾਰ ਲਈ ਵੱਧ ਤੋਂ ਵੱਧ ਪ੍ਰਚਾਰ ਸਮਗਰੀ ਅਤੇ ਲਿਟਰੇਚਰ ਵੰਡਿਆ ਜਾਣਾ ਚਾਹੀਦਾ ਹੈ ਤਾਂ ਕਿ ਸੰਗਤਾਂ ਨੂੰ ਆਦਿ ਧਰਮ ਦੇ ਇਤਿਹਾਸ ਅਤੇ ਰਹਿਬਰਾਂ ਵਲੋਂ ਕੀਤੇ ਮਹਾਨ ਸੰਘਰਸ਼ ਬਾਰੇ ਜਾਣਕਾਰੀ ਪ੍ਰਾਪਤ ਹੋ ਸਕੇ। ਉਨਾਂ ਸੰਗਤਾਂ ਨੂੰ ਅਪੀਲ ਕੀਤੀ ਕਿ 1 ਨਵੰਬਰ ਨੂੰ ਸੰਗਤਾਂ ਨਗਰ ਵਿਖੇ ਹੁੰਮ ਹੁਮਾ ਕੇ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ।

ਇਸ ਮੌਕੇ ਸੰਤ ਸਤਵਿੰਦਰ ਹੀਰਾ ਸ੍ਰੀ ਗੁਰੂ ਰਵਿਦਾਸ ਇਤਿਹਾਸਕ ਧਰਮ ਅਸਥਾਨ ਚਰਨਛੋਹ ਸੱਚਖੰਡ ਬੇਗਮਪੁਰਾ ਸ੍ਰੀ ਖੁਰਾਲਗੜ ਸਾਹਿਬ (ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਰਜਿ.ਭਾਰਤ) ਅਤੇ ਮਹੰਤ ਪ੍ਰਸ਼ੋਤਮ ਲਾਲ ਗੱਦੀ ਨਸ਼ੀਨ ਇਤਿਹਾਸਕ ਦੇਹਰਾ ਸ੍ਰੀ ਗੁਰੂ ਰਵਿਦਾਸ ਮੰਦਿਰ ਸੱਚਖੰਡ ਚੱਕ ਹਕੀਮ ਫਗਵਾੜਾ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਮਹਾਨ ਆਦਿ ਧਰਮ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਡੇਰਾ 108 ਸੰਤ ਮੇਲਾ ਰਾਮ ਨਗਰ (ਫਿਲੌਰ) ਵਿਖੇ ਸੰਤ ਸਰਵਣ ਦਾਸ ਜੀ ਮਹਾਰਾਜ ਬੋਹਣ ਵਾਲਿਆਂ ਦੀ ਰਹਿਨੁਮਾਈ ਅਤੇ ਸੰਤ ਪਰਮਜੀਤ ਦਾਸ ਜੀ ਨਗਰ ਵਾਲਿਆਂ ਦੀ ਦੇਖ ਰੇਖ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਬਹੁਤ ਸ਼ਰਧਾ ਪੂਰਵਕ ਮਨਾਏ ਜਾਣਗੇ। ਉਨਾਂ ਦੱਸਿਆ ਕਿ ਇਨਾਂ ਸਮਾਗਮਾਂ ਵਿੱਚ ਭਾਰਤ ਦੀਆਂ ਉੱਘੀਆਂ ਮਹਾਨ ਸਖਸ਼ੀਅਤਾਂ ਤੋਂ ਇਲਾਵਾ ਸੰਤ ਮਹਾਂਪੁਰਸ਼, ਬੁੱਧੀਜੀਵੀ, ਵਿਦਵਾਨ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਭਾਰੀ ਗਿਣਤੀ ਵਿੱਚ ਸ਼ਾਮਲ ਹੋਣਗੀਆਂ। ਉਨਾਂ ਸਮੂਹ ਸੰਗਤਾਂ ਨੂੰ ਇਨਾਂ ਸਮਾਗਮਾਂ ਵਿੱਚ ਹੁੰਮ ਹੁਮਾ ਕੇ ਪਹੁੰਚ ਕੇ ਆਦਿ ਧਰਮ ਦੇ ਝੰਡੇ ਬੁਲੰਦ ਕਰਨ ਦੀ ਅਪੀਲ ਕੀਤੀ ਅਤੇ ਜਨਗਣਨਾ ਵਿੱਚ ਆਦਿ ਧਰਮ ਲਿਖਵਾਉਣ ਅਤੇ ਆਦਿ ਧਰਮ ਦਾ ਕਾਲਿਮ ਸਥਾਪਤ ਕਰਾਉਣ ਲਈ ਸਮਤਾ,ਸਮਾਨਤਾ ਅਤੇ ਭਾਈਚਾਰਕ ਸਾਂਝ ਮਜਬੂਤ ਕਰਨ ਦਾ ਸੁਨੇਹਾ ਦਿੱਤਾ। ਇਸ ਮੌਕੇ ਭੈਣ ਸੰਤੋਸ਼ ਕੁਮਾਰੀ ਅਤੇ ਸੰਗਤਾਂ ਹਾਜਰ ਸਨ।

ਅੰਬਾਲਾ ਰੇਂਜ ਦੇ 54 ਪੁਲੀਸ ਮੁਲਾਜ਼ਮਾਂ ਨੂੰ ਮਿਲੀ ਤਰੱਕੀ

ਪੈ.ਗਾਮ-ਏ-ਜਗਤ
ਅੰਬਾਲਾ, 11 ਸਤੰਬਰ (ਆਰ.ਸਿੰਘ)

ਅੰਬਾਲਾ ਰੇਂਜ ਦੇ ਇੰਸਪੈਕਟਰ ਜਨਰਲ ਆਫ਼ ਪੁਲੀਸ ਪੰਕਜ ਨੈਨ, ਆਈਪੀਐਸ ਨੇ ਅੰਬਾਲਾ ਰੇਂਜ ਦੇ ਕੁੱਲ 54 ਪੁਲੀਸ ਮੁਲਾਜ਼ਮਾਂ ਨੂੰ ਤਰੱਕੀ ਦਿੱਤੀ ਹੈ। 27 ਪੁਲੀਸ ਮੁਲਾਜ਼ਮਾਂ ਨੂੰ ਏਐਸਆਈ

- ਤਰੱਕੀਆਂ ਪੁਲੀਸ ਦਾ ਮਨੋਬਲ ਵਧਾਉਂਦੀਆਂ ਹਨ, ਮੁਲਾਜ਼ਮ ਨਵੀਆਂ ਜ਼ਿੰਮੇਵਾਰੀਆਂ ਲਈ ਤਿਆਰ ਹੁੰਦੇ ਹਨ: ਆਈਜੀ ਪੰਕਜ ਨੈਨ

ਤੋਂ ਐਸਆਈ ਵਜੋਂ ਤਰੱਕੀ ਦਿੱਤੀ ਗਈ ਹੈ ਜਿਨ੍ਹਾਂ ਵਿੱਚ ਦੋ ਔਰਤਾਂ ਵੀ ਸ਼ਾਮਲ ਹਨ ਅਤੇ 27 ਨੂੰ ਐਚਸੀ/ਈਐਚਸੀ ਤੋਂ ਈਏਐਸਆਈ ਵਜੋਂ ਤਰੱਕੀ ਦਿੱਤੀ ਗਈ ਹੈ। ਇਨ੍ਹਾਂ ਵਿੱਚ ਅੰਬਾਲਾ ਜ਼ਿਲ੍ਹੇ ਦੇ 15, ਕੁਰੂਕਸ਼ੇਤਰ ਜ਼ਿਲ੍ਹੇ ਦੇ 17 ਅਤੇ ਯਮੁਨਾਨਗਰ ਜ਼ਿਲ੍ਹੇ ਦੇ 22 ਮੁਲਾਜ਼ਮ ਸ਼ਾਮਲ ਹਨ। ਇਹ ਤਰੱਕੀਆਂ ਵਿਭਾਗੀ ਨੀਤੀ ਅਨੁਸਾਰ ਕਰਮਚਾਰੀਆਂ ਦੀ ਸ਼ਾਨਦਾਰ, ਸਮਰਪਿਤ ਅਤੇ ਅਨੁਸ਼ਾਸਿਤ ਸੇਵਾ ਦੇ ਸਨਮਾਨ ਵਿੱਚ ਦਿੱਤੀਆਂ ਗਈਆਂ ਹਨ।



ਇਸ ਮੌਕੇ ਇੰਸਪੈਕਟਰ ਜਨਰਲ ਆਫ਼ ਪੁਲੀਸ ਪੰਕਜ ਨੈਨ ਨੇ ਸਾਰੇ ਤਰੱਕੀ ਪ੍ਰਾਪਤ ਪੁਲੀਸ ਮੁਲਾਜ਼ਮਾਂ ਨੂੰ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਤਰੱਕੀ ਕਿਸੇ ਵੀ ਪੁਲੀਸ ਮੁਲਾਜ਼ਮਾਂ ਦੀ ਸੇਵਾ ਵਿੱਚ ਇੱਕ ਮਹੱਤਵਪੂਰਨ ਪ੍ਰਾਪਤੀ ਹੈ। ਇਹ ਉਨ੍ਹਾਂ ਦੀ ਸਖ਼ਤ ਮਿਹਨਤ, ਸਮਰਪਣ, ਸ਼ਰਧਾ ਅਤੇ ਵਚਨਬੱਧਤਾ ਦੀ ਮਾਨਤਾ ਹੈ। ਉਨ੍ਹਾਂ ਕਿਹਾ ਕਿ ਤਰੱਕੀਆਂ ਉਨ੍ਹਾਂ ਪੁਲੀਸ ਅਧਿਕਾਰੀਆਂ ਦੇ ਮਨੋਬਲ ਨੂੰ ਵਧਾਉਂਦੀਆਂ ਹਨ ਜਿਨ੍ਹਾਂ ਨੇ ਲੰਬੇ ਸਮੇਂ ਤੋਂ ਪੂਰੀ ਲਗਨ ਅਤੇ ਜ਼ਿੰਮੇਵਾਰੀ ਨਾਲ ਆਪਣੀਆਂ ਡਿਊਟੀਆਂ ਨਿਭਾਈਆਂ ਹਨ ਅਤੇ ਉਹ ਹੋਰ ਕਰਮਚਾਰੀਆਂ ਨੂੰ ਵੀ ਬਿਹਤਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕਰਦੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਤਰੱਕੀਆਂ ਦੇ ਨਾਲ ਪੁਲੀਸ ਅਧਿਕਾਰੀਆਂ ਦੀਆਂ ਜ਼ਿੰਮੇਵਾਰੀਆਂ ਵੀ ਵਧਦੀਆਂ ਹਨ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਸਾਰੇ ਤਰੱਕੀ ਪ੍ਰਾਪਤ ਅਧਿਕਾਰੀ ਆਪਣੀਆਂ ਨਵੀਆਂ ਜ਼ਿੰਮੇਵਾਰੀਆਂ ਨੂੰ ਪੂਰੀ ਗੰਭੀਰਤਾ ਅਤੇ ਸਮਰਪਣ ਨਾਲ ਨਿਭਾਉਣਗੇ ਜਿਸ ਨਾਲ ਵਿਭਾਗ ਦਾ ਮਾਣ ਹੋਰ ਵਧੇਗਾ। ਉਨ੍ਹਾਂ ਤਰੱਕੀ ਪ੍ਰਾਪਤ ਸਾਰੇ ਅਧਿਕਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ।

ਮੰਤਰੀ ਹਰਪਾਲ ਚੀਮਾ ਖ਼ਿਲਾਫ਼ ਐਫ.ਆਈ.ਆਰ ਅਤੇ ਗ੍ਰਿਫ਼ਤਾਰੀ ਦੀ ਮੰਗ ਨੂੰ ਲੈ ਕੇ ਜ਼ਿਲ੍ਹਾ ਕਾਂਗਰਸ ਨੇ ਦਿੱਤਾ ਮੈਮੋਰੈਂਡਮ



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਪੰਜਾਬ ਦੇ ਹਲਕਾ ਦਿੜ੍ਹਬਾ ਦੇ ਗੁਲਜ਼ਾਰ ਸਿੰਘ ਨੂੰ ਆਤਮਹੱਤਿਆ ਲਈ ਮਜਬੂਰ ਕਰਨ ਦੇ ਮਾਮਲੇ ਨੂੰ ਲੈ ਕੇ ਵਿੱਤ ਮੰਤਰੀ ਹਰਪਾਲ ਚੀਮਾ ਖ਼?ਲਾਫ਼ ਐਫ.ਆਈ.ਆਰ ਦਰਜ ਕਰਕੇ ਉਸਦੀ ਦੀ ਗ੍ਰਿਫ਼ਤਾਰੀ ਦੀ ਮੰਗ ਨੂੰ ਲੈ ਕੇ ਜ਼ਿਲ੍ਹਾ ਕਾਂਗਰਸ ਹੁਸ਼ਿਆਰਪੁਰ ਦੇ ਪ੍ਰਧਾਨ ਦਲਜੀਤ ਸਿੰਘ ਗਿਲਜੀਆਂ ਦੇ ਨਿਰਦੇਸ਼ਾਂ ਤੇ ਹੁਸ਼ਿਆਰਪੁਰ ਦੇ ਸੀਨੀਅਰ ਕਾਂਗਰਸੀ ਨੇਤਾਵਾਂ ਵੱਲੋਂ ਡੀ.ਜੀ.ਪੀ ਦੇ ਨਾਮ ਤੇ ਮੈਮੋਰੈਂਡਮ ਨਵਨੀਤ ਕੌਰ ਗਿੱਲ ਐਸ.ਪੀ (ਹੈਡਕਾਊਟਰ) ਰਾਹੀ ਸੌਂਪਿਆ ਗਿਆ। ਇਸ ਮੌਕੇ ਐਡਵੋਕੇਟ ਰੋਹਿਤ ਜੋਸ਼ੀ ਨੇ ਕਿਹਾ ਕਿ ਜੇਕਰ ਕਿਸੇ ਮਾਮਲੇ ਵਿੱਚ ਗੰਭੀਰ ਦੋਸ਼ ਸਾਹਮਣੇ ਆਉਂਦੇ ਹਨ ਤਾਂ ਕਾਨੂੰਨ ਸਭ ਲਈ ਬਰਾਬਰ ਹੋਣਾ ਚਾਹੀਦਾ ਹੈ। ਕਿਸੇ ਵੀ ਵਿਅਕਤੀ ਨੂੰ ਉਸਦੇ ਅਹੁਦੇ ਜਾਂ ਸਿਆਸੀ ਪ੍ਰਭਾਵ ਦੇ ਆਧਾਰ 'ਤੇ ਕਾਨੂੰਨੀ ਕਾਰਵਾਈ ਤੋਂ ਛੋਟ ਨਹੀਂ ਮਿਲਣੀ ਚਾਹੀਦੀ। ਕਾਂਗਰਸ ਆਗੂਆਂ ਨੇ ਮੰਗ ਕੀਤੀ ਕਿ ਮਾਮਲੇ ਦੀ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਕਰਵਾਈ ਜਾਵੇ ਅਤੇ ਹਰਪਾਲ ਚੀਮਾ ਖ਼ਿਲਾਫ਼ ਐਫ.ਆਈ.ਆਰ ਦਰਜ ਕਰਕੇ ਗ੍ਰਿਫ਼ਤਾਰ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਸਰਕਾਰ ਤੋਂ ਜਵਾਬਦੇਹੀ, ਪਾਰਦਰਸ਼ਤਾ ਅਤੇ ਕਾਨੂੰਨ ਦੀ ਪਾਲਣਾ ਦੀ ਮੰਗ ਕਰਦੀ ਹੈ। ਕਾਂਗਰਸ ਪਾਰਟੀ ਕਿਸੇ ਵੀ ਤਰ੍ਹਾਂ ਦੀ ਬੇਇਨਸਾਫ਼ੀ ਜਾਂ ਦੋਹਰੇ ਮਾਪਦੰਡਾਂ ਦਾ ਵਿਰੋਧ ਕਰੇਗੀ। ਜ਼ਿਲ੍ਹਾ ਕਾਂਗਰਸ ਹੁਸ਼ਿਆਰਪੁਰ ਨੇ ਪੁਲਿਸ ਮੁੱਖੀ ਤੋਂ ਮੰਗ ਕੀਤੀ ਕਿ ਮੈਮੋਰੈਂਡਮ ਵਿੱਚ ਉਠਾਏ ਗਏ ਮਾਮਲੇ 'ਤੇ ਤੁਰੰਤ ਗੌਰ ਕਰਦਿਆਂ ਕਾਨੂੰਨ ਮੁਤਾਬਕ ਬਨਦੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਐਡਵੋਕੇਟ ਰੋਹਿਤ ਜੋਸ਼ੀ, ਠਾਕੁਰ ਨਰਵੀਰ ਨੰਦੀ, ਅਸ਼ਵਨੀ ਸ਼ਰਮਾ, ਗੁਰਦੀਪ ਕਟੋਚ, ਰਜਨੀਸ਼ ਟੰਡਨ, ਅਸ਼ੋਕ ਸ਼ਰਮਾ, ਸੁਖਬੀਰ ਸਿੰਘ, ਰਾਜਾ ਸੈਣੀ ਮਜੂਦ ਸਨ।

ਪਰਾਲੀ ਪ੍ਰਬੰਧਨ ਨੂੰ ਲੈ ਕੇ ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹਾ ਪੱਧਰੀ ਮੀਟਿੰਗ



ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਜ਼ਿਲ੍ਹੇ ਵਿੱਚ ਪਰਾਲੀ ਪ੍ਰਬੰਧਨ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਅਤੇ ਪਰਾਲੀ ਸਾੜਨ ਦੀਆਂ ਘਟਨਾਵਾਂ 'ਤੇ ਪੂਰੀ ਤਰ੍ਹਾਂ ਰੋਕ ਲਗਾਉਣ ਦੇ ਮਕਸਦ ਨਾਲ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਸ਼ਾਸਕੀ

- ਉਦਯੋਗਾਂ ਅਤੇ ਕਿਸਾਨਾਂ ਵਿਚਾਲੇ ਬਿਹਤਰ ਤਾਲਮੇਲ ਨਾਲ ਪਰਾਲੀ ਪ੍ਰਬੰਧਨ ਨੂੰ ਹੁਲਾਰਾ ਦਿੱਤਾ ਜਾਵੇਗਾ

ਕੰਪਲੈਕਸ ਵਿਖੇ ਜ਼ਿਲ੍ਹਾ ਪੱਧਰੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ, ਉਦਯੋਗਿਕ ਇਕਾਈਆਂ ਦੇ ਨੁਮਾਇੰਦਿਆਂ ਅਤੇ ਐਗਰੀਗੇਟਰਾਂ ਨੇ ਭਾਗ ਲਿਆ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਾਲ 2026 ਦੌਰਾਨ ਪਰਾਲੀ ਪ੍ਰਬੰਧਨ ਸਬੰਧੀ ਕਾਰਜ ਯੋਜਨਾ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਲਈ ਸਾਰੇ ਸਬੰਧਤ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ। ਉਨ੍ਹਾਂ ਕਿਹਾ ਕਿ ਪਰਾਲੀ ਦੀ ਖਪਤ ਕਰਨ ਵਾਲੀਆਂ ਉਦਯੋਗਿਕ ਇਕਾਈਆਂ ਅਤੇ ਬੇਲਰਾਂ ਰਾਹੀਂ ਪਰਾਲੀ ਇਕੱਠੀ ਕਰਨ ਵਾਲੇ ਕਿਸਾਨਾਂ ਵਿਚਾਲੇ ਬਿਹਤਰ ਤਾਲਮੇਲ ਸਥਾਪਤ ਕਰਨਾ ਜ਼ਰੂਰੀ ਹੈ। ਇਸ ਲਈ ਉਨ੍ਹਾਂ ਨੇ ਸਬ-ਡਵੀਜ਼ਨ ਪੱਧਰ 'ਤੇ ਇਨ੍ਹਾਂ ਦੀ ਮੈਪਿੰਗ ਕਰਨ ਦੇ ਨਿਰਦੇਸ਼ ਦਿੱਤੇ, ਤਾਂ ਜੋ ਪਰਾਲੀ ਇਕੱਠੀ ਕਰਨ ਅਤੇ ਇਸ ਦੀ ਖਪਤ ਦੀ ਪ੍ਰਕਿਰਿਆ ਨੂੰ ਸੁਚਾਰੂ ਬਣਾਇਆ ਜਾ ਸਕੇ।

ਆਸ਼ਿਕਾ ਜੈਨ ਨੇ ਜ਼ਿਲ੍ਹੇ ਦੀਆਂ ਸਾਰੀਆਂ ਉਦਯੋਗਿਕ ਇਕਾਈਆਂ, ਜੋ ਪਰਾਲੀ ਨੂੰ ਕੱਚੇ ਮਾਲ ਜਾਂ ਬਾਲਣ ਵਜੋਂ ਵਰਤਦੀਆਂ ਹਨ, ਨੂੰ ਅਪੀਲ ਕੀਤੀ ਕਿ ਉਹ ਅੱਗੇ ਆ ਕੇ ਇਸ ਵਾਤਾਵਰਣ ਪੱਖੀ ਮੁਹਿੰਮ ਵਿੱਚ ਆਪਣਾ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਉਦਯੋਗਾਂ ਵੱਲੋਂ ਵੱਧ ਤੋਂ ਵੱਧ ਪਰਾਲੀ ਦੀ ਖਪਤ ਕਰਨ ਨਾਲ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਦੇ ਬਿਹਤਰ ਵਿਕਲਪ ਮਿਲਣਗੇ ਅਤੇ ਵਾਤਾਵਰਣ ਦੀ ਸੰਭਾਲ ਨੂੰ ਵੀ ਹੁਲਾਰਾ ਮਿਲੇਗਾ। ਉਨ੍ਹਾਂ ਨੇ ਖੇਤੀਬਾੜੀ ਵਿਭਾਗ ਨੂੰ ਪਿੰਡ ਪੱਧਰ ਤੱਕ ਜਾਗਰੂਕਤਾ ਮੁਹਿੰਮ ਚਲਾਉਣ ਅਤੇ ਪਿਛਲੇ ਸਾਲਾਂ ਦੌਰਾਨ ਕਿਸਾਨਾਂ ਨੂੰ ਮੁਹੱਈਆ ਕਰਵਾਈ ਗਈ ਪਰਾਲੀ ਪ੍ਰਬੰਧਨ ਮਸ਼ੀਨਰੀ ਦੀ ਵੱਧ ਤੋਂ ਵੱਧ ਵਰਤੋਂ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਖੇਤਰ ਵਿੱਚ ਕੰਮ ਕਰ ਰਹੇ ਬੇਲਰਾਂ ਦੀਆਂ ਸੇਵਾਵਾਂ ਦਾ ਲਾਭ ਲੈ ਕੇ ਪਰਾਲੀ ਦਾ ਢੁਕਵਾਂ ਪ੍ਰਬੰਧਨ ਕਰਨ। ਮੀਟਿੰਗ ਦੌਰਾਨ ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ ਵੱਲੋਂ ਜ਼ਿਲ੍ਹੇ ਵਿੱਚੋਂ ਇਕੱਠੀ ਕੀਤੀ ਜਾਣ ਵਾਲੀ ਪਰਾਲੀ ਅਤੇ ਵੱਖ-ਵੱਖ ਉਦਯੋਗਿਕ ਇਕਾਈਆਂ ਵਿੱਚ ਇਸ ਦੀ ਖਪਤ ਸਬੰਧੀ ਟੀਚਿਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਰਾਕੇਸ਼ ਕੁਮਾਰ ਮੀਨਾ, ਵਧੀਕ ਡਿਪਟੀ ਕਮਿਸ਼ਨਰ (ਜ) ਨਿਧੀ ਕੁਮੁਦ ਬੰਬਾਹ, ਮੁੱਖ ਖੇਤੀਬਾੜੀ ਅਫਸਰ ਡਾ. ਦਪਿੰਦਰ ਸਿੰਘ ਸੰਧੂ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

'ਪੈਗਾਮ-ਏ-ਜਗਤ' 'ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਕੈਬਨਿਟ ਮੰਤਰੀ ਰਣਬੀਰ ਗੰਗਵਾ ਨੇ ਸੇਵਾ ਸੰਕਲਪ ਅਭਿਆਨ ਨੂੰ ਲੈ ਕੇ ਆਯੋਜਿਤ ਵਰਕਸ਼ਾਪ ਵਿੱਚ ਭਾਜਪਾ ਹਾਂਸੀ ਮੰਡਲ ਦੇ ਵਰਕਰਾਂ ਨੂੰ ਦਿੱਤਾ ਜਨ ਸੇਵਾ ਦਾ ਸੰਦੇਸ਼

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

ਭਾਰਤੀ ਜਨਤਾ ਪਾਰਟੀ ਵੱਲੋਂ ਚਲਾਏ ਜਾ ਰਹੇ ਸੇਵਾ ਸੰਕਲਪ ਅਭਿਆਨ ਤਹਿਤ ਹਾਂਸੀ ਮੰਡਲ ਵਿੱਚ ਮਹੱਤਵਪੂਰਨ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਵਰਕਸ਼ਾਪ ਵਿੱਚ ਹਰਿਆਣਾ ਸਰਕਾਰ ਦੇ ਕੈਬਨਿਟ ਮੰਤਰੀ ਰਣਬੀਰ ਗੰਗਵਾ ਮੁੱਖ ਬੁਲਾਰੇ ਵਜੋਂ ਹਾਜ਼ਰ ਰਹੇ। ਪ੍ਰੋਗਰਾਮ ਦੀ ਪ੍ਰਧਾਨਗੀ ਭਾਜਪਾ ਹਾਂਸੀ ਮੰਡਲ ਪ੍ਰਧਾਨ ਤਨੁਜ ਖੁਰਾਣਾ ਨੇ ਕੀਤੀ।



ਇਸ ਮੌਕੇ 'ਤੇ ਭਾਜਪਾ ਜ਼ਿਲ੍ਹਾ ਜਨਰਲ ਸਕੱਤਰ ਧਰਮਵੀਰ ਰਤੇਰੀਆ ਦਾ ਵੀ ਮਾਰਗਦਰਸ਼ਨ ਵਰਕਰਾਂ ਨੂੰ ਪ੍ਰਾਪਤ ਹੋਇਆ। ਉਨ੍ਹਾਂ ਨੇ ਵਰਕਰਾਂ ਨੂੰ ਸੇਵਾ ਸੰਕਲਪ ਅਭਿਆਨ ਦੇ ਉਦੇਸ਼ਾਂ ਦੀ ਜਾਣਕਾਰੀ ਦਿੰਦਿਆਂ ਜਥੇਬੰਦਕ ਗਤੀਵਿਧੀਆਂ ਨੂੰ ਪ੍ਰਭਾਵੀ ਢੰਗ ਨਾਲ ਅੱਗੇ ਵਧਾਉਣ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ।

ਮੁੱਖ ਬੁਲਾਰੇ ਕੈਬਨਿਟ ਮੰਤਰੀ ਰਣਬੀਰ ਗੰਗਵਾ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੇਵਾ ਹੀ ਭਾਰਤੀ ਜਨਤਾ ਪਾਰਟੀ ਦੀ ਕਾਰਜਸ਼ੈਲੀ ਦਾ ਮੂਲ ਆਧਾਰ ਹੈ। ਸੇਵਾ ਸੰਕਲਪ ਅਭਿਆਨ ਰਾਹੀਂ ਸਮਾਜ ਦੇ ਹਰ ਵਰਗ ਤੱਕ ਪਹੁੰਚ ਕੇ ਜਨ ਸੇਵਾ ਦੇ ਕੰਮਾਂ ਨੂੰ ਗਤੀ ਦੇਣ ਦਾ ਸੰਕਲਪ ਲਿਆ ਗਿਆ ਹੈ। ਉਨ੍ਹਾਂ ਨੇ ਵਰਕਰਾਂ ਨੂੰ ਅਭਿਆਨ ਨੂੰ ਜਨ-ਜਨ ਤੱਕ ਪਹੁੰਚਾਉਣ ਅਤੇ ਪੂਰੀ ਸਰਗਰਮੀ ਅਤੇ ਸਮਰਪਣ ਨਾਲ ਕੰਮ ਕਰਨ ਦਾ ਸੱਦਾ ਦਿੱਤਾ। ਵਰਕਸ਼ਾਪ ਵਿੱਚ ਦਫਤਰ ਇੰਚਾਰਜ ਮਨਜੀਤ ਜਾਂਗੜਾ, ਆਈਟੀ ਮੁਖੀ ਪੁਨੀਤ ਮੈਦਾਨ, ਬੀਐਲਏ-1 ਸੋਨੂੰ ਜਾਂਗੜਾ, ਜਨਰਲ ਸਕੱਤਰ ਮੁਕੇਸ਼ ਕਟਾਰੀਆ, ਰਮੇਸ਼ ਨਾਇਕ, ਅਕਸ਼ੈ ਸ਼ਰਮਾ, ਦੀਪਕ ਮੁੰਜਾਲ, ਅਨਿਲ ਆਰੀਆ, ਪੰਕਜ ਕੋਚਰ, ਵਰੁਣ, ਰਮੇਸ਼ ਮਦਾਨ, ਸੰਜੇ ਧਮੀਜਾ, ਵਿਕਰਮ ਚੋਪੜਾ, ਅਸ਼ੋਕ ਢਾਲੀਆ ਸਮੇਤ ਸ਼ਕਤੀ ਕੇਂਦਰ ਮੁਖੀ ਅਤੇ ਪਾਰਟੀ ਦੇ ਅਨੇਕ ਵਰਕਰ ਹਾਜ਼ਰ ਰਹੇ। ਵਰਕਸ਼ਾਪ ਦੌਰਾਨ ਵਰਕਰਾਂ ਨੇ ਸੇਵਾ ਸੰਕਲਪ ਅਭਿਆਨ ਨੂੰ ਸਫਲ ਬਣਾਉਣ ਅਤੇ ਜਥੇਬੰਦੀ ਦੀਆਂ ਗਤੀਵਿਧੀਆਂ ਨੂੰ ਮਜ਼ਬੂਤੀ ਨਾਲ ਅੱਗੇ ਵਧਾਉਣ ਲਈ ਪੂਰੀ ਸਰਗਰਮੀ ਅਤੇ ਸਮਰਪਣ ਨਾਲ ਕੰਮ ਕਰਨ ਦਾ ਸੰਕਲਪ ਲਿਆ।

ਕੇਂਦਰੀ ਵਿਦਿਆਲਿਆ ਵਿਖੇ ਫਸਟ ਏਡ ਸੀ.ਪੀ.ਆਰ., ਫਾਇਰ ਸੇਫਟੀ ਕੁਇਜ਼ ਮੁਕਾਬਲੇ ਕਰਵਾਏ

ਪਟਿਆਲਾ, 11 ਸਤੰਬਰ
(ਪੈ.ਗਾਮ-ਏ-ਜਗਤ)

ਅੰਤਰਰਾਸ਼ਟਰੀ ਫਸਟ ਏਡ, ਸੀਪੀਆਰ, ਜ਼ਖਮੀਆਂ ਦੀ ਸੇਵਾ ਸੰਭਾਲ ਦੇ ਦਿਵਸ਼ ਮੌਕੇ ਪੀ ਐਮ ਸ਼੍ਰੀ ਕੇਂਦਰੀ ਵਿਦਿਆਲਿਆ ਨੰਬਰ 1 ਪਟਿਆਲਾ ਵਿਖੇ ਪ੍ਰਿੰਸੀਪਲ ਡਾਕਟਰ ਅਰੁਣ ਕੁਮਾਰ ਦੀ ਅਗਵਾਈ ਹੇਠ ਅੰਤਰ ਸਕੂਲ ਫਸਟ ਏਡ, ਫਾਇਰ ਸੇਫਟੀ, ਆਵਾਜਾਈ ਨਿਯਮਾਂ, ਸਿਹਤ ਸੰਭਾਲ ਪਰਿਵਾਰਿਕ ਸੁਰੱਖਿਆ ਬਾਰੇ ਕੁਇਜ਼ ਮੁਕਾਬਲੇ ਕਰਵਾਏ। ਫਸਟ ਏਡ, ਸੇਫਟੀ, ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ



ਟ੍ਰੇਨਰ ਅਤੇ ਰੈੱਡ ਕਰਾਸ ਦੇ ਸੇਵਾ ਮੁਕਤ ਟ੍ਰੇਨਿੰਗ ਸੁਪਰਵਾਈਜ਼ਰ ਸ਼੍ਰੀ ਕਾਕਾ ਰਾਮ ਵਰਮਾ ਵਲੋਂ ਇਨ੍ਹਾਂ ਵਿਸ਼ਿਆਂ ਬਾਰੇ ਪ੍ਰਸ਼ਨ ਪੁੱਛੇ ਅਤੇ ਉਨ੍ਹਾਂ ਦੀ ਵਿਆਖਿਆ ਕੀਤੀ। ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇਕੇ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਡਾਕਟਰ ਅਰੁਣ ਕੁਮਾਰ ਨੇ ਵਿਦਿਆਰਥੀਆਂ, ਅਧਿਆਪਕਾਂ ਨੂੰ ਇਨ੍ਹਾਂ ਵਿਸ਼ਿਆਂ ਬਾਰੇ ਪੂਰੀ ਜਾਣਕਾਰੀ ਅਤੇ ਟ੍ਰੇਨਿੰਗਾਂ ਲੈਣ ਲਈ ਉਤਸ਼ਾਹਿਤ ਕੀਤਾ ਕਿਉਂਕਿ ਅਚਾਨਕ ਵਾਪਰਨ ਵਾਲੀਆਂ ਘਟਨਾਵਾਂ ਕਾਰਨ ਵੱਧ ਲੋਕ ਪੀੜਤ ਅਤੇ ਮਰ ਰਹੇ ਹਨ। ਜਦਕਿ ਟ੍ਰੇਨਿੰਗ ਅਭਿਆਸ ਰਾਹੀਂ ਹਾਦਸਿਆਂ ਨੂੰ ਰੋਕਿਆ ਜਾ ਸਕਦਾ ਅਤੇ ਕੀਮਤੀ ਜਾਨਾਂ ਅਤੇ ਪ੍ਰਾਪਰਟੀਆਂ ਨੂੰ ਬਚਾਇਆ ਜਾ ਸਕਦਾ। ਉਨ੍ਹਾਂ ਨੇ ਧੰਨਵਾਦ ਕਰਦਿਆਂ ਕਿਹਾ ਕਿ ਸ਼੍ਰੀ ਵਰਮਾ ਜੀ ਵਲੋਂ ਸੀਨੀਅਰ ਸਿਟੀਜਨ ਹੋਕੇ ਵੀ ਵਿਦਿਆਰਥੀਆਂ ਅਧਿਆਪਕਾਂ ਪੁਲਿਸ ਫੈਕਟਰੀ ਕਰਮਚਾਰੀਆਂ ਨੂੰ ਇਨ੍ਹਾਂ ਵਿਸ਼ਿਆਂ ਬਾਰੇ ਜਾਣਕਾਰੀਆਂ ਦਿੱਤੀਆਂ ਜਾ ਰਹੀਆਂ ਹਨ ਜਿਸ ਸਦਕਾ ਉਨ੍ਹਾਂ ਦੇ ਵਿਦਿਆਰਥੀਆਂ ਨੂੰ ਵੱਧੇਰੇ ਲਾਭ ਅਤੇ ਸਨਮਾਨ ਮਿਲਣ ਲੱਗੇ ਹਨ।

ਖਾਈ ਸਕੂਲ ਦੀਆਂ ਵਿਦਿਆਰਥਣਾਂ ਨੇ ਸਫਾਈ ਵਿਵਸਥਾ ਲਈ ਚੁੱਕੀ ਸਹੁੰ

ਪੈਗਾਮ-ਏ-ਜਗਤ
ਰਤੀਆ, 11 ਸਤੰਬਰ
(ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

ਕਸਤੂਰਬਾ ਗਾਂਧੀ ਬਾਲਿਕਾ ਵਿਦਿਆਲਿਆ, ਖਾਈ ਵਿੱਚ ਵਾਤਾਵਰਣ ਦੀ ਸ਼ੁੱਧਤਾ ਅਤੇ ਸਫਾਈ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਬਣਾਈ ਰੱਖਣ ਦੇ ਉਦੇਸ਼ ਨਾਲ ਵਿਦਿਆਰਥਣਾਂ ਨੇ ਸਵੱਛਤਾ ਅਤੇ ਸ਼ਰਮਦਾਨ ਦਾ ਸੰਕਲਪ ਲਿਆ। ਹਿੰਦੀ ਲੈਕਚਰਾਰ ਸੁਨੀਤਾ ਮੋਂਗਾ ਦੀ ਅਗਵਾਈ ਹੇਠ ਵਿਦਿਆਰਥਣਾਂ ਨੇ ਸਹੁੰ ਚੁੱਕਦਿਆਂ ਕਿਹਾ ਕਿ ਉਹ ਸਾਲ ਵਿੱਚ ਘੱਟੋ-ਘੱਟ 100 ਘੰਟੇ ਸ਼ਰਮਦਾਨ ਜ਼ਰੂਰ



ਕਰਨਗੀਆਂ ਅਤੇ ਆਪਣੇ ਆਲੇ-ਦੁਆਲੇ ਦੇ ਵਾਤਾਵਰਣ ਨੂੰ ਸਾਫ ਰੱਖਣ ਵਿੱਚ ਸਰਗਰਮ ਯੋਗਦਾਨ ਦੇਣਗੀਆਂ।

ਇਸ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਅਵਨੀਸ਼ ਗਰਗ ਨੇ ਕਿਹਾ ਕਿ ਵਾਤਾਵਰਣ ਦੀ ਸ਼ੁੱਧਤਾ ਮਨੁੱਖੀ ਜੀਵਨ ਲਈ ਬਹੁਤ ਜ਼ਰੂਰੀ ਹੈ। ਸਾਫ ਵਾਤਾਵਰਣ ਨਾਲ ਨਾ ਸਿਰਫ ਸਿਹਤ ਬਿਹਤਰ ਰਹਿੰਦੀ ਹੈ, ਸਗੋਂ ਸਮਾਜ ਵਿੱਚ ਸਕਾਰਾਤਮਕ ਸੋਚ ਦਾ ਵੀ ਵਿਕਾਸ ਹੁੰਦਾ ਹੈ।

ਸਾਹਿਤਕਾਰ ਡਾ. ਨਾਇਬ ਸਿੰਘ ਮੰਡੇਰ ਨੇ ਕਿਹਾ ਕਿ ਹਰ ਵਿਅਕਤੀ ਦਾ ਫਰਜ਼ ਹੈ ਕਿ ਉਹ ਆਪਣੇ ਮਨ, ਤਨ, ਵਿਚਾਰਾਂ ਅਤੇ ਆਪਣੇ ਆਲੇ-ਦੁਆਲੇ ਦੇ ਵਾਤਾਵਰਣ ਦੀ ਸਫਾਈ ਨੂੰ ਬਣਾਈ ਰੱਖਣ ਲਈ ਜਾਗਰੂਕ ਰਹੇ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਸਫਾਈ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣ ਦਾ ਸੱਦਾ ਦਿੱਤਾ।

ਇਸ ਮੌਕੇ 'ਤੇ ਲੈਕਚਰਾਰ ਚਰਨਜੀਤ ਸਿੰਘ, ਸੋਨੂੰ ਗਰਗ, ਘਣਸ਼ਿਆਮ, ਵਾਰਡਨ ਮਹੇਸ਼ੀ, ਸ਼ੀਨੂੰ ਰਾਣੀ, ਸਰਿਤਾ, ਰੁਪਿੰਦਰ ਕੌਰ, ਸੀਮਾ ਰਾਣੀ, ਨਿਸ਼ਾ ਰਾਣੀ, ਪ੍ਰੀਤ ਕੌਰ ਅਤੇ ਰਵਿੰਦਰ ਸਮੇਤ ਸਕੂਲ ਦਾ ਸਟਾਫ ਹਾਜ਼ਰ ਰਿਹਾ।

ਚੌਥਾ ਦਰਜਾ ਮੁਲਾਜ਼ਮ ਸਿਹਤ ਮੰਤਰੀ ਦੀ ਰਿਹਾਇਸ਼ੀ ਵਿਖੇ ਕੀਤੀ ਰੋਸ ਰੈਲੀ : ਦਰਸ਼ਨ ਲੁਬਾਣਾ

ਪਟਿਆਲਾ 11 ਸਤੰਬਰ
(ਪੈ.ਗਾਮ-ਏ-ਜਗਤ)

ਦੀ ਕਲਾਸ ਫੋਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ (1680) ਪਟਿਆਲਾ ਵੱਲੋਂ ਪੰਜਾਬ ਵਿਚਲਿਆ ਸਿਹਤ ਸੰਸਥਾਵਾਂ, ਆਮ ਆਦਮੀ ਕਲੀਨਿੰਗ, ਸਿਵਲ ਹਸਪਤਾਲਾਂ, ਮੈਡੀਕਲ ਖੋਜ਼ ਦੇ ਕਾਲਜਾਂ, ਹਸਪਤਾਲਾਂ, ਸਰਕਾਰੀ ਮਾਤਾ ਕੁਸ਼ਲਿਆ ਹਸਪਤਾਲ ਤੇ ਸਿਵਲ ਸਰਜਨਾ, ਆਯੂਰਵੈਦਿਕ ਅਧੀਨ ਲੰਮੇ ਸਮੇਂ ਤੋਂ ਕੰਮ ਕਰਦੇ, ਕੰਟਰੈਕਟ, ਆਊਟ ਸੋਰਸ ਤੇ ਯੂਜਿਰਜ਼ ਚਾਰਜ ਤੇ ਕੰਮ ਲੰਮੇ ਸਮੇਂ ਵਾਲੇ ਕਰਮੀਆਂ ਨੂੰ ਘੱਟੋ—ਘੱਟ ਉਜਰਤਾ ਲਾਗੂ ਕਰਵਾਉਣ ਸਰਕਾਰ ਦੇ ਹਾਲ ਹੀ ਵਿੱਚ ਆਏ ਫੈਸਲਿਆਂ ਦੀ ਰੋਸ਼ਨੀ ਵਿੱਚ ਉਨ੍ਹਾਂ ਦਾ ਸੇਵਾ ਡਾਟਾ (ਐਚ.ਆਰ.ਐਮ.ਐਸ.) ਤੇ ਅੱਪਡੇਟ ਕਰਨ, ਐਂਟੀ ਲਾਰਵਾ (ਬਰਿਡਿੰਗ) ਵਰਕਰਾਂ ਨੂੰ ਘੱਟੋ—ਘੱਟ ਉਜਰਤਾ ਦੇ ਘੇਰੇ ਵਿੱਚ ਲਿਆਉਣ ਤੇ ਖਾਲੀ ਅਸਾਮੀਆਂ ਵਿਰੁੱਧ ਅਰਜਸਟ ਕਰਨ ਤੇ ਹਰ ਸਾਲ ਲੰਮੀਆਂ—ਲੰਮੀਆਂ ਬਰੇਕਾਂ ਪਾਉਣਾ ਬੰਦ ਕਰਨਾ, ਵਰਦੀਆਂ, ਸਨਾਖਤੀ ਕਾਰਡ ਜਾਰੀ ਕਰਨ ਅਤੇ ਸਿਹਤ ਵਿਭਾਗ ਦੇ ਮੁਲਾਜਮਾਂ ਦਾ ਸ਼ੋਸ਼ਣ ਖਤਮ ਕਰਨ ਤੇ ਰੈਗੂਲਰ ਭਰਤੀ ਕਰਨ, ਵਿਭਾਗੀ ਤਰੱਕੀਆਂ ਚੋਣ ਵਰਗੇ ਇੱਕ ਦਰਜਨ ਮੰਗਾਂ ਨੂੰ ਲੈ ਕੇ ਮੁਲਾਜਮ ਪਹਿਲਾਂ ਸ੍ਰੀ ਦੁੱਖਨਿਵਾਰਨ ਸਾਹਿਬ ਦੇ ਸਾਹਮਣੇ ਵਾਲੇ ਬਸ ਸਟਾਪ ਵਿਖੇ ਇਕੱਤਰ ਹੋਏ, ਜਿੱਥੇ ਪਹਿਲਾਂ ਤੋਂ ਭਾਰੀ ਪੁਲਿਸ ਤੈਨਾਤ ਕੀਤੀ ਹੋਈ ਸੀ। ਮੁਲਾਜਮਾਂ ਜ਼ੋ ਭਾਰੀ ਗਿਣਤੀ ਵਿੱਚ ਇਕੱਤਰ ਸਨ



ਪੁਲਿਸ ਦਾ ਘੇਰਾ ਤੋੜਕੇ ਡਾ. ਬਲਬੀਰ ਸਿੰਘ ਸਿਹਤ ਮੰਤਰੀ ਦੀ ਰਿਹਾਇਸ਼ੀ ਵੱਲ ਵੱਧਣ ਦਾ ਯਤਨ ਕੀਤਾ ਤਾਂ ਪੁਲਿਸ ਨੇ ਰੋਕਾ ਲਾਕੇ ਰੋਕ ਲਿਆ। ਇਸ ਮੌਕੇ ਪੁਲਿਸ ਅਧਿਕਾਰੀਆਂ ਨੇ ਯੂਨੀਅਨ ਆਗੂਆਂ ਨਾਲ ਗੱਲਬਾਤ ਕੀਤੀ ਮੰਗਾਂ ਦਾ (ਮੈਮੋਰੰਡਮ) ਪ੍ਰਾਪਤ ਕਰਨ ਤੇ ਮੰਤਰੀ ਨਾਲ ਗੱਲਬਾਤ ਕਰਵਾਉਣ ਦੀ ਪੇਸ਼ਕਸ਼ ਕੀਤੀ, ਜਿਸ ਤੇ ਸਿਹਤ ਮੰਤਰੀ ਨਾਲ ਮਿਤੀ 15—09—2026 ਨੂੰ ਗੱਲਬਾਤ ਲਈ ਮੀਟਿੰਗ ਨਿਸ਼ਚਿਤ ਕਰਵਾਈ, ਇਸ ਉਪਰੰਤ ਚੌਥਾ ਦਰਜਾ ਮੁਲਾਜਮਾਂ ਕੱਚੀਆਂ, ਪੱਕੀਆਂ ਨੇ ਇੱਥੇ ਰੋਸ ਮਾਰਚ ਖਤਮ ਕਰਕੇ ਰੋਸ ਭਰਪੂਰ ਰੈਲੀ ਕੀਤੀ ਤੇ ਮੰਗਾਂ ਠੇਕੇਦਾਰੀ ਪ੍ਰਥਾ ਦੀ ਤੁਰੰਤ ਸਮਾਪਤੀ ਕੀਤੀ ਜਾਵੇ, ਜਿਸ ਵਿੱਚ ਸਾਰੀਆਂ ਸਿਹਤ ਸੰਸਥਾਵਾਂ ਨੂੰ ਸ਼ਾਮਲ ਕੀਤਾ ਜਾਵੇ ਤੇ ਯੂਜ਼ਿਰ ਚਾਰਜਿਜ ਕਰਮੀਆਂ ਨੇ ਘੱਟੋ—ਘੱਟ ਉਜਰਤਾ ਲਾਗੂ ਕੀਤੀਆਂ ਤੇ 15 ਫੀਸਦੀ ਵਾਧਾ ਵੀ ਸਮੂੰਹ ਸੰਸਥਾਵਾਂ ਤੇ ਲਾਗੂ ਕੀਤਾ ਜਾਵੇ।

ਇਹ ਵਾਧਾ ਲਾਗੂ ਨਾ ਕਰਨ ਵਾਲੇ ਅਧਿਕਾਰੀਆਂ ਤੇ ਉਚਿਤ ਕਾਰਵਾਈ ਕਰਨ ਦੀ ਮੰਗ ਵੀ ਕੀਤੀ ਗਈ। ਜਿਸ ਵਿੱਚ ਸਿਵਲ ਸਰਜਨ ਪਟਿਆਲਾ ਦਾ ਵਿਸ਼ੇਸ਼ ਤੌਰ ਤੇ ਜਿਕਰ ਕੀਤਾ ਗਿਆ। ਡਾਟਾ ਅੱਪਡੇਟ ਨਾ ਕਰਨ ਤੇ ਮੈਡੀਕਲ ਸੁਪਰਡੈਂਟ ਮਾਤਾ ਕੁਸ਼ਲਿਆ ਹਸਪਤਾਲ ਤੇ ਸਿਵਲ ਸਰਜਨ ਪਟਿਆਲਾ ਵਿਰੁੱਧ ਰੋਸ ਪ੍ਰਗਟ ਕੀਤਾ ਹੈ। ਮਿਤੀ 12—09—2026 ਨੂੰ ਹਸਪਤਾਲ ਸਮੇਤ ਇਨ੍ਹਾਂ ਅਧੀਨ ਸਿਹਤ ਸੰਸਥਾਵਾਂ ਵਿੱਚ ਕੰਮ ਛੋੜ ਹੜਤਾਲ ਕਰਨ ਦਾ ਐਲਾਨ ਵੀ ਕੀਤਾ ਗਿਆ। ਰੈਲੀ ਦੀ ਅਗਵਾਈ ਤੇ ਸੰਬੋਧਨ ਜਿਹਨਾਂ ਆਗੂਆ ਨੇ ਕੀਤਾ ਉਨ੍ਹਾਂ ਵਿੱਚ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਰਾਮ ਲਾਲ ਰਾਮਾ, ਸ਼ਿਵ ਚਰਨ, ਧਰਮਿੰਦਰ, ਅਜੇ ਕੁਮਾਰ, ਰਾਜੇਸ਼ ਕੁਮਾਰ, ਮੀਨਾ, ਨਥਨੀ, ਰਾਮ ਪ੍ਰਸਾਦ ਸਹੋਤਾ, ਰਾਜੇਸ਼ ਕੁਮਾਰ ਗੋਲੂ, ਤਰਸੇਮ ਸਮਾਨਾ, ਅਜੇ ਕੁਮਾਰ ਨਾਭਾ, ਅਸ਼ੋਕ ਕੁਮਾਰ ਸੀਨੀਅਰ ਮੀਤ ਪ੍ਰਧਾਨ, ਬਲਜਿੰਦਰ ਸਿੰਘ, ਨੋਨੂੰ, ਧਰਮਿੰਦਰ, ਬਲਜੀਤ ਸਿੰਘ ਬੱਲੀ, ਤਰਲੋਚਨ ਸਿੰਘ, ਸੁਨੀਲ ਦੱਤ, ਪ੍ਰਕਾਸ਼ ਲੁਬਾਣਾ, ਰਾਕੇਸ਼ ਕੁਮਾਰ, ਸਤਨਰਾਇਣ ਗੋਨੀ, ਜਗਤਾਰ ਲਾਲ ਸਮਾਨਾ, ਨਿਸ਼ਾਨ ਰਾਣਾ, ਬਲਵਿੰਦਰ ਸਿੰਘ ਸਮਲਾ, ਰਵਿੰਦਰ ਹੈਪੀ ਨਾਭਾ, ਦਰਸ਼ਨ ਸਿੰਘ ਨਾਭਾ, ਆਦਿ ਹਾਜਰ ਸਨ।

ਪੱਕੇ ਮੋਰਚੇ ਵਿੱਚ ਬੈਠੇ ਕਿਸਾਨਾਂ ਦੀ ਪ੍ਰਸਾਸ਼ਨ ਨਾਲ ਮੀਟਿੰਗ

ਪਟਿਆਲਾ, 11 ਸਤੰਬਰ
(ਪੈ.ਗਾਮ-ਏ-ਜਗਤ)

ਭਾਰਤੀ ਕਿਸਾਨ ਯੂਨੀਅਨ (ਏਕਤਾ—ਉਗਰਾਹਾਂ) ਦਾ ਪੱਕਾ ਮੋਰਚਾ ਅੱਜ ਤੇਰਵੇਂ ਦਿਨ ਵਿੱਚ ਦਾਖਲ ਹੋ ਗਿਆ। ਅੱਜ ਯੂਨੀਅਨ ਦੀ ਜਿਲਾ ਕਮੇਟੀ ਦੀ ਮੀਟਿੰਗ ਪਟਿਆਲਾ ਦੇ ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ. ਨਾਲ ਸੁਖਾਵੇਂ ਮਾਹੌਲ ਵਿੱਚ ਹੋਈ। ਜਿਸ ਵਿੱਚ ਲਗਭਗ ਇੱਕ ਘੰਟਾ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਹੋਇਆ। ਪਿਛਲੇ ਸਾਲ ਬੌਨੇ ਬੂਟੇ ਦੇ ਨੁਕਸਾਨ ਨਾਲ ਲਗਭਗ 19000 ਏਕੜ ਦਾ ਜੋ ਨੁਕਸਾਨ ਹੋਇਆ ਸੀ।



ਉਸ ਸਬੰਧੀ ਪ੍ਰਸ਼ਾਸ਼ਨ ਵਲੋਂ ਸਰਕਾਰ ਨੂੰ ਦੁਬਾਰਾ ਰਿਮਾਇੰਡਰ ਭੇਜ਼ ਕਰਕੇ ਮੁਆਵਜਾ ਦੇਣ ਸਬੰਧੀ ਕਿਹਾ ਗਿਆ ਤੇ ਮੌਕੇ ਤੇ ਕਾਪੀ ਮੁਹਈਆ ਕਰਵਾਈ ਗਈ। ਪਾਤੜਾਂ ਤੇ ਬਲਾਕ ਪਟਿਆਲਾ—2 ਦੇ ਮੁਆਵਜੇ ਸਬੰਧੀ ਵੀ ਸਰਕਾਰ ਨੂੰ ਦੁਵਾਰਾ ਮਿਲਣ ਦਾ ਫੈਸਲਾ ਹੋਇਆ। ਜਿਲੇ ਦੇ ਕਿਸਾਨਾਂ ਤੇ ਵੱਖ—ਵੱਖ ਸੰਘਰਸ਼ਾਂ ਸਬੰਧੀ ਕੇਸਾਂ ਬਾਰੇ ਐਸ.ਐਸ.ਪੀ. ਪਟਿਆਲਾ ਵੱਲੋਂ ਵਿਸ਼ਵਾਸ਼ ਦਿੱਤਾ ਗਿਆ ਕਿ ਇਨ੍ਹਾਂ ਦੀ ਵਾਪਸੀ ਸਬੰਧੀ ਵਿਸਥਾਰ ਨਾਲ ਜਾਣਕਾਰੀ ਲੈ ਕੇ ਮਸਲਾ ਹੱਲ ਕੀਤਾ ਜਾਵੇਗਾ। ਇਸ ਤੋਂ ਹੋਰ ਵੀ ਕਈ ਵਿਭਾਗਾਂ ਜਿਵੇਂ ਕੋਆਪਰੇਟਿਵ ਵਿਭਾਗ, ਬਿਜਲੀ ਬੋਰਡ, ਖੇਤੀਬਾੜੀ ਵਿਭਾਗ ਨਾਲ ਸਬੰਧਤ ਮੀਟਿੰਗ ਵਿੱਚ ਹਾਜਰ ਅਧਿਕਾਰੀਆਂ ਵੱਲੋਂ ਵੀ ਕਿਸਾਨਾਂ ਦੀ ਮੰਗਾਂ ਸਬੰਧੀ ਵਿਸਤਾਰਤ ਚਰਚਾ ਕੀਤੀ ਗਈ ਤੇ ਪੰਦਰਾਂ ਦਿਨਾਂ ਵਿੱਚ ਇਨ੍ਹਾਂ ਦੇ ਹੱਲ ਲਈ ਵਧਿਆ ਜਾਵੇਗਾ। ਜਿਲਾ ਸੀਨੀਅਰ ਮੀਤ ਪ੍ਰਧਾਨ ਜਗਦੀਪ ਸਿੰਘ ਛੰਨਾ ਦੀ ਅਗਵਾਈ ਵਿੱਚ ਇਸ ਮੀਟਿੰਗ ਵਿੱਚ ਸੁਖਮੰਦਰ ਸਿੰਘ ਬਾਰਨ, ਜਗਮੇਲ ਸਿੰਘ ਗਾਜੇਵਾਸ, ਬਲਰਾਜ ਜੋਸ਼ੀ, ਅਵਤਾਰ ਸਿੰਘ ਬੁਰੜ, ਮੱਖਣ ਸਿੰਘ ਕਲਵਾਣੂ, ਬਲਜੀਤ ਸਿੰਘ ਕਲ੍ਹੇਮਾਜਰਾ, ਜ਼ਸਵਿੰਦਰ ਸਾਲੂਵਾਲ, ਭਰਪੂਰ ਸਿੰਘ, ਰਣਧੀਰ ਸਿੰਘ ਗਾਜੇਵਾਸ, ਅਵਤਾਰ ਸਿੰਘ ਫੱਗਣਮਾਜਰਾ, ਹਰਦੀਪ ਸਿੰਘ ਡਰੋਲੀ, ਪ੍ਰੇਮ ਲਲੋਛੀ, ਬਲਦੇਵ ਸਿੰਘ, ਹਾਜਰ ਹੋਏ। ਬਾਹਰ ਦਫਤਰ ਦੇ ਸਾਹਮਣੇ ਹਰਮਨਦੀਪ ਸਿੰਘ ਨੰਦਪੁਰ ਕੇਸ਼ੋ ਵਲੋਂ ਮੋਰਚੇ ਦੀ ਸਟੇਜ਼ ਦਾ ਸੰਚਾਲਨ ਕੀਤਾ ਜਿਥੇ ਵੱਖ—ਵੱਖ ਬੁਲਾਰਿਆਂ ਵਲੋਂ ਕਿਸਾਨ ਮੰਗਾਂ ਸਬੰਧੀ ਵਿਸਤਾਰਤ ਚਾਨਣਾ ਪਾਇਆ।

ਬਾਬਾ ਸਾਹਿਬ ਅੰਬੇਦਕਰ ਜੀ ਦੀ ਮੂਰਤੀ ਨੂੰ ਨੁਕਸਾਨ ਪਹੁੰਚਾਉਣ ਦੀ ਘਟਨਾ ਦੀ ਸਖਤ ਨਿੰਦਾ

ਲੁਧਿਆਣਾ, 11 ਸਤੰਬਰ (ਪੈ.ਗਾਮ-ਏ-ਜਗਤ)

ਡਾ. ਅੰਬੇਦਕਰ ਵੈਲਫੇਅਰ ਮਿਸ਼ਨ ਪੰਜਾਬ (ਰਜਿ.) ਸੈਕਟਰ- 69, ਮੋਹਾਲੀ ਵੱਲੋਂ ਲੁਧਿਆਣਾ ਵਿਖੇ ਭਾਰਤ ਰਤਨ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਜੀ ਦੀ ਮੂਰਤੀ ਨੂੰ ਨੁਕਸਾਨ ਪਹੁੰਚਾਉਣ ਦੀ ਘਟਨਾ ਦੀ ਸਖਤ ਨਿੰਦਾ ਕੀਤੀ ਹੈ। ਇਸ ਤਰ੍ਹਾਂ ਦੀਆਂ ਘਟਨਾਵਾਂ ਭਾਰਤ ਦੇ ਸੰਵਿਧਾਨ, ਲੋਕਤੰਤਰ, ਸਮਾਨਤਾ ਦੇ ਅਧਿਕਾਰ, ਨਿਆਂ ਅਤੇ ਭਾਈਚਾਰੇ ਦੀਆਂ ਕਦਰਾਂ ਕੀਮਤਾਂ ਦਾ ਠੇਸ ਪਹੁੰਚਾਉਂਦੀਆਂ ਹਨ। ਡਾ. ਅੰਬੇਦਕਰ ਵੈਲਫੇਅਰ ਮਿਸ਼ਨ ਪੰਜਾਬ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਘਟਨਾ ਨੂੰ ਗੰਭੀਰਤਾ ਨਾਲ ਲੈਂਦਿਆਂ ਦੋਸ਼ੀਆਂ ਵਿਰੁੱਧ ਕਾਨੂੰਨ ਅਨੁਸਾਰ ਸਖਤ ਕਾਰਵਾਈ ਕੀਤੀ ਜਾਵੇ ਤਾਂ ਕਿ ਅੱਗੇ ਨੂੰ ਕੋਈ ਵੀ ਇਸ ਤਰਾਂ ਦੀ ਹਰਕਤ ਨਾ ਕਰੇ। ਮੂਰਤੀ ਦੀ ਤੁਰੰਤ ਮੁਰੰਮਤ ਕਰਕੇ ਪੁਨਰ ਸਥਾਪਨਾ ਕਰਵਾਈ ਜਾਵੇ।

ਪਾਕਿਸਤਾਨ ਯਾਤਰਾ ਲਈ ਅਰਜ਼ੀ ਦੇਣ ਦੀ ਅੱਜ ਆਖ਼ਰੀ ਤਾਰੀਖ਼

ਪੈ.ਗਾਮ-ਏ-ਜਗਤ
ਅੰਬਾਲਾ, 11 ਸਤੰਬਰ (ਆਰ.ਸਿੰਘ)

ਸਿਟੀ ਮੈਜਿਸਟ੍ਰੇਟ ਅਭਿਸ਼ੇਕ ਗਰਗ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਪਾਕਿਸਤਾਨ ਦੀ ਯਾਤਰਾ ਕਰਨ ਦੇ ਚਾਹਵਾਨ ਸ਼ਰਧਾਲੂ ਨਿਰਧਾਰਿਤ ਫਾਰਮੈਟ ਅਨੁਸਾਰ 12 ਸਤੰਬਰ ਤੱਕ ਸਕੱਤਰ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਕੁਰੂਕਸ਼ੇਤਰ ਨੂੰ ਅਰਜ਼ੀ ਦੇ ਸਕਦੇ ਹਨ। ਪ੍ਰਬੰਧਕ ਕਮੇਟੀ ਦੁਆਰਾ ਜਮਾਂ ਕਰਵਾਏ ਗਏ ਨਾਮ ਹੀ ਸਰਕਾਰ ਨੂੰ ਭੇਜੇ ਜਾਣਗੇ। ਉਨ੍ਹਾਂ ਦੱਸਿਆ ਕਿ ਹਰ ਸਾਲ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ 'ਤੇ ਪਾਕਿਸਤਾਨ ਦੀ ਯਾਤਰਾ ਕਰਨ ਵਾਲੇ ਸ਼ਰਧਾਲੂਆਂ ਨੂੰ ਗ੍ਰਹਿ ਮੰਤਰਾਲੇ ਤੋਂ ਇਜਾਜ਼ਤ ਲੈਣੀ ਚਾਹੀਦੀ ਹੈ। ਇਸ ਲਈ ਇਸ ਮੌਕੇ 'ਤੇ ਪਾਕਿਸਤਾਨ ਦੀ ਯਾਤਰਾ ਕਰਨ ਦੇ ਚਾਹਵਾਨ ਸ਼ਰਧਾਲੂ 12 ਸਤੰਬਰ ਤੱਕ ਸਕੱਤਰ, ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਕੁਰੂਕਸ਼ੇਤਰ ਨੂੰ ਅਰਜ਼ੀ ਦੇ ਸਕਦੇ ਹਨ।

ਸੀਨੀਅਰ ਜਰਨਲਿਸਟਸ ਫੋਰਮ 13 ਸਤੰਬਰ ਨੂੰ ਮਨਾਏਗਾ ਪਹਿਲੀ ਵਰ੍ਹੇਗੰਢ

- **ਰਾਜਪਾਲ ਗੁਲਾਬ ਚੰਦ ਕਟਾਰੀਆ ਅਤੇ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਮੁੱਖ ਮਹਿਮਾਨ ਵਜੋਂ ਕਰਨਗੇ ਸ਼ਿਰਕਤ**

ਚੰਡੀਗੜ੍ਹ, 11 ਸਤੰਬਰ (ਪੈ.ਗਾਮ-ਏ-ਜਗਤ)

ਸੀਨੀਅਰ ਜਰਨਲਿਸਟਸ ਫੋਰਮ, ਚੰਡੀਗੜ੍ਹ, ਆਪਣੀ ਪਹਿਲੀ ਵਰ੍ਹੇਗੰਢ ਐਤਵਾਰ, 13 ਸਤੰਬਰ ਨੂੰ ਚੰਡੀਗੜ੍ਹ ਦੇ ਸੈਕਟਰ 37 ਸਥਿਤ ਲਾਅ ਆਡੀਟੋਰੀਅਮ ਵਿਖੇ ਮਨਾਏਗਾ। ਇਸ ਮੌਕੇ ਸੀਨੀਅਰ ਪੱਤਰਕਾਰ, ਮੀਡੀਆ ਪੇਸ਼ੇਵਰ ਅਤੇ ਮੰਚ ਦੇ ਸ਼ੁਭਚਿੰਤਕ ਇਕੱਠੇ ਹੋ ਕੇ ਮੰਚ ਦੀ ਹੁਣ ਤੱਕ ਦੀ ਯਾਤਰਾ ਦਾ ਜਸ਼ਨ ਮਨਾਉਣਗੇ ਅਤੇ ਲੋਕਤੰਤਰ ਨੂੰ ਮਜ਼ਬੂਤ ਬਣਾਉਣ ਵਿੱਚ ਪੱਤਰਕਾਰੀ ਦੀ ਅਹਿਮ ਭੂਮਿਕਾ ਬਾਰੇ ਵਿਚਾਰ-ਵਟਾਂਦਰਾ ਕਰਨਗੇ।

ਫੋਰਮ ਦੇ ਪ੍ਰਧਾਨ ਜਗਤਾਰ ਸਿੰਘ ਸਿੱਧੂ ਨੇ ਦੱਸਿਆ ਕਿ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ, ਉਦਘਾਟਨੀ ਸੈਸ਼ਨ ਵਿੱਚ ਮੁੱਖ ਮਹਿਮਾਨ ਹੋਣਗੇ, ਜਦਕਿ ਸ. ਸਤਨਾਮ ਸਿੰਘ ਸੰਧੂ, ਰਾਜ ਸਭਾ ਮੈਂਬਰ ਅਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਕੁਲਪਤੀ, ਦੂਜੇ ਸੈਸ਼ਨ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

ਪ੍ਰੋਗਰਾਮ ਦੀ ਸ਼ੁਰੂਆਤ ਸਵੇਰੇ 10:00 ਵਜੇ ਰਜਿਸਟ੍ਰੇਸ਼ਨ ਅਤੇ ਸਵਾਗਤ ਨਾਲ ਹੋਵੇਗੀ, ਜਿਸ ਤੋਂ ਬਾਅਦ 10:30 ਵਜੇ ਉਦਘਾਟਨ ਸਮਾਰੋਹ ਕਰਵਾਇਆ ਜਾਵੇਗਾ। ਦੁਪਹਿਰ 12:30 ਵਜੇ ਹੋਣ ਵਾਲੇ ਦੂਜੇ ਸੈਸ਼ਨ ਵਿੱਚ "ਲੋਕਤੰਤਰ ਅਤੇ ਜ਼ਿੰਮੇਵਾਰ ਪੱਤਰਕਾਰੀ ਵਿੱਚ ਸੀਨੀਅਰ ਪੱਤਰਕਾਰਾਂ ਦੀ ਭੂਮਿਕਾ"ਵਿਸ਼ੇ 'ਤੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਇਸ ਸੈਸ਼ਨ ਦੀ ਪ੍ਰਧਾਨਗੀ ਰਮੇਸ਼ ਵਿਨਾਇਕ, ਕਾਰਜਕਾਰੀ ਸੰਪਾਦਕ, ਹਿੰਦੁਸਤਾਨ ਟਾਈਮਜ਼, ਚੰਡੀਗੜ੍ਹ, ਕਰਨਗੇ। ਸਮਾਰੋਹ ਦੌਰਾਨ ਮਾਲਵਾ ਕਲਾ ਅਤੇ ਸੱਭਿਆਚਾਰ ਸੁਸਾਇਟੀ, ਮੋਹਾਲੀ ਵੱਲੋਂ ਪੇਸ਼ ਕੀਤਾ ਜਾਣ ਵਾਲਾ ਮਲਵਈ ਗਿੱਧਾ ਸੱਭਿਆਚਾਰਕ ਪ੍ਰੋਗਰਾਮ ਵੀ ਖਿੱਚ ਦਾ ਕੇਂਦਰ ਹੋਵੇਗਾ।

24 ਸਤੰਬਰ ਨੂੰ ਭਾਜਪਾ ਵੱਲੋਂ ਨਸ਼ਿਆਂ ਖ਼ਿਲਾਫ਼ ਮਹਾ ਰੈਲੀ ਲਈ ਬੈਠਕ



ਪੈ.ਗਾਮ-ਏ-ਜਗਤ/ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਵਿਧਾਨ ਸਭਾ ਹਲਕਾ ਚੱਬੇਵਾਲ ਵਿੱਚ ਕਿਸਾਨ ਮੋਰਚੇ ਦੇ ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਡਾਂਡੀਆ ਦੇ ਘਰ, ਅਵਤਾਰ ਸਿੰਘ ਕੰਗ ਦੀ ਅਗਵਾਈ ਹੇਠ ਭਾਜਪਾ ਵੱਲੋਂ 24 ਸਤੰਬਰ ਨੂੰ ਪੰਜਾਬ ਵਿੱਚ ਵਧ ਰਹੇ ਨਸ਼ਿਆਂ ਖ਼ਿਲਾਫ਼ ਕੱਢੀ ਜਾ ਰਹੀ ਮਹਾ ਰੈਲੀ ਸਬੰਧੀ ਮੀਟਿੰਗ ਕੀਤੀ ਗਈ, ਜਿਸ ਵਿੱਚ ਇਲਾਕੇ ਦੇ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਅਵਤਾਰ ਸਿੰਘ ਕੰਗ ਨੇ ਦੱਸਿਆ ਕਿ ਭਾਜਪਾ ਵੱਲੋਂ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਮੁੱਖ ਰੱਖਦਿਆਂ 24 ਸਤੰਬਰ ਨੂੰ ਮਹਾ ਰੈਲੀ ਕੱਢੀ ਜਾ ਰਹੀ ਹੈ, ਜੋ ਪੰਜਾਬ ਦੇ ਵੱਖ-ਵੱਖ ਸਥਾਨਾਂ ਤੋਂ ਸ਼ੁਰੂ ਹੋ ਕੇ ਸੂਬੇ ਭਰ ਵਿੱਚ ਲੋਕਾਂ ਨੂੰ ਨਸ਼ਿਆਂ ਖ਼ਿਲਾਫ਼ ਜਾਗਰੂਕ ਕਰੇਗੀ। ਇਸ ਮੁਹਿੰਮ ਦਾ ਸਮਾਪਨ 30 ਸਤੰਬਰ ਨੂੰ ਹੋਵੇਗਾ ਅਤੇ ਸਮਾਪਤੀ ਸਮਾਗਮ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਸ਼ਿਰਕਤ ਕਰਨਗੇ ਤੇ ਭਾਰੀ ਇਕੱਠ ਨੂੰ ਸੰਬੋਧਨ ਕਰਨਗੇ। ਅਵਤਾਰ ਸਿੰਘ ਡਾਂਡੀਆ ਮੁਤਾਬਕ ਇਸ ਰੈਲੀ ਰਾਹੀਂ ਨਸ਼ਾ ਵਿਰੋਧੀ ਜਾਗਰੂਕਤਾ ਨੂੰ ਤੇਜ਼ ਕਰਨ ਅਤੇ ਲੋਕਾਂ ਨੂੰ ਇਕੱਠੇ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ। ਇਸ ਮੌਕੇ ਕ੍ਰਿਪਾਲ ਸਿੰਘ (ਪ੍ਰਧਾਨ ਭਾਮ ਮੰਡਲ), ਅਸ਼ੋਕ ਕੌਸ਼ਲ (ਪ੍ਰਧਾਨ ਕੋਟ ਫਤੂਹੀ ਮੰਡਲ), ਸੋਮ ਨਾਥ (ਬਾੜੀਆਂ ਕਲਾਂ), ਸੁਖਵੰਤ ਸਿੰਘ ਸੁੱਖਾ (ਬਾੜੀਆਂ ਕਲਾਂ), ਗੁਰਪਾਲ ਸਿੰਘ ਨਡਾਲੋਂ ਅਤੇ ਹੈਪੀ ਦਿਹਾਨਾ ਸਮੇਤ ਹੋਰ ਕਈ ਆਗੂ ਅਤੇ ਵਰਕਰ ਹਾਜ਼ਰ ਸਨ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਤੇ ਡੀ.ਐਸ.ਪੀ. ਪੁਨੀਤ ਸਿੰਘ ਚਹਿਲ ਵਲੋਂ ਲੰਗਰ ਦੀ ਸ਼ੁਭ ਸ਼ੁਰੂਆਤ

ਪਟਿਆਲਾ, 11 ਸਤੰਬਰ
(ਪੈ.ਗਾਮ-ਏ-ਜਗਤ)

ਸਥਾਨਕ ਲੀਲਾ ਭਵਨ ਵਿਖੇ ਪੰਜਾਬ ਪੁਲਿਸ ਦੇ ਕਰਮਚਾਰੀਆਂ ਅਤੇ ਮਾਰਕੀਟ ਦੇ ਸੁਝਵਾਨ ਵਿਅਕਤੀਆਂ, ਨੌਜਵਾਨਾਂ ਵਲੋਂ ਸਾਂਝੇ ਤੌਰ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਖ—ਵੱਖ ਖਾਣ ਵਾਲੇ ਪਦਾਰਥਾਂ ਅਤੇ ਚਾਹ ਆਦਿ ਦਾ ਲੰਗਰ ਜਸਦੇਵ ਸਿੰਘ ਏ.ਐਸ.ਆਈ. ਪੀ.ਸੀ.ਆਰ. 112 ਦੇ ਯਤਨਾਂ ਨਾਲ ਲਗਾਇਆ ਗਿਆ। ਜਿਸ ਦੌਰਾਨ ਡੀ.ਐਸ.ਪੀ. ਟ੍ਰੈਫਿਕ ਪੁਨੀਤ ਸਿੰਘ ਚਹਿਲ ਵਲੋਂ ਸ਼ਮੂਲੀਅਤ ਕਰ ਲੰਗਰ ਦੀ ਸ਼ੁਭ ਸ਼ੁਰੂਆਤ ਕਰਵਾਈ ਗਈ। ਇਸ



ਪਾਵਨ ਮੌਕੇ ਜਰੂਰਤਮੰਦਾਂ ਨੂੰ ਟੀ ਸ਼ਰਟਾਂ ਵੀ ਵੰਡੀਆਂ ਗਈਆਂ। ਇਸ ਦੌਰਾਨ ਇਸ ਵਿਸ਼ੇਸ਼ ਦਿਨ ਤੇ ਲੰਗਰ ਸੇਵਾ ਕਾਰਜ ਦੀ ਪ੍ਰਸੰਸਾਂ ਕਰਦਿਆਂ ਡੀ.ਐਸ.ਪੀ. ਪੁਨੀਤ ਸਿੰਘ ਚਹਿਲ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੇ ਪਵਿਤਰ ਦਿਨ ਤੇ ਪੁਲਿਸ ਕਰਮਚਾਰੀਆਂ ਅਤੇ ਪਬਲਿਕ ਵਲੋਂ ਸਾਂਝੇ ਤੌਰ ਤੇ ਜੋ ਲੰਗਰ ਸੇਵਾ ਕਾਰਜ ਦਾ ਆਯੋਜਨ ਕੀਤਾ ਗਿਆ ਹੈ। ਇਹ ਅਤਿ ਸ਼ਲਾਘਾਯੋਗ ਹੈ। ਵਿਸ਼ੇਸ਼ ਦਿਨਾਂ ਤੇ ਲੰਗਰ ਆਦਿ ਆਯੋਜਨ ਸਾਂਝੇ ਤੌਰ ਤੇ ਕਰਨ ਨਾਲ ਆਪਸੀ ਸਬੰਧਾਂ ਨੂੰ ਮਜਬੂਤੀ ਦਾ ਬਲ ਮਿਲਦਾ ਹੈ। ਇਸ ਮੌਕੇ ਜਸਦੇਵ ਸਿੰਘ ਏ.ਐਸ.ਆਈ. ਨੇ ਕਿਹਾ ਕਿ ਸਾਨੂੰ ਆਪਣੇ ਗੁਰੂਆਂ, ਰਹਿਬਰਾਂ ਨਾਲ ਸਬੰਧਤ ਵਿਸ਼ੇਸ਼ ਦਿਨਾਂ ਨੂੰ ਯਾਦ ਰੱਖਣਾ ਚਾਹੀਦਾ ਹੈ ਅਤੇ ਇਨ੍ਹਾਂ ਦਿਨਾਂ ਨੂੰ ਸਮਰਪਿਤ ਧਾਰਮਿਕ, ਸਮਾਜਿਕ ਆਯੋਜਨ ਸਾਂਝੇ ਤੌਰ ਤੇ ਕਰਨੇ ਚਾਹੀਦੇ ਹਨ।

ਇਸ ਮੌਕੇ ਇੰਦਰਜੀਤ ਸਿੰਘ ਸੀਨੀਅਰ ਇੰਸਪੈਕਟਰ ਪੀ.ਸੀ.ਆਰ. ਇੰਚਾਰਜ, ਕਿਰਨਦੀਪ ਕੌਰ ਸੀਨੀਅਰ ਕਾਸਟੇਬਲ, ਬਕਸ਼ੀਸ਼ ਸਿੰਘ ਏ.ਐਸ.ਆਈ., ਕੰਵਲਜੀਤ ਸਿੰਘ, ਅਮਨਪ੍ਰੀਤ ਸਿੰਘ, ਹਰਭਜਨ ਸਿੰਘ, ਜਯੋਤੀ ਸੀਨੀਅਰ ਕਾਂਸਟੇਬਲ, ਪੂਜਾ ਸੀਨੀਅਰ ਕਾਂਸਟੇਬਲ, ਪਵਾਨੀ, ਰਾਜੀਵ ਵਰਮਾ, ਰਾਹੁਲ, ਗੁਰਜੀਤ ਸਿੰਘ, ਇੰਦਰਜੀਤ ਸਿੰਘ ਹਰਮਨਜੋਤ ਸਿੰਘ ਵਲੋਂ ਲੰਗਰ ਕਾਰਜਾਂ ਵਿੱਚ ਸੇਵਾ ਨਿਭਾਈ ਗਈ।

ਰੇਲਵੇ ਵੱਲੋਂ 'ਸਰਕਾਰੀ ਭਾਸ਼ਾ ਪੰਦਰੁਵਾੜਾ 2026' ਦਾ ਇਨਾਮ ਵੰਡ ਅਤੇ ਸਮਾਪਤੀ ਸਮਾਰੋਹ ਆਯੋਜਿਤ

ਪੈ.ਗਾਮ-ਏ-ਜਗਤ/ਅੰਬਾਲਾ
11 ਸਤੰਬਰ (ਆਰ.ਸਿੰਘ)

ਅੰਬਾਲਾ ਰੇਲਵੇ ਡਿਵੀਜ਼ਨ ਵਿੱਚ 1 ਸਤੰਬਰ ਤੋਂ 11 ਸਤੰਬਰ 2026 ਤੱਕ 'ਸਰਕਾਰੀ ਭਾਸ਼ਾ ਪੰਦਰੁਵਾੜਾ 2026' ਦਾ ਆਯੋਜਨ ਕੀਤਾ ਗਿਆ। ਇਸ ਸਮੇਂ ਦੌਰਾਨ ਡਵੀਜ਼ਨਲ ਦਫ਼ਤਰ ਵਿੱਚ ਹਿੰਦੀ ਲੇਖ, ਹਿੰਦੀ ਨੋਟ ਅਤੇ ਡਰਾਫਟ ਲਿਖਣ, ਹਿੰਦੀ ਕੁਇਜ਼ ਅਤੇ ਹਿੰਦੀ ਭਾਸ਼ਣ ਮੁਕਾਬਲੇ ਸਮੇਤ ਕਈ ਪ੍ਰੋਗਰਾਮ ਆਯੋਜਿਤ ਕੀਤੇ ਗਏ। ਪੰਦ?ਹਰਵਾੜੇ ਦੌਰਾਨ ਸਹਾਰਨਪੁਰ ਵਿੱਚ ਡਵੀਜ਼ਨਲ ਸਰਕਾਰੀ ਭਾਸ਼ਾ ਲਾਗੂਕਰਨ ਕਮੇਟੀ ਦੀ ਇੱਕ ਤਿਮਾਹੀ ਮੀਟਿੰਗ, ਪਰਸੋਨਲ ਸ਼ਾਖਾ ਲਈ ਇੱਕ ਹਿੰਦੀ ਵਰਕਸ਼ਾਪ, ਟੇਬਲ ਸਿਖਲਾਈ ਅਤੇ ਇੱਕ ਹਿੰਦੀ ਤਕਨੀਕੀ ਸੈਮੀਨਾਰ ਵੀ ਆਯੋਜਿਤ ਕੀਤਾ ਗਿਆ।



ਅੱਜ 11 ਸਤੰਬਰ ਨੂੰ ਡਵੀਜ਼ਨਲ ਰੇਲਵੇ ਮੈਨੇਜਰ (ਡੀਆਰਐਮ) ਦਫ਼ਤਰ ਅੰਬਾਲਾ ਵਿਖੇ 'ਸਰਕਾਰੀ ਭਾਸ਼ਾ ਪੰਦਰੁਵਾੜਾ 2026' ਦਾ ਇਨਾਮ ਵੰਡ ਅਤੇ ਸਮਾਪਤੀ ਸਮਾਰੋਹ ਡਵੀਜ਼ਨਲ ਰੇਲਵੇ ਮੈਨੇਜਰ ਵਿਨੋਦ ਭਾਟੀਆ ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਵਧੀਕ ਡਵੀਜ਼ਨਲ ਰੇਲਵੇ ਮੈਨੇਜਰ ਕਮ ਐਡੀਸ਼ਨਲ ਮੁੱਖ ਸਰਕਾਰੀ ਭਾਸ਼ਾ ਅਧਿਕਾਰੀ ਡੀ.ਐਸ. ਮੀਨਾ ਨੇ ਹਿੱਸਾ ਲਿਆ। ਪ੍ਰੋਗਰਾਮ ਦਾ ਸੰਚਾਲਨ ਸਰਕਾਰੀ ਭਾਸ਼ਾ ਅਧਿਕਾਰੀ ਸ਼੍ਰੀਮਤੀ ਅੰਜਲੀ ਸ਼ਰਮਾ ਨੇ ਕੀਤਾ। ਪ੍ਰੋਗਰਾਮ ਦਾ ਉਦਘਾਟਨ ਡੀਆਰਐਮ ਨੇ ਦੇਵੀ ਸਰਸਵਤੀ ਦੇ ਸਾਹਮਣੇ ਦੀਪਕ ਜਗਾ ਕੇ ਕੀਤਾ। ਇਸ ਮੌਕੇ 'ਤੇ ਉਨ੍ਹਾਂ ਨੇ ਯਾਤਰੀਆਂ ਨਾਲ ਹੋਰ ਨੇੜਿਉਂ ਜੁੜਨ ਲਈ ਰੋਜ਼ਾਨਾ ਦਫ਼ਤਰੀ ਕੰਮ ਵਿੱਚ ਹਿੰਦੀ ਨੂੰ ਅਪਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਸੰਤੁਸ਼ਟੀ ਪ੍ਰਗਟ ਕੀਤੀ ਕਿ ਸਰਕਾਰੀ ਭਾਸ਼ਾ ਪੰਦ?ਹਰਵਾੜੇ ਰਾਹੀਂ ਅੰਬਾਲਾ ਡਿਵੀਜ਼ਨ ਹਿੰਦੀ ਦੇ ਪ੍ਰਚਾਰ ਵਿੱਚ ਯੋਗਦਾਨ ਪਾ ਰਿਹਾ ਹੈ।

ਸਮਾਰੋਹ ਦੌਰਾਨ ਸਰਕਾਰੀ ਕੰਮ ਵਿੱਚ ਹਿੰਦੀ ਦੀ ਵਰਤੋਂ ਵਧਾਉਣ ਵਾਲੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੇ ਨਾਲ-ਨਾਲ ਵੱਖ-ਵੱਖ ਹਿੰਦੀ ਮੁਕਾਬਲਿਆਂ ਅਤੇ ਪ੍ਰੋਤਸਾਹਨ ਯੋਜਨਾਵਾਂ ਦੇ ਜੇਤੂਆਂ ਨੂੰ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ ਗਿਆ। ਮੰਡਲ ਰੇਲਵੇ ਮੈਨੇਜਰ ਵਿਨੋਦ ਭਾਟੀਆ ਅਤੇ ਵਧੀਕ ਮੰਡਲ ਰੇਲਵੇ ਮੈਨੇਜਰ ਡੀ.ਐਸ. ਮੀਨਾ ਨੇ ਸਾਰੇ ਪੁਰਸਕਾਰ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਹਿੰਦੀ ਦੀ ਵਧੇਰੇ ਵਰਤੋਂ ਕਰਨ ਲਈ ਉਤਸ਼ਾਹਿਤ ਕੀਤਾ।

ਐਲਆਈਸੀ ਵਿੱਚ ਬੀਮਾ ਸਲਾਹਕਾਰ ਦੇ 50 ਅਹੁਦੇ ਭਰੇ ਜਾਣਗੇ, ਇੰਟਰਵਿਊ 14 ਨੂੰ ਬੰਗਾਣਾ ਵਿੱਚ

ਊਨਾ, 11 ਸਤੰਬਰ
(ਪੈ.ਗਾਮ-ਏ-ਜਗਤ)

ਐਲਆਈਸੀ ਸ਼ਾਖਾ ਦਫ਼ਤਰ ਊਨਾ ਵੱਲੋਂ ਬੀਮਾ ਸਲਾਹਕਾਰ ਦੇ 50 ਅਹੁਦੇ ਭਰੇ ਜਾਣਗੇ। ਇਨ੍ਹਾਂ ਅਹੁਦਿਆਂ ਲਈ ਇੰਟਰਵਿਊ 14 ਸਤੰਬਰ ਨੂੰ ਸਵੇਰੇ 10:30 ਵਜੇ ਉਪ ਰੋਜ਼ਗਾਰ ਦਫ਼ਤਰ ਬੰਗਾਣਾ ਵਿਖੇ ਲਿਆ ਜਾਵੇਗਾ।



ਜ਼ਿਲ੍ਹਾ ਰੋਜ਼ਗਾਰ ਅਧਿਕਾਰੀ ਊਨਾ ਅਕਸ਼ੈ ਸ਼ਰਮਾ ਨੇ ਦੱਸਿਆ ਕਿ ਬੀਮਾ ਸਲਾਹਕਾਰ ਦੇ ਅਹੁਦਿਆਂ ਲਈ ਵਿਦਿਅਕ ਯੋਗਤਾ 10ਵੀਂ ਪਾਸ ਅਤੇ ਘੱਟੋ-ਘੱਟ ਉਮਰ 18 ਸਾਲ ਰੱਖੀ ਗਈ ਹੈ। ਇਸ ਤੋਂ ਇਲਾਵਾ 7 ਹਜ਼ਾਰ ਰੁਪਏ ਪ੍ਰਤੀ ਮਹੀਨਾ (ਮਹਿਲਾ) ਅਤੇ 5 ਹਜ਼ਾਰ ਰੁਪਏ ਪ੍ਰਤੀ ਮਹੀਨਾ (ਪੁਰਸ਼) ਸਮੇਤ ਇੰਸੈਂਟਿਵ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਯੋਗ ਅਤੇ ਇੱਛੁਕ ਉਮੀਦਵਾਰ ਆਪਣੀ ਵਿਦਿਅਕ ਯੋਗਤਾ ਦੇ ਸਰਟੀਫਿਕੇਟ, ਜਨਮ ਮਿਤੀ, ਰੋਜ਼ਗਾਰ ਦਫ਼ਤਰ ਰਜਿਸਟ੍ਰੇਸ਼ਨ ਕਾਰਡ, ਆਧਾਰ ਕਾਰਡ, ਦੋ ਪਾਸਪੋਰਟ ਆਕਾਰ ਦੀਆਂ ਫੋਟੋਆਂ, ਅਸਲ ਸਰਟੀਫਿਕੇਟ ਅਤੇ ਬਾਇਓਡਾਟਾ ਦੀ ਕਾਪੀ ਸਮੇਤ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਵਧੇਰੇ ਜਾਣਕਾਰੀ ਲਈ 01975-226192, 98170-81040 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਇੰਟਰਵਿਊ ਵਿੱਚ ਆਉਣ-ਜਾਣ ਦਾ ਕੋਈ ਯਾਤਰਾ ਭੱਤਾ ਦੇਯ ਨਹੀਂ ਹੋਵੇਗਾ।

ਪ੍ਰੀਤਿਕਾ ਆਟੋ ਇੰਡਸਟਰੀ ਵਿੱਚ ਇੰਜੀਨੀਅਰ ਟ੍ਰੇਨੀ ਦੇ 7 ਅਹੁਦੇ ਭਰੇ ਜਾਣਗੇ, ਇੰਟਰਵਿਊ 15 ਨੂੰ ਹਰੋਲੀ ਵਿੱਚ

ਊਨਾ, 11 ਸਤੰਬਰ
(ਪੈ.ਗਾਮ-ਏ-ਜਗਤ)

ਪ੍ਰੀਤਿਕਾ ਆਟੋ ਇੰਡਸਟਰੀ ਲਿਮਟਿਡ, ਬੇਲਾ ਬਾਥੜੀ ਵਿੱਚ ਡਿਪਲੋਮਾ ਇੰਜੀਨੀਅਰ ਟ੍ਰੇਨੀ ਅਤੇ ਗ੍ਰੈਜੂਏਟ ਇੰਜੀਨੀਅਰ ਟ੍ਰੇਨੀ ਦੇ 7 ਅਹੁਦੇ ਭਰੇ ਜਾਣਗੇ। ਇਸ ਲਈ ਇੰਟਰਵਿਊ 15 ਸਤੰਬਰ ਨੂੰ ਸਵੇਰੇ 10:30 ਵਜੇ ਉਪ ਰੋਜ਼ਗਾਰ ਦਫ਼ਤਰ ਹਰੋਲੀ ਵਿਖੇ ਲਿਆ ਜਾਵੇਗਾ। ਜ਼ਿਲ੍ਹਾ ਰੋਜ਼ਗਾਰ ਦਫ਼ਤਰ ਅਧਿਕਾਰੀ ਊਨਾ ਅਕਸ਼ੈ ਸ਼ਰਮਾ ਨੇ ਦੱਸਿਆ ਕਿ ਇਨ੍ਹਾਂ ਅਹੁਦਿਆਂ ਲਈ ਡਿਪਲੋਮਾ ਅਤੇ ਮਕੈਨਿਕਲ ਵਿੱਚ ਬੈਚਲਰ ਆਫ਼ ਇੰਜੀਨੀਅਰਿੰਗ ਹੋਣਾ ਲਾਜ਼ਮੀ ਹੈ। ਇਸ ਦੇ ਨਾਲ ਹੀ ਉਮਰ ਸੀਮਾ 21 ਤੋਂ 30 ਸਾਲ ਨਿਰਧਾਰਤ ਕੀਤੀ ਗਈ ਹੈ। ਇੰਟਰਵਿਊ ਵਿੱਚ ਚੁਣੇ ਗਏ ਉਮੀਦਵਾਰਾਂ ਦਾ ਕਾਰਜ ਖੇਤਰ ਬੇਲਾ ਬਾਥੜੀ, ਹਰੋਲੀ ਰਹੇਗਾ।

ਉਨ੍ਹਾਂ ਦੱਸਿਆ ਕਿ ਯੋਗ ਅਤੇ ਇੱਛੁਕ ਉਮੀਦਵਾਰ ਆਪਣੀ ਯੋਗਤਾ ਦੇ ਸਰਟੀਫਿਕੇਟ, ਜਨਮ ਮਿਤੀ, ਰੋਜ਼ਗਾਰ ਦਫ਼ਤਰ ਰਜਿਸਟ੍ਰੇਸ਼ਨ ਕਾਰਡ, ਹਿਮਾਚਲੀ ਬੋਨਾਫਾਈਡ, ਆਧਾਰ ਕਾਰਡ, ਦੋ ਪਾਸਪੋਰਟ ਆਕਾਰ ਦੀਆਂ ਫੋਟੋਆਂ, ਬਾਇਓਡਾਟਾ ਅਤੇ ਅਸਲ ਸਰਟੀਫਿਕੇਟਾਂ ਸਮੇਤ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਵਧੇਰੇ ਜਾਣਕਾਰੀ ਲਈ 79868-08108 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਇੰਟਰਵਿਊ ਵਿੱਚ ਆਉਣ-ਜਾਣ ਦਾ ਕੋਈ ਯਾਤਰਾ ਭੱਤਾ ਦੇਯ ਨਹੀਂ ਹੋਵੇਗਾ।

ਬਲਾਕ ਪੱਧਰੀ ਖੇਡਾਂ ਵਿਚ ਖ਼ਾਲਸਾ ਕਾਲਜ ਦੇ ਖਿਡਾਰੀਆਂ ਨੇ ਮੱਲਾਂ ਮਾਰੀਆਂ

ਪੈ.ਗਾਮ-ਏ-ਜਗਤ/ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਦੇ ਖਿਡਾਰੀਆਂ ਨੇ ਹਾਲ ਹੀ ਵਿਚ ਖੇਡਾਂ ਵਤਨ ਪੰਜਾਬ ਦੀਆਂ ਦੇ ਬਲਾਕ ਪੱਧਰੀ ਮੁਕਾਬਲਿਆਂ ਵਿਚ ਹਿੱਸਾ ਲੈ ਕੇ ਮੱਲਾਂ ਮਾਰੀਆਂ ਹਨ। ਕਬੱਡੀ ਪੰਜਾਬ ਸਟਾਇਲ ਲੜਕੇ ਅੰਡਰ-21 ਵਿਚ ਕਾਲਜ ਦੀ ਟੀਮ ਨੇ ਪਹਿਲਾ ਸਥਾਨ ਹਾਸਿਲ ਕੀਤਾ। ਅਥਲੈਟਿਕਸ ਦੇ ਸ਼ਾਟ ਪੁੱਟ ਵਿਚ ਹਰਕੀਰਤ ਸਿੰਘ ਨੇ 30 ਸਾਲ ਵਰਗ ਵਿਚ ਪਹਿਲਾ, ਵਿਨੈ ਕੁਮਾਰ ਨੇ 21 ਸਾਲ ਵਰਗ ਵਿਚ ਦੂਜਾ ਸਥਾਨ ਹਾਸਿਲ ਕੀਤਾ। ਵਿਦਿਆਰਥੀ ਧਰਮਵੀਰ ਨੇ 30 ਸਾਲ ਵਰਗ ਦੇ 800 ਤੇ 1500 ਮੀਟਰ ਦੌੜ ਮੁਕਾਬਲਿਆਂ ਵਿਚ ਪਹਿਲਾ ਸਥਾਨ, ਹਰਮਨਜੀਤ ਕੌਰ ਨੇ ਲੰਬੀ ਛਾਲ ਅਤੇ 200 ਮੀਟਰ ਦੌੜ 21 ਸਾਲ ਵਰਗ ਵਿਚ ਦੂਜਾ ਅਤੇ ਨਵਜੋਤ ਕੌਰ ਨੇ ਸ਼ਾਟ ਪੁੱਟ 21 ਸਾਲ ਵਿਚ ਪਹਿਲਾ ਸਥਾਨ ਹਾਸਿਲ ਕੀਤਾ। ਸਰੀਰਿਕ ਸਿੱਖਿਆ ਵਿਭਾਗ ਦੇ ਪ੍ਰੋ. ਸਤਿੰਦਰਜੀਤ ਕੌਰ ਸਿਖਲਾਈ ਅਧੀਨ ਮੁਕਾਬਲਿਆਂ ਵਿਚ ਹਿੱਸਾ ਲੈ ਕੇ ਮੱਲਾਂ ਮਾਰਨ ਵਾਲੇ ਖਿਡਾਰੀਆਂ ਅਤੇ ਸਰੀਰਿਕ ਸਿੱਖਿਆ ਵਿਭਾਗ ਨੂੰ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਵਧਾਈ ਦਿੱਤੀ ਤੇ ਭਵਿੱਖ ਵਿਚ ਹੋਰ ਮੱਲਾਂ ਮਾਰਨ ਲਈ ਪ੍ਰੇਰਿਤ ਕੀਤਾ।

ਲਾਲੜੂ ਦੇ ਵਿਕਾਸ ਨੂੰ ਮਿਲੀ ਵੱਡੀ ਰ.ਫ਼ਤਾਰ, 3.41 ਕਰੋੜ ਰੁਪਏ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ: ਵਿਧਾਇਕ ਰੰਧਾਵਾ

- ਲਾਲੜੂ-ਧਰਮਗੜ੍ਹ ਰੋਡ ਸਮੇਤ ਆਰ ਸੀ ਸੀ ਪਾਈਪ ਰਾਹੀਂ ਨਾਲੇ ਦੇ ਨਿਰਮਾਣ ਕਾਰਜ, ਬ੍ਰਾਹਮਣ ਧਰਮਸ਼ਾਲਾ ਅਤੇ ਸਫ਼ਾਈ ਲਈ ਈ-ਰਿਕਸ਼ਿਆਂ ਦੀ ਸ਼ੁਰੂਆਤ



ਲਾਲੜੂ, 11 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਵਿੱਚ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਸ਼ਹਿਰਾਂ ਅਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਨੂੰ ਲਗਾਤਾਰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਿਕਾਸ ਕਾਰਜ ਜਾਰੀ ਹਨ।

ਇਸੇ ਲੜੀ ਤਹਿਤ ਡੇਰਾਬੱਸੀ ਦੇ ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਜੀ ਵੱਲੋਂ ਅੱਜ ਲਾਲੜੂ ਵਿਖੇ ਕੁੱਲ 3 ਕਰੋੜ 41 ਲੱਖ 20 ਹਜ਼ਾਰ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ। ਵਿਧਾਇਕ ਰੰਧਾਵਾ ਵੱਲੋਂ 2 ਕਰੋੜ 84 ਲੱਖ 36 ਹਜ਼ਾਰ ਰੁਪਏ ਦੀ ਲਾਗਤ ਨਾਲ ਲਾਲੜੂ ਤੋਂ ਧਰਮਗੜ੍ਹ ਰੋਡ ਦੀ ਉਸਾਰੀ ਸਮੇਤ ਸੈਣੀ ਮਾਰਕੀਟ ਤੋਂ ਮੁਖੀਜਾ ਪੈਲੇਸ ਤੱਕ 24 ਇੰਚ ਆਰ ਸੀ ਸੀ ਪਾਈਪ ਰਾਹੀਂ ਨਾਲੇ ਦੇ ਨਿਰਮਾਣ ਕਾਰਜ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਤੋਂ ਇਲਾਵਾ ਵਾਰਡ ਨੰਬਰ 12 ਵਿੱਚ 15 ਲੱਖ ਰੁਪਏ ਦੀ ਲਾਗਤ ਨਾਲ ਬ੍ਰਾਹਮਣ ਧਰਮਸ਼ਾਲਾ ਦੇ ਨਿਰਮਾਣ ਕਾਰਜ ਦੀ ਵੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਸ਼ਹਿਰ ਦੀ ਸਫ਼ਾਈ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਲਈ 41.84 ਲੱਖ ਰੁਪਏ ਦੀ ਲਾਗਤ ਨਾਲ ਖਰੀਦੇ ਗਏ 17 ਈ-ਰਿਕਸ਼ਿਆਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।

ਇਨ੍ਹਾਂ ਈ-ਰਿਕਸ਼ਿਆਂ ਰਾਹੀਂ ਸ਼ਹਿਰ ਵਿੱਚ ਕੂੜਾ ਚੁੱਕਣ ਅਤੇ ਸਫ਼ਾਈ ਪ੍ਰਬੰਧ ਨੂੰ ਹੋਰ ਸੁਚਾਰੂ ਬਣਾਉਣ ਵਿੱਚ ਮਦਦ ਮਿਲੇਗੀ। ਵਿਧਾਇਕ ਰੰਧਾਵਾ ਜੀ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਬਿਹਤਰ ਸਹੂਲਤਾਂ ਅਤੇ ਮਜ਼ਬੂਤ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣਾ ਹੈ। ਲਾਲੜੂ ਸਮੇਤ ਪੂਰੇ ਡੇਰਾਬੱਸੀ ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਕੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿਕਾਸ ਦੀ ਰਾਜਨੀਤੀ ਵਿੱਚ ਵਿਸ਼ਵਾਸ ਰੱਖਦੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਲਾਲੜੂ ਦੇ ਵਿਕਾਸ ਲਈ ਹੋਰ ਪ੍ਰਾਜੈਕਟ ਲਿਆਂਦੇ ਜਾਣਗੇ।

ਇਸ ਮੌਕੇ ਨਗਰ ਕੌਂਸਲ ਪ੍ਰਧਾਨ ਜ਼ੋਰਾਵਰ ਸਿੰਘ, ਸੀਨੀਅਰ ਮੀਤ ਪ੍ਰਧਾਨ ਹਰੀਸ਼ ਮਦਾਨ, ਮੀਤ ਪ੍ਰਧਾਨ ਅਮਨ ਰਾਣਾ, ਕੌਂਸਲਰ ਤੇ ਵਾਰਡ ਇੰਚਾਰਜ ਸਾਹਿਬਾਨ, ਅਧਿਕਾਰੀ ਸਾਹਿਬਾਨ, ਬਲਾਕ ਪ੍ਰਧਾਨ, ਵੱਖ-ਵੱਖ ਅਹੁਦੇਦਾਰ ਸਾਹਿਬਾਨ ਸਮੇਤ ਸ਼ਹਿਰ ਵਾਸੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਪੰਜਾਬ ਇੰਜੀਨੀਅਰਿੰਗ ਕਾਲਜ (ਡੀਮਡ ਟੂ.ਬੀ.ਯੂਨੀਵਰਸਿਟੀ) ਵੱਲੋਂ ਵਿਸ਼ਵ ਆਤਮਹੱਤਿਆ ਰੋਕਥਾਮ ਦਿਵਸ ਮੌਕੇ ਨੁੱਕੜ ਨਾਟਕ ਦਾ ਆਯੋਜਨ



ਚੰਡੀਗੜ੍ਹ, 11 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਇੰਜੀਨੀਅਰਿੰਗ ਕਾਲਜ (ਡੀਮਡ ਟੂ ਬੀ ਯੂਨੀਵਰਸਿਟੀ) ਵਿਖੇ ਵਿਸ਼ਵ ਆਤਮਹੱਤਿਆ ਰੋਕਥਾਮ ਦਿਵਸ ਦੇ ਮੌਕੇ ਨੁੱਕੜ ਨਾਟਕ ਦਾ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਸਟੂਡੈਂਟ ਕਾਊਂਸਲਿੰਗ ਸੈੱਲ, PEC ਵੱਲੋਂ ਡ੍ਰਾਮੈਟਿਕਸ ਕਲੱਬ, PEC ਅਤੇ ਆਰਟ ਐਂਡ ਫੋਟੋਗ੍ਰਾਫਿਕ ਕਲੱਬ, PEC ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਪਹਿਲ ਦਾ ਉਦੇਸ਼ ਆਤਮਹੱਤਿਆ ਰੋਕਥਾਮ, ਭਾਵਨਾਤਮਕ ਤੰਦਰੁਸਤੀ ਅਤੇ ਸਮੇਂ ਸਿਰ ਮਨੋਵਿਗਿਆਨਕ ਸਹਾਇਤਾ ਲੈਣ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਸੀ।

ਇੱਕ ਪ੍ਰਭਾਵਸ਼ਾਲੀ ਅਤੇ ਦਿਲਚਸਪ ਨੁੱਕੜ ਨਾਟਕ ਰਾਹੀਂ ਵਿਦਿਆਰਥੀਆਂ ਨੇ ਭਾਵਨਾਤਮਕ ਤਣਾਅ ਅਤੇ ਮਾਨਸਿਕ ਪਰੇਸ਼ਾਨੀ ਦੇ ਸੰਕੇਤਾਂ ਨੂੰ ਪਛਾਣਨ, ਹਮਦਰਦੀ ਨਾਲ ਕਿਸੇ ਦੀ ਗੱਲ ਸੁਣਨ, ਮੁਸ਼ਕਲ ਦੌਰ ਵਿੱਚੋਂ ਲੰਘ ਰਹੇ ਵਿਅਕਤੀਆਂ ਨੂੰ ਸਹਾਇਤਾ ਦੇਣ ਅਤੇ ਮਾਨਸਿਕ ਸਿਹਤ ਨਾਲ ਜੁੜੇ ਮੁੱਦਿਆਂ ਬਾਰੇ ਖੁੱਲ੍ਹ ਕੇ ਗੱਲਬਾਤ ਕਰਨ ਦੀ ਮਹੱਤਤਾ ਨੂੰ ਉਜਾਗਰ ਕੀਤਾ। ਇਸ ਪ੍ਰਸਤੁਤੀ ਦਾ ਉਦੇਸ਼ ਮਾਨਸਿਕ ਸਿਹਤ ਨਾਲ ਜੁੜੀਆਂ ਸਮੱਸਿਆਵਾਂ ਪ੍ਰਤੀ ਮੌਜੂਦ ਸਮਾਜਿਕ ਝਿਜਕ ਅਤੇ ਕਲੰਕ ਨੂੰ ਚੁਣੌਤੀ ਦੇਣਾ ਅਤੇ ਲੋਕਾਂ ਨੂੰ ਬਿਨਾਂ ਕਿਸੇ ਹਿਚਕਚਾਹਟ ਦੇ ਪੇਸ਼ੇਵਰ ਸਹਾਇਤਾ ਲੈਣ ਲਈ ਉਤਸ਼ਾਹਿਤ ਕਰਨਾ ਵੀ ਸੀ। ਇਸ ਪ੍ਰੋਗਰਾਮ ਨੇ ਇਹ ਸੰਦੇਸ਼ ਮਜ਼ਬੂਤ ਕੀਤਾ ਕਿ ਆਤਮਹੱਤਿਆ ਰੋਕਥਾਮ ਇੱਕ ਸਾਂਝੀ ਜ਼ਿੰਮੇਵਾਰੀ ਹੈ ਅਤੇ ਸਮੇਂ ਸਿਰ ਸਹਾਇਤਾ, ਹਮਦਰਦੀ ਨਾਲ ਸੁਣਨਾ ਅਤੇ ਅਰਥਪੂਰਨ ਗੱਲਬਾਤ ਕਿਸੇ ਵਿਅਕਤੀ ਦੀ ਜ਼ਿੰਦਗੀ ਵਿੱਚ ਮਹੱਤਵਪੂਰਨ ਬਦਲਾਅ ਲਿਆ ਸਕਦੀ ਹੈ। ਇਹ ਪਹਿਲ ਕੈਂਪਸ ਵਿੱਚ ਮਾਨਸਿਕ ਸਿਹਤ ਜਾਗਰੂਕਤਾ, ਭਾਵਨਾਤਮਕ ਮਜ਼ਬੂਤੀ ਅਤੇ ਵਿਦਿਆਰਥੀਆਂ ਦੀ ਸਮੁੱਚੀ ਭਲਾਈ ਨੂੰ ਉਤਸ਼ਾਹਿਤ ਕਰਨ ਲਈ PEC ਦੀ ਲਗਾਤਾਰ ਵਚਨਬੱਧਤਾ ਨੂੰ ਦਰਸਾਉਂਦੀ ਹੈ। ਇਹ ਪ੍ਰੋਗਰਾਮ ਡਾ. ਰਾਜੇਸ਼ ਭਾਟੀਆ, ਡਾਇਰੈਕਟਰ, ਪ੍ਰੋ. ਪੁਨੀਤ ਚਾਵਲਾ, ਡੀਨ ਸਟੂਡੈਂਟ ਅਫੇਅਰਜ਼ ਅਤੇ ਪ੍ਰੋ. ਸੁਲਤਾ ਭੰਡਾਰੀ, ਪ੍ਰਭਾਰੀ, ਸਟੂਡੈਂਟ ਕਾਊਂਸਲਿੰਗ ਸੈੱਲ, ਪੰਜਾਬ ਇੰਜੀਨੀਅਰਿੰਗ ਕਾਲਜ (ਡੀਮਡ ਟੂ ਬੀ ਯੂਨੀਵਰਸਿਟੀ) ਦੇ ਮਾਰਗਦਰਸ਼ਨ ਹੇਠ ਕਰਵਾਇਆ ਗਿਆ।

ਸ਼ਰਾਬ ਪੀ ਕੇ ਵਾਹਨ ਚਲਾਉਣ ਵਾਲਿਆਂ ਖ਼ਿਲਾ.ਫ 9 ਚਲਾਨ



ਪੈ.ਗਾਮ-ਏ-ਜਗਤ/ਖਰੜ 11 ਸਤੰਬਰ (ਦਵਿੰਦਰ ਕੌਰ ਸਹੋਤਾ)

ਸੀਨੀਅਰ ਕਪਤਾਨ ਪੁਲਿਸ, ਵਰੁਣ ਸ਼ਰਮਾ, ਆਈ.ਪੀ.ਐਸ. ਦੇ ਦਿਸ਼ਾ-ਨਿਰਦੇਸ਼ਾਂ ਹੇਠ ਸ਼ਰਾਬ ਪੀ ਕੇ ਵਾਹਨ ਚਲਾਉਣ ਵਾਲੇ ਵਾਹਨ ਚਾਲਕਾਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਗਈ। ਇਸ ਮੁਹਿੰਮ ਤਹਿਤ ਸ੍ਰੀ ਕਰਨੈਲ ਸਿੰਘ, ਪੀ.ਪੀ.ਐਸ., ਉਪ ਕਪਤਾਨ ਪੁਲਿਸ, ਟ੍ਰੈਫਿਕ ਵੱਲੋਂ ਟ੍ਰੈਫਿਕ ਪੁਲਿਸ ਦੀ ਮਦਦ ਨਾਲ ਵੱਖ-ਵੱਖ ਪਾਰਟੀਆਂ ਬਣਾਕੇ ਵਿਸ਼ੇਸ਼ ਨਾਕਾਬੰਦੀ ਕੀਤੀ ਗਈ। ਇਸ ਦੌਰਾਨ ਸ਼ਰਾਬ ਪੀ ਕੇ ਵਾਹਨ ਚਲਾਉਣ ਵਾਲੇ ਵਾਹਨ ਚਾਲਕਾਂ ਵਿਰੁੱਧ ਟ੍ਰੈਫਿਕ ਨਿਯਮਾਂ ਤਹਿਤ ਕਾਰਵਾਈ ਕਰਦਿਆਂ ਕੁੱਲ 09 ਟ੍ਰੈਫਿਕ ਚਲਾਨ ਕੀਤੇ ਗਏ।

ਇਸ ਮੌਕੇ ਕਰਨੈਲ ਸਿੰਘ ਵੱਲੋਂ ਆਮ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਕਦੇ ਵੀ ਸ਼ਰਾਬ ਪੀ ਕੇ ਆਪਣੇ ਵਾਹਨ ਦੀ ਵਰਤੋਂ ਨਾ ਕਰਨ। ਉਨ੍ਹਾਂ ਕਿਹਾ ਕਿ ਸ਼ਰਾਬ ਜਾਂ ਕਿਸੇ ਹੋਰ ਨਸ਼ੀਲੀ ਵਸਤੂ ਦਾ ਸੇਵਨ ਕਰਕੇ ਵਾਹਨ ਚਲਾਉਣ ਨਾਲ ਵਾਹਨ ਚਾਲਕ ਦੀ ਆਪਣੀ ਜਾਨ ਦੇ ਨਾਲ-ਨਾਲ ਸੜਕ 'ਤੇ ਚੱਲਣ ਵਾਲੇ ਹੋਰ ਲੋਕਾਂ ਦੀ ਜਾਨ ਨੂੰ ਵੀ ਗੰਭੀਰ ਖ਼ਤਰਾ ਪੈਦਾ ਹੋ ਸਕਦਾ ਹੈ। ਉਨ੍ਹਾਂ ਦੱਸਿਆ ਕਿ ਜੇਕਰ ਕੋਈ ਵਿਅਕਤੀ ਸ਼ਰਾਬ ਪੀ ਕੇ ਵਾਹਨ ਚਲਾਉਂਦਾ ਹੈ ਤਾਂ ਉਸ ਦੇ ਖ਼ਿਲਾਫ਼ ਮੋਟਰ ਵਹੀਕਲ ਐਕਟ ਦੀ ਧਾਰਾ 185 ਤਹਿਤ ਕਾਰਵਾਈ ਕੀਤੀ ਜਾਵੇਗੀ। ਇਸ ਧਾਰਾ ਤਹਿਤ ਪਹਿਲੀ ਵਾਰ ਉਲੰਘਣਾ ਕਰਨ 'ਤੇ ਉਲੰਘਣਾ ਕਰਨ ਵਾਲੇ ਵਾਹਨ ਚਾਲਕ ਨੂੰ 6 ਮਹੀਨੇ ਤੱਕ ਦੀ ਕੈਦ ਜਾਂ ਜੁਰਮਾਨਾ ਜਾਂ ਦੋਵੇਂ ਸਜ਼ਾਵਾਂ ਦਿੱਤੀਆਂ ਜਾ ਸਕਦੀਆਂ ਹਨ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਕ ਮੈਂਬਰਾਂ ਨੂੰ ਵੀ ਇਸ ਸਬੰਧੀ ਜਾਗਰੂਕ ਕਰਨ ਅਤੇ ਸ਼ਰਾਬ ਦਾ ਸੇਵਨ ਕਰਨ ਉਪਰੰਤ ਕਦੇ ਵੀ ਵਾਹਨ ਨਾ ਚਲਾਉਣ। ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਕੇ ਹੀ ਸੜਕ ਹਾਦਸਿਆਂ ਨੂੰ ਰੋਕਿਆ ਜਾ ਸਕਦਾ ਹੈ ਅਤੇ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ।

ਦਿੱਲੀ ਦੇ ਪ੍ਰਗਤੀ ਮੈਦਾਨ ਵਿਖੇ ਸ਼ਾਨਦਾਰ ਪੰਜਾਬੀ ਸੱਭਿਆਚਾਰ ਦੇ ਪ੍ਰਦਰਸ਼ਨ ਲਈ ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਵਲੋਂ ਰਾਜਿੰਦਰ ਟਾਂਕ ਨੂੰ ਵਧਾਈ




ਚੰਡੀਗੜ੍ਹ, 11 ਸਤੰਬਰ (ਪੈ.ਗਾਮ-ਏ-ਜਗਤ)

ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਵਲੋਂ ਭਾਰਤ ਨਿਊਟ੍ਰਾਵਰਸ ਐਕਸਪੋ-2026 ਦੇ ਮੌਕੇ ਤੇ ਸ਼ਾਨਦਾਰ ਪੰਜਾਬੀ ਸੱਭਿਆਚਾਰ ਦੇ ਪ੍ਰਦਰਸ਼ਨ ਦੀ ਪ੍ਰਸੰਸਾ ਕੀਤੀ ਗਈ ਹੈ ਜਿਸ ਨਾਲ ਪੰਜਾਬੀ ਦੇ ਪ੍ਰਚਾਰ ਅਤੇ ਪ੍ਰਸਾਰ ਨੂੰ ਇੱਕ ਵੱਡਾ ਹੁਲਾਰਾ ਮਿਲਿਆ ਹੈ।

ਮਨਿਸਟਰੀ ਆਫ ਕਾਮਰਸ ਅਤੇ ਮਨਿਸਟਰੀ ਆਫ ਇੰਡਸਟਰੀ ਭਾਰਤ ਸਰਕਾਰ ਨੇ ਭਾਰਤ ਨਿਊਟ੍ਰਾਵਰਸ ਦਾ ਆਯੋਜਨ ਦਿੱਲੀ ਦੇ ਪ੍ਰਗਤੀ ਮੈਦਾਨ ਵਿਖੇ ਕਰਵਾਇਆ ਸੀ ਜੋ ਹਾਲ ਹੀ ਵਿੱਚ 9-10 ਸਤੰਬਰ, 2026 ਨੂੰ ਸਮਾਪਤ ਹੋਇਆ ਹੈ। ਇਸ ਸ਼ਾਨਦਾਰ ਸਮਾਗਮ ਵਿੱਚ ਲਗਭਗ 24 ਦੇਸ਼ਾਂ ਦੇ ਪ੍ਰਤੀਨਿਧਾਂ ਨੇ ਭਾਗ ਲਿਆ ਅਤੇ ਇਸ ਮੇਲੇ ਵਿਚ ਭਾਰਤ ਤੋਂ ਵਿਦੇਸ਼ੀ ਅੰਗਰੇਜ਼ੀ ਅਤੇ ਆਯੁਰਵੈਦਿਕ ਦਵਾਈਆਂ ਦੀਆਂ ਨਾਮੀ ਕੰਪਨੀਆਂ ਨੇ ਵੀ ਲੋਕਾਂ ਦੀ ਸਿਹਤ ਲਈ ਜਾਗਰੂਕਤਾ ਪੈਦਾ ਕੀਤੀ। ਦੋਹਾਂ ਮਨਿਸਟਰੀਆਂ ਨੇ ਸੰਗੀਤ ਨਾਟਕ ਅਕੈਡਮੀ ਦੇ ਸਹਿਯੋਗ ਨਾਲ ਸੱਭਿਆਚਾਰਕ ਸ਼ਾਨਦਾਰ ਪ੍ਰੋਗਰਾਮ ਕਰਵਾਇਆ ਜਿਸ ਵਿੱਚ ਕਲਾਸੀਕਲ ਅਤੇ ਕਥਕ ਡਾਂਸਾਂ ਸਮੇਤ ਪੰਜਾਬੀ ਸੱਭਿਆਚਾਰ ਨੂੰ ਉਤਸ਼ਾਹਿਤ ਕੀਤਾ ਗਿਆ। ਇਸ ਸੰਗੀਤ ਨਾਟਕ ਅਤੇ ਪੰਜਾਬੀ ਸੱਭਿਆਚਾਰ ਲਈ ਸੰਗੀਤ ਨਾਟਕ ਅਕੈਡਮੀ ਨੇ ਅੰਤਰਰਾਸ਼ਟਰੀ ਪੱਧਰ ਦੇ ਕੋਚ ਰਜਿੰਦਰ ਟਾਂਕ ਨੇ ਸ਼ਾਨਦਾਰ ਪੇਸ਼ਕਾਰੀ ਲਈ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ। ਭੰਗੜੇ ਦੀ ਪੇਸ਼ਕਾਰੀ ਨੇ ਪੰਡਾਲ ਵਿਚ ਬੈਠੇ ਦੇਸ਼ੀ ਅਤੇ ਵਿਦੇਸ਼ੀ ਦਰਸ਼ਕਾਂ ਨੂੰ ਨੱਚਣ ਲਈ ਮਜ਼ਬੂਰ ਕਰ ਦਿੱਤਾ। ਅਮਿਤ ਨੇ ਢੋਲ, ਰਾਜਿੰਦਰ ਟਾਂਕ ਨੇ ਅਲਗੋਜੇ ਅਤੇ ਗੁਰਚਰਨ ਸਿੰਘ ਨੇ ਚਿੱਮਟਾ ਵਜਾ ਕੇ ਜਗਜੀਤ ਸਿੰਘ ਦੀਆਂ ਪੰਜਾਬੀ ਬੋਲੀਆਂ ਨੇ ਪੰਜਾਬੀ ਸੱਭਿਆਚਾਰ ਦਾ ਨਿਵੇਕਲਾ ਰੰਗ ਬੰਨ੍ਹ?ਆ। ਪੰਜਾਬੀ ਭੰਗੜੇ ਦੀ ਪੇਸ਼ਕਾਰੀ ਤੋਂ ਬਾਅਦ ਵਿਦੇਸ਼ੀ ਪ੍ਰਤੀਨਿਧੀਆਂ ਨੇ ਪੰਜਾਬੀ ਢੋਲ ਵਜਵਾਕੇ ਰੱਜ ਕੇ ਭੰਗੜਾ ਪਾਇਆ।

ਅਜਿਹੇ ਪੰਜਾਬੀ ਸੱਭਿਆਚਾਰ ਦੀ ਸ਼ਾਨਦਾਰ ਪੇਸ਼ਕਾਰੀ ਦੀ ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਨੇ ਅਥਾਹ ਪ੍ਰਸੰਨਤਾ ਪ੍ਰਗਟ ਕੀਤੀ ਹੈ ਅਤੇ ਪੰਜਾਬੀ, ਪੰਜਾਬੀਅਤ ਅਤੇ ਪੰਜਾਬੀ ਸੱਭਿਆਚਾਰ ਨੂੰ ਨਿਵੇਕਲਾ ਸਥਾਨ ਦੇਣ ਲਈ ਪ੍ਰਸਿੱਧ ਲੋਕ ਨਾਚ ਪ੍ਰਬੰਧਕ ਰਾਜਿੰਦਰ ਟਾਂਕ ਨੂੰ ਵਧਾਈ ਦਿੱਤੀ ਹੈ। ਵਧਾਈ ਦੇਣ ਵਾਲਿਆਂ ਵਿੱਚ ਸੰਸਥਾ ਦੇ ਪ੍ਰਧਾਨ ਪ੍ਰਿੰ. ਬਹਾਦਰ ਸਿੰਘ ਗੋਸਲ, ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਜੋਗ, ਜਨਰਲ ਸਕੱਤਰ ਅਵਤਾਰ ਸਿੰਘ ਮਹਿਤਪੁਰੀ, ਪ੍ਰਸਿੱਧ ਗਾਇਕ ਰਣਜੋਧ ਸਿੰਘ ਰਾਣਾ ਅਤੇ ਮੁੱਖ ਸਲਾਹਕਾਰ ਸ੍ਰੀ ਰਾਜ ਕੁਮਾਰ ਸਾਹੋਵਾਲੀਆ, ਬਲਵਿੰਦਰ ਸਿੰਘ ਸ਼ਾਮਲ ਸਨ। ਉਨ੍ਹਾਂ ਕਿਹਾ ਕਿ ਪੰਜਾਬੀ ਸੱਭਿਆਚਾਰ ਨੂੰ ਪ੍ਰਮੋਟ ਕਰਨ ਲਈ ਅਜਿਹੇ ਵੱਡੇ ਸਮਾਗਮਾਂ ਦਾ ਹੋਣਾ ਬਹੁਤ ਲਾਹੇਵੰਦ ਹੈ।

ਪੀਜੀਆਈ ਦੀ ਪ੍ਰੋਫੈਸਰ ਡਾ. ਕੁਸੁਮ ਸ਼ਰਮਾ ਨੂੰ NAMS ਵੂਮੈਨ ਇਨ ਮੈਡੀਸਨ ਐਵਾਰਡ 2026 ਨਾਲ ਸਨਮਾਨਿਤ ਕੀਤਾ ਗਿਆ



ਚੰਡੀਗੜ੍ਹ, 11 ਸਤੰਬਰ (ਪੈ.ਗਾਮ-ਏ-ਜਗਤ)

ਡਾ. ਕੁਸੁਮ ਸ਼ਰਮਾ, ਪੋਸਟ ਗ੍ਰੈਜੂਏਟ ਇੰਸਟੀਚਿਊਟ ਆਫ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ (ਪੀਜੀਆਈਐਮਈਆਰ), ਚੰਡੀਗੜ੍ਹ ਵਿਖੇ *ਮੈਡੀਕਲ ਮਾਈਕਰੋਬਾਇਓਲੋਜੀ ਵਿਭਾਗ ਵਿੱਚ ਪ੍ਰੋਫੈਸਰ ਅਤੇ ਐਕਸਟਰਾ-ਪਲਮੋਨਰੀ ਟਿਊਬਰਕੁਲੋਸਿਸ (ਈਪੀਟੀਬੀ) ਲਈ ਨੋਡਲ ਅਫਸਰ, ਨੂੰ ਵੱਕਾਰੀ *ਨੈਸ਼ਨਲ ਅਕੈਡਮੀ ਆਫ ਮੈਡੀਕਲ ਸਾਇੰਸਿਜ਼ (ਐਨਏਐਮਐਸ) ਵੂਮੈਨ ਇਨ ਮੈਡੀਸਨ ਐਵਾਰਡ 2026* ਲਈ ਚੁਣਿਆ ਗਿਆ ਹੈ।

ਇਹ ਰਾਸ਼ਟਰੀ ਸਨਮਾਨ ਡਾ. ਸ਼ਰਮਾ ਦੇ ਅਣੂ ਨਿਦਾਨ, ਕਲੀਨਿਕਲ ਮਾਈਕਰੋਬਾਇਓਲੋਜੀ ਅਤੇ ਐਕਸਟਰਾਪਲਮੋਨਰੀ ਅਤੇ ਡਰੱਗ-ਰੋਧਕ ਟਿਊਬਰਕੁਲੋਸਿਸ ਵਿੱਚ ਟਰਾਂਸਲੇਸ਼ਨਲ ਖੋਜ ਵਿੱਚ ਉਨ੍ਹਾਂ ਦੇ ਮੋਹਰੀ, *ਦੋ ਦਹਾਕਿਆਂ ਤੋਂ ਚੱਲ ਰਹੇ ਯੋਗਦਾਨ ਨੂੰ ਮਾਨਤਾ ਦਿੰਦਾ ਹੈ।

ਉਨ੍ਹਾਂ ਨੂੰ 10 ਅਕਤੂਬਰ, 2026 ਨੂੰ ਤਾਮਿਲਨਾਡੂ ਦੇ ਚੇਂਗਲਪੱਟੂ ਵਿਖੇ ਐਸਆਰਐਮ ਮੈਡੀਕਲ ਕਾਲਜ ਹਸਪਤਾਲ ਅਤੇ ਰਿਸਰਚ ਸੈਂਟਰ ਵਿਖੇ ਹੋਣ ਵਾਲੇ NAMSCON 2026 ਕਾਨਵੋਕੇਸ਼ਨ ਦੌਰਾਨ ਸਨਮਾਨ ਪੱਤਰ ਨਾਲ ਅਧਿਕਾਰਤ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ। ਇੱਕ ਉੱਚ-ਭਾਰ ਵਾਲੇ ਦੇਸ਼ ਵਿੱਚ ਕੰਮ ਕਰਦੇ ਹੋਏ ਜਿੱਥੇ ਟਿਊਬਰਕੁਲੋਸਿਸ ਦੇ ਗੁੰਝਲਦਾਰ ਰੂਪ ਗੰਭੀਰ ਨਿਦਾਨ ਚੁਣੌਤੀਆਂ ਪੇਸ਼ ਕਰਦੇ ਹਨ, ਡਾ. ਸ਼ਰਮਾ ਨੇ *ਈਪੀਟੀਬੀ ਅਤੇ ਨਾਨ-ਟਿਊਬਰਕੁਲਸ* ਮਾਈਕੋਬੈਕਟੀਰੀਆ (ਐਨਟੀਐਮ) ਪ੍ਰਬੰਧਨ ਦੇ ਦ੍ਰਿਸ਼ ਨੂੰ ਬੁਨਿਆਦੀ ਤੌਰ 'ਤੇ ਬਦਲ ਦਿੱਤਾ ਹੈ। ਉਨ੍ਹਾਂ ਦੇ ਖੋਜ ਸਮੂਹ ਨੇ ਉੱਨਤ ਜੀਨੋਮਿਕ ਵਿਗਿਆਨ ਅਤੇ ਰੁਟੀਨ ਕਲੀਨਿਕਲ ਦੇਖਭਾਲ ਵਿਚਕਾਰ ਪਾੜੇ ਨੂੰ ਸਫਲਤਾਪੂਰਵਕ ਪੂਰਿਆ ਹੈ, ਜਿਸ ਨਾਲ ਪੂਰੇ ਭਾਰਤ ਵਿੱਚ ਮਰੀਜ਼ਾਂ ਦੇ ਨਤੀਜਿਆਂ 'ਤੇ ਅਸਰ ਪਿਆ ਹੈ।

ਮੁੱਖ ਵਿਗਿਆਨਕ ਅਤੇ ਅਕਾਦਮਿਕ ਮੀਲ ਪੱਥਰ : ਪੇਟੈਂਟਡ ਮਲਟੀਪਲੈਕਸ ਪੀਸੀਆਰ ਇਨੋਵੇਸ਼ਨ (ਭਾਰਤੀ ਪੇਟੈਂਟ ਨੰ. 340788) : ਇੱਕ ਨਵੀਨ ਮਲਟੀਪਲੈਕਸ ਪੀਸੀਆਰ ਪਰਖ ਵਿਕਸਤ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਪ੍ਰਮਾਣਿਤ (ਜਿਸ ਵਿੱਚ ਅਮਰੀਕਾ ਦੀ ਜੈਕਸਨਵਿਲ ਸਟੇਟ ਲੈਬਾਰਟਰੀ ਵਿੱਚ ਵੀ ਸ਼ਾਮਲ ਹੈ) ਕੀਤੀ ਜੋ ਟਿਊਬਰਕੁਲਸ ਮੈਨਿਨਜਾਈਟਿਸ (ਟੀਬੀਐਮ), ਓਕੂਲਰ ਟੀਬੀ ਅਤੇ ਗੈਸਟਰੋਇੰਟੈਸਟਾਈਨਲ ਟੀਬੀ ਵਰਗੀਆਂ ਪੌਸੀਬੈਸਿਲਰੀ ਸਥਿਤੀਆਂ ਵਿੱਚ ਨਿਦਾਨ ਸੰਵੇਦਨਸ਼ੀਲਤਾ ਨੂੰ ਮਹੱਤਵਪੂਰਨ ਰੂਪ ਵਿੱਚ ਵਧਾਉਂਦੀ ਹੈ।

ਪੁਆਇੰਟ-ਆਫ-ਕੇਅਰ ਅਤੇ ਵਿਕੇਂਦਰੀਕ੍ਰਿਤ ਨਿਦਾਨ : ਚੁੰਬਕੀ ਬੀਡ-ਅਧਾਰਤ ਅਤੇ ਮਲਟੀ-ਟਾਰਗੇਟਿਡ ਲੂਪ-ਮੀਡੀਏਟਿਡ ਆਈਸੋਥਰਮਲ ਐਂਪਲੀਫਿਕੇਸ਼ਨ (ਐਲਏਐਮਪੀ) ਪਰਖਾਂ ਦੀ ਸ਼ੁਰੂਆਤ ਕੀਤੀ, ਜੋ ਪੇਂਡੂ ਅਤੇ ਸਰੋਤ-ਸੀਮਤ ਸੈਟਿੰਗਾਂ ਲਈ ਤਿਆਰ ਕੀਤੀ ਗਈ ਸਟੀਕ, ਬੈਟਰੀ-ਸੰਚਾਲਿਤ, ਉਪਕਰਨ-ਮੁਕਤ ਜਾਂਚ ਨੂੰ ਸਮਰੱਥ ਬਣਾਉਂਦੀ ਹੈ।

ਓਕੂਲਰ ਟੀਬੀ ਵਿੱਚ ਵਿਸ਼ਵਵਿਆਪੀ ਸਫਲਤਾਵਾਂ : ਓਕੂਲਰ ਟਿਊਬਰਕੁਲੋਸਿਸ ਵਿੱਚ ਡਰੱਗ ਪ੍ਰਤੀਰੋਧ 'ਤੇ ਦੁਨੀਆ ਦੀ ਪਹਿਲੀ ਗਲੋਬਲ ਰਿਪੋਰਟ ਦੀ ਅਗਵਾਈ ਕੀਤੀ, ਕਲੀਨਿਕਲ ਮਾਪਦੰਡ ਸਥਾਪਤ ਕੀਤੇ ਜਿਨ੍ਹਾਂ ਨੇ ਇੰਟਰਾਓਕੂਲਰ ਟੀਬੀ ਨਿਦਾਨ ਅਤੇ ਦੇਖਭਾਲ ਵਿੱਚ ਕ੍ਰਾਂਤੀ ਲਿਆ ਦਿੱਤੀ।

INDEX-TB ਦਿਸ਼ਾ-ਨਿਰਦੇਸ਼ਾਂ 'ਤੇ ਰਾਸ਼ਟਰੀ ਅਗਵਾਈ : ਭਾਰਤ ਲਈ ਰਾਸ਼ਟਰੀ ਐਕਸਟਰਾਪਲਮੋਨਰੀ ਟਿਊਬਰਕੁਲੋਸਿਸ ਦਿਸ਼ਾ-ਨਿਰਦੇਸ਼ਾਂ (INDEX-TB ਦਿਸ਼ਾ-ਨਿਰਦੇਸ਼) ਲਈ ਲੀਡ ਮਾਈਕਰੋਬਾਇਓਲੋਜਿਸਟ ਵਜੋਂ ਸੇਵਾ ਨਿਭਾਈ, ਜੋ ਭਾਰਤ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੇ ਕੇਂਦਰੀ ਟੀਬੀ ਡਿਵੀਜ਼ਨ ਦੁਆਰਾ ਡਬਲਯੂਐਚਓ ਅਤੇ ਏਮਜ਼, ਨਵੀਂ ਦਿੱਲੀ ਦੇ ਸਹਿਯੋਗ ਨਾਲ ਤਿਆਰ ਕੀਤੇ ਗਏ ਹਨ।

ਉੱਨਤ ਜੀਨੋਮਿਕ ਨਿਗਰਾਨੀ ਅਤੇ ਮੇਕ-ਇਨ-ਇੰਡੀਆ ਏਕੀਕਰਨ : ਮੇਕ ਇਨ ਇੰਡੀਆ ਪਹਿਲਕਦਮੀ ਤਹਿਤ ਟਰੂਨੈਟ ਐਮਟੀਬੀ-ਪਲੱਸ ਪਰਖ ਵਰਗੇ ਦੇਸੀ ਪਲੇਟਫਾਰਮਾਂ ਦਾ ਵਿਆਪਕ ਮੁਲਾਂਕਣ ਕੀਤਾ, ਜਦੋਂ ਕਿ ਹਾਈ-ਰੈਜ਼ੋਲਿਊਸ਼ਨ ਮੈਲਟਿੰਗ (ਐਚਆਰਐਮ) ਵਿਸ਼ਲੇਸ਼ਣ, ਹੋਲ ਜੀਨੋਮ ਸੀਕਵੈਂਸਿੰਗ (ਡਬਲਯੂਜੀਐਸ), ਟਾਰਗੇਟਿਡ ਨੈਕਸਟ-ਜਨਰੇਸ਼ਨ ਸੀਕਵੈਂਸਿੰਗ (ਟੀਐਨਜੀਐਸ), ਲੌਂਗ-ਰੀਡ ਨੈਨੋਪੋਰ ਸੀਕਵੈਂਸਿੰਗ ਅਤੇ ਸੀਆਰਆਈਐਸਪੀਆਰ-ਕੈਸ12ਏ ਡਾਇਗਨੌਸਟਿਕ ਪਲੇਟਫਾਰਮਾਂ ਨੂੰ ਸ਼ਾਮਲ ਕਰਨ ਵਾਲੇ ਅਤਿ-ਆਧੁਨਿਕ ਖੋਜ ਪ੍ਰੋਜੈਕਟਾਂ ਦੀ ਅਗਵਾਈ ਕੀਤੀ।

ਐਨਟੀਐਮ ਪਛਾਣ ਵਿੱਚ ਉੱਤਮਤਾ:* ਨਾਨ-ਟਿਊਬਰਕੁਲਸ ਮਾਈਕੋਬੈਕਟੀਰੀਆ ਦੀ ਪ੍ਰਜਾਤੀ-ਪੱਧਰ ਦੀ ਪਛਾਣ ਲਈ ਅਣੂ, ਸੀਕਵੈਂਸਿੰਗ-ਅਧਾਰਤ ਅਤੇ ਮਾਲਡੀ-ਟੋਫ ਮਾਸ ਸਪੈਕਟ੍ਰੋਮੈਟਰੀ ਪ੍ਰੋਟੋਕੋਲ ਨੂੰ ਮਾਨਕੀਕ੍ਰਿਤ ਕੀਤਾ, ਜਿਸ ਨਾਲ ਪੀਜੀਆਈਐਮਈਆਰ ਨੂੰ ਗੁੰਝਲਦਾਰ ਐਨਟੀਐਮ ਮਾਮਲਿਆਂ ਲਈ ਇੱਕ ਪ੍ਰਮੁੱਖ ਰਾਸ਼ਟਰੀ ਰੈਫਰਲ ਕੇਂਦਰ ਵਿੱਚ ਬਦਲ ਦਿੱਤਾ। ਐਨਏਐਮਐਸ ਵੂਮੈਨ ਇਨ ਮੈਡੀਸਨ 2026 ਸਮੂਹ ਲਈ ਡਾ. ਸ਼ਰਮਾ ਦੀ ਚੋਣ ਡਾਕਟਰੀ ਉੱਤਮਤਾ, ਅਕਾਦਮਿਕ ਅਗਵਾਈ ਅਤੇ ਗੁੰਝਲਦਾਰ ਮਾਈਕੋਬੈਕਟੀਰੀਅਲ ਇਨਫੈਕਸ਼ਨਾਂ ਵਾਲੇ ਮਰੀਜ਼ਾਂ ਦੀ ਪੀੜਾ ਨੂੰ ਘੱਟ ਕਰਨ ਲਈ ਉਨ੍ਹਾਂ ਦੀ ਸਥਾਈ ਵਚਨਬੱਧਤਾ ਨੂੰ ਰੇਖਾਂਕਿਤ ਕਰਦੀ ਹੈ।

ਮੋਟਰਾਂ ਲਈ 10 ਘੰਟੇ ਨਿਰਵਿਘਨ ਬਿਜਲੀ ਸਪਲਾਈ ਦੀ ਮੰਗ



ਪੈ.ਗਾਮ-ਏ-ਜਗਤ ਖਰੜ, 11 ਸਤੰਬਰ (ਦਵਿੰਦਰ ਕੌਰ ਸਹੋਤਾ)

ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਰਵਿੰਦਰ ਸਿੰਘ ਹੇਕਲਾਂ ਦੀ ਅਗਵਾਈ ਹੇਠ ਕਿਸਾਨਾਂ ਦੇ ਵਫ਼ਦ ਨੇ ਅੱਜ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਐਕਸੀਅਨ ਨੂੰ ਮੋਟਰਾਂ ਲਈ ਨਿਰਵਿਘਨ ਬਿਜਲੀ ਸਪਲਾਈ ਦੇਣ ਸਬੰਧੀ ਮੰਗ ਪੱਤਰ ਸੌਂਪਿਆ। ਇਸ ਮੌਕੇ ਕਿਸਾਨਾਂ ਨੇ ਕਿਹਾ ਕਿ ਬਿਜਲੀ ਮੋਟਰਾਂ ਤੇ ਘੱਟ ਆਣ ਕਾਰਨ ਮੁਸ਼ਕਿਲ ਦਾ ਸਾਹਮਣਾ ਦਾ ਕਰਨਾ ਪੈ ਰਿਹਾ ਹੈ। ਉਨ੍ਹਾਂ ਮੰਗ ਕੀਤੀ ਕਿ ਝੋਨੇ ਦੀ ਫ਼ਸਲ ਦੀ ਲੋੜ ਨੂੰ ਦੇਖਦਿਆਂ ਕਿਸਾਨਾਂ ਨੂੰ ਮੋਟਰਾਂ ਲਈ ਘੱਟੋ-ਘੱਟ 10 ਘੰਟੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ।

ਜੀ.ਆਰ ਪੀ. ਥਾਣਾ ਫ਼ਿਰੋਜ਼ਪੁਰ ਰੇਲਵੇ ਸਟੇਸ਼ਨ ਵੱਲੋਂ ਚਲਾਇਆ ਗਿਆ ਸਰਚ ਅਪ੍ਰੇਸ਼ਨ

ਪੈ.ਗਾਮ-ਏ-ਜਗਤ/ਫਿਰੋਜ਼ਪੁਰ 11 ਸਤੰਬਰ (ਗੁਰਮੇਜ ਸਿੰਘ)

ਮਾਣਯੋਗ ਸਪੈਸ਼ਲ ਡੀ.ਜੀ.ਪੀ, ਜੀ.ਆਰ.ਪੀ ਪੰਜਾਬ ਪਟਿਆਲਾ ਅਤੇ ਡੀ.ਐਸ.ਪੀ ਜ਼ੋਨਲ ਜੀ ਆਰ ਪੀ ਫਿਰੋਜ਼ਪੁਰ ਦੇ ਦਿਸ਼ਾ ਨਿਰਦੇਸ਼ਾ ਤਹਿਤ ਅੱਜ ਮਿਤੀ 11 -09-26 ਰੇਲਵੇ ਮੁਸਾਫਿਰਾਂ ਦੀ ਜਾਨ ਮਾਲ ਦੀ ਸੁਰੱਖਿਆ ਦੇ ਮੱਦੇਨਜ਼ਰ ਜੀ.ਆਰ ਪੀ. ਥਾਣਾ ਫਿਰੋਜ਼ਪੁਰ ਰੇਲਵੇ ਸਟੇਸ਼ਨ ਫਿਰੋਜ਼ਪੁਰ ਵਿਖੇ (ਪੈਸੰਜਰ ਅਵੇਰਨੈੱਸ ਅਤੇ ਸਰਚ ਅਪ੍ਰੇਸ਼ਨ) ਤਹਿਤ ਪਲੈਟਫਾਰਮਾਂ, ਟਰੇਨਾਂ , ਵੇਟਿੰਗ ਏਰੀਆ, ਮੋ ਟ ਰ ਸ ਾ ਇ ਕ ਲ ਪਾਰਕਿੰਗ, ਐਂਟਰੀ / ਐਕਸਿਟ ਗੇਟ ਅਤੇ ਸ਼ੱਕੀ ਵਿਅਕਤੀਆਂ ਅਤੇ ਸਾਮਾਨ ਦੀ ਬਰੀਕੀ ਨਾਲ ਚੈਕਿੰਗ ਕੀਤੀ ਗਈ ਚੈਕਿੰਗ ਦੌਰਾਨ ਕੋਈ ਵੀ ਸ਼ੱਕੀ ਵਿਅਕਤੀ ਜਾ ਕੋਈ ਸ਼ੱਕੀ ਵਸਤੂ ਹੋਣੀ ਨਹੀਂ ਪਾਈ ਗਈ ਚੈਕਿੰਗ ਦੌਰਾਨ ਸਫ਼ਰ ਕਰਨ ਵਾਲੇ ਮੁਸਾਫਿਰਾਂ ਨੂੰ ਜਾਣੂ ਕਰਵਾਇਆ ਗਿਆ, ਕਿ ਅਗਰ ਉਹਨਾਂ ਨੂੰ ਕੋਈ ਵੀ ਸ਼ੱਕੀ ਵਿਅਕਤੀ ਜਾਂ ਕੋਈ ਸ਼ੱਕੀ ਚੀਜ਼, ਲਾਵਾਰਿਸ ਸਮਾਨ ਆਦਿ ਮਿਲਦਾ ਹੈ,ਤਾਂ ਤੁਰੰਤ ਇਸ ਦੀ ਸੂਚਨਾਂ ਨਜ਼ਦੀਕੀ ਸਟੇਸ਼ਨ ਜੀ ਆਰ ਪੀ, ਜਾਂ ਆਰ.ਪੀ.ਐਫ ਨੂੰ ਦਿੱਤੀ ਜਾਵੇ।



ਰੋਟੋ ਨੌਰਥ, ਪੀਜੀਆਈਐਮਈਆਰ ਨੇ ਇਟਰਨਿਟੀ ਲੌਜਿਸਟਿਕਸ ਤੱਕ ਪਹੁੰਚਾਇਆ ਅੰਗਦਾਨ ਦਾ ਸੁਨੇਹਾ

- ਦੋ ਜਾਗਰੂਕਤਾ ਸੈਸ਼ਨਾਂ ਨੇ ਸਵੇਰ ਅਤੇ ਨਾਈਟ-ਸ਼ਿਫਟ ਦੇ ਕਰਮਚਾਰੀਆਂ ਨੂੰ ਇੱਕ ਸ਼ਕਤੀਸ਼ਾਲੀ ਵਰਕਪਲੇਸ ਪਹਿਲ ਵਿੱਚ ਜੋੜਿਆ



ਚੰਡੀਗੜ੍ਹ, 11 ਸਤੰਬਰ (ਪੈ.ਗਾਮ-ਏ-ਜਗਤ)

ਰੋਟੋ ਨੌਰਥ, ਪੀਜੀਆਈ, ਚੰਡੀਗੜ੍ਹ ਨੇ ਦੇਸ਼ ਵਿਆਪੀ 'ਜੁਗ ਜੁਗ ਜੀਓ ਅਭਿਆਨ' ਦੇ ਹਿੱਸੇ ਵਜੋਂ *ਇਟਰਨਿਟੀ ਲੌਜਿਸਟਿਕਸ* ਵਿਖੇ ਅੰਗਦਾਨ ਜਾਗਰੂਕਤਾ ਸੈਸ਼ਨ ਕਰਵਾਇਆ, ਜਿਸ ਵਿੱਚ ਸਵੇਰ ਅਤੇ ਨਾਈਟ-ਸ਼ਿਫਟ ਦੋਵਾਂ ਬੈਚਾਂ ਦੇ ਕਰਮਚਾਰੀਆਂ ਨੂੰ ਸ਼ਾਮਲ ਕੀਤਾ ਗਿਆ। ਵੱਖ-ਵੱਖ ਕੰਮ ਦੇ ਸਮੇਂ-ਸਾਰਣੀ ਵਿੱਚ ਕੰਮ ਕਰਨ ਵਾਲੇ ਕਰਮਚਾਰੀਆਂ ਤੱਕ ਸਿਹਤ ਜਾਗਰੂਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਪਹਿਲਕਦਮੀਆਂ ਨੂੰ ਲੈ ਕੇ ਜਾਣ ਦੇ ਮਹੱਤਵ ਨੂੰ ਪਛਾਣਦੇ ਹੋਏ, ਇਟਰਨਿਟੀ ਲੌਜਿਸਟਿਕਸ ਨੇ *ਦੋ ਸਮਰਪਿਤ ਜਾਗਰੂਕਤਾ ਸੈਸ਼ਨਾਂ* ਦੀ ਸਹੂਲਤ ਦਿੱਤੀ — ਇੱਕ ਸਵੇਰ-ਸ਼ਿਫਟ ਦੇ ਕਰਮਚਾਰੀਆਂ ਲਈ ਅਤੇ ਦੂਜਾ ਨਾਈਟ-ਸ਼ਿਫਟ ਬੈਚ ਲਈ। ਇਸ ਪਹਿਲ ਨੇ ਇਹ ਯਕੀਨੀ ਬਣਾਇਆ ਕਿ ਵੱਖ-ਵੱਖ ਸਮਿਆਂ 'ਤੇ ਕੰਮ ਕਰਨ ਵਾਲੇ ਕਰਮਚਾਰੀਆਂ ਨੂੰ ਅੰਗ ਅਤੇ ਟਿਸ਼ੂ ਦਾਨ ਦੀ ਮਹੱਤਤਾ ਨੂੰ ਸਮਝਣ ਅਤੇ ਜਾਗਰੂਕਤਾ ਪ੍ਰੋਗਰਾਮ ਵਿੱਚ ਹਿੱਸਾ ਲੈਣ ਦਾ ਬਰਾਬਰ ਮੌਕਾ ਦਿੱਤਾ ਜਾਵੇ।

ਸੈਸ਼ਨਾਂ ਵਿੱਚ ਕਰਮਚਾਰੀਆਂ ਵੱਲੋਂ ਉਤਸ਼ਾਹੀ ਅਤੇ ਹੌਂਸਲਾ ਦੇਣ ਵਾਲਾ ਹੁੰਗਾਰਾ ਦੇਖਣ ਨੂੰ ਮਿਲਿਆ, ਜਿਸ ਵਿੱਚ ਭਾਗੀਦਾਰਾਂ ਨੇ ਰੋਟੋ ਨੌਰਥ ਟੀਮ ਨਾਲ ਸਰਗਰਮੀ ਨਾਲ ਗੱਲਬਾਤ ਕੀਤੀ, ਸਵਾਲ ਉਠਾਏ ਅਤੇ ਅੰਗਦਾਨ ਅਤੇ ਟ੍ਰਾਂਸਪਲਾਂਟੇਸ਼ਨ ਦੇ ਵੱਖ-ਵੱਖ ਪਹਿਲੂਆਂ 'ਤੇ ਸਪੱਸ਼ਟਤਾ ਮੰਗੀ। ਇਸ ਪਹਿਲ ਨੇ ਸਮਾਜਿਕ ਤੌਰ 'ਤੇ ਜਾਗਰੂਕ ਅਤੇ ਜ਼ਿੰਮੇਵਾਰ ਵਰਕਪਲੇਸ ਬਣਾਉਣ ਅਤੇ ਸਾਰਥਕ ਭਾਈਚਾਰਕ-ਮੁਖੀ ਪਹਿਲਕਦਮੀਆਂ ਨੂੰ ਆਪਣੇ ਕਰਮਚਾਰੀਆਂ ਦੇ ਨੇੜੇ ਲਿਆਉਣ ਪ੍ਰਤੀ ਇਟਰਨਿਟੀ ਲੌਜਿਸਟਿਕਸ ਦੀ ਵਚਨਬੱਧਤਾ ਨੂੰ ਦਰਸਾਇਆ।

ਇਸ ਮੌਕੇ ਬੋਲਦਿਆਂ, *ਇਟਰਨਿਟੀ ਲੌਜਿਸਟਿਕਸ ਦੇ ਮਾਰਕੀਟਿੰਗ ਮੁਖੀ ਸ੍ਰੀ ਰਵੀ ਕੁਮਾਰ* ਨੇ ਅੰਗਦਾਨ ਦੇ ਸੁਨੇਹੇ ਨੂੰ ਸਿੱਧੇ ਵਰਕਪਲੇਸਾਂ ਤੱਕ ਲੈ ਕੇ ਜਾਣ ਵਿੱਚ ਰੋਟੋ ਨੌਰਥ, ਪੀਜੀਆਈਐਮਈਆਰ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ, "ਵਰਕਪਲੇਸ ਸਿਰਫ਼ ਇੱਕ ਅਜਿਹੀ ਥਾਂ ਨਹੀਂ ਹੈ ਜਿੱਥੇ ਅਸੀਂ ਪੇਸ਼ੇਵਰ ਤੌਰ 'ਤੇ ਯੋਗਦਾਨ ਪਾਉਂਦੇ ਹਾਂ; ਇਹ ਇੱਕ ਅਜਿਹੀ ਥਾਂ ਵੀ ਹੈ ਜਿੱਥੇ ਜਾਗਰੂਕਤਾ, ਹਮਦਰਦੀ ਅਤੇ ਸਮਾਜਿਕ ਜ਼ਿੰਮੇਵਾਰੀ ਵਧ ਸਕਦੀ ਹੈ। ਸਾਨੂੰ ਆਪਣੀਆਂ ਸਵੇਰ ਅਤੇ ਨਾਈਟ-ਸ਼ਿਫਟ ਦੋਵਾਂ ਟੀਮਾਂ ਲਈ ਇਨ੍ਹਾਂ ਜਾਗਰੂਕਤਾ ਸੈਸ਼ਨਾਂ ਦੀ ਸਹੂਲਤ ਦੇ ਕੇ ਖੁਸ਼ੀ ਹੋ ਰਹੀ ਹੈ। ਸਾਡੇ ਕਰਮਚਾਰੀਆਂ ਵੱਲੋਂ ਦਿਖਾਇਆ ਗਿਆ ਉਤਸ਼ਾਹ ਕਿਸੇ ਅਜਿਹੇ ਕਾਰਜ ਨੂੰ ਸਮਝਣ ਅਤੇ ਸਮਰਥਨ ਕਰਨ ਦੀ ਉਨ੍ਹਾਂ ਦੀ ਇੱਛਾ ਦਾ ਪ੍ਰਤੀਬਿੰਬ ਹੈ ਜੋ ਕਿਸੇ ਨੂੰ ਜ਼ਿੰਦਗੀ ਦਾ ਦੂਜਾ ਮੌਕਾ ਦੇ ਸਕਦਾ ਹੈ। ਅਸੀਂ ਇਸ ਮਹੱਤਵਪੂਰਨ ਸੁਨੇਹੇ ਨੂੰ ਸਾਡੀ ਸੰਸਥਾ ਤੱਕ ਲਿਆਉਣ ਲਈ ਰੋਟੋ ਨੌਰਥ, ਪੀਜੀਆਈਐਮਈਆਰ ਦਾ ਦਿਲੋਂ ਧੰਨਵਾਦ ਕਰਦੇ ਹਾਂ। ਵੱਖ-ਵੱਖ ਸ਼ਿਫਟਾਂ ਵਿੱਚ ਕੰਮ ਕਰਨ ਵਾਲੇ ਕਰਮਚਾਰੀਆਂ ਲਈ ਵੱਖਰੇ ਸੈਸ਼ਨ ਆਯੋਜਿਤ ਕਰਨ ਦੇ ਇਟਰਨਿਟੀ ਲੌਜਿਸਟਿਕਸ ਦੇ ਫੈਸਲੇ ਦੀ ਰੋਟੋ ਨੌਰਥ ਟੀਮ ਨੇ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ। ਇਸ ਪਹਿਲ ਨੇ ਦਰਸਾਇਆ ਕਿ ਵਰਕਪਲੇਸ ਜਾਗਰੂਕਤਾ ਪ੍ਰੋਗਰਾਮਾਂ ਨੂੰ ਇੱਕ ਸਮਾਵੇਸ਼ੀ ਢੰਗ ਨਾਲ ਡਿਜ਼ਾਈਨ ਕੀਤਾ ਜਾ ਸਕਦਾ ਹੈ, ਇਹ ਯਕੀਨੀ ਬਣਾਉਂਦੇ ਹੋਏ ਕਿ ਸੰਚਾਲਨ ਸਮਾਂ-ਸਾਰਣੀ ਮਹੱਤਵਪੂਰਨ ਜਨਤਕ-ਸਿਹਤ ਅਤੇ ਮਾਨਵਤਾਵਾਦੀ ਮੁਹਿੰਮਾਂ ਵਿੱਚ ਭਾਗੀਦਾਰੀ ਲਈ ਰੁਕਾਵਟ ਨਾ ਬਣੇ। ਸੈਸ਼ਨਾਂ ਦੌਰਾਨ, *ਰੋਟੋ ਨੌਰਥ, ਪੀਜੀਆਈਐਮਈਆਰ ਦੀ ਕੰਸਲਟੈਂਟ, ਆਈਈਸੀ ਮੀਡੀਆ, ਸ਼੍ਰੀਮਤੀ ਸਰਯੂ ਡੀ. ਮਾਦਰਾ* ਨੇ ਕਰਮਚਾਰੀਆਂ ਨਾਲ ਗੱਲਬਾਤ ਕੀਤੀ ਅਤੇ ਅੰਗਦਾਨ ਲਹਿਰ ਨੂੰ ਮਜ਼ਬੂਤ ਕਰਨ ਵਿੱਚ ਸੂਚਿਤ ਜਾਗਰੂਕਤਾ ਦੀ ਮਹੱਤਤਾ 'ਤੇ ਚਾਨਣਾ ਪਾਇਆ। ਸ਼੍ਰੀਮਤੀ ਮਾਦਰਾ ਨੇ ਕਿਹਾ, "ਅੰਗਦਾਨ ਜਾਗਰੂਕਤਾ ਨਾਲ ਸ਼ੁਰੂ ਹੁੰਦਾ ਹੈ, ਪਰ ਇਹ ਉਦੋਂ ਸਾਰਥਕ ਬਣਦਾ ਹੈ ਜਦੋਂ ਲੋਕਾਂ ਨੂੰ ਸਵਾਲ ਪੁੱਛਣ, ਪ੍ਰਕਿਰਿਆ ਨੂੰ ਸਮਝਣ ਅਤੇ ਇੱਕ ਸੂਚਿਤ ਫੈਸਲਾ ਲੈਣ ਦਾ ਮੌਕਾ ਦਿੱਤਾ ਜਾਂਦਾ ਹੈ। ਇਟਰਨਿਟੀ ਲੌਜਿਸਟਿਕਸ ਵਿਖੇ ਦੋਵਾਂ ਸ਼ਿਫਟਾਂ ਦੇ ਕਰਮਚਾਰੀਆਂ ਦੀ ਭਾਗੀਦਾਰੀ ਖਾਸ ਤੌਰ 'ਤੇ ਹੌਂਸਲਾ ਦੇਣ ਵਾਲੀ ਹੈ ਕਿਉਂਕਿ ਇਹ ਦਰਸਾਉਂਦੀ ਹੈ ਕਿ ਜਦੋਂ ਸੰਸਥਾਵਾਂ ਇਸ ਨੂੰ ਪਹੁੰਚਯੋਗ ਬਣਾਉਣ ਦੀ ਪਹਿਲ ਕਰਦੀਆਂ ਹਨ ਤਾਂ ਜਾਗਰੂਕਤਾ ਵਰਕਪਲੇਸ ਦੇ ਹਰ ਹਿੱਸੇ ਤੱਕ ਪਹੁੰਚ ਸਕਦੀ ਹੈ।

ਜਾਗਰੂਕਤਾ ਪ੍ਰੋਗਰਾਮ ਵਿੱਚ ਅੰਗ ਅਤੇ ਟਿਸ਼ੂ ਦਾਨ ਦੀ ਧਾਰਨਾ ਅਤੇ ਮਹੱਤਤਾ, ਮ੍ਰਿਤਕ ਅੰਗਦਾਨ ਦੀ ਲੋੜ, ਟ੍ਰਾਂਸਪਲਾਂਟੇਸ਼ਨ ਵਿੱਚ ਸ਼ਾਮਲ ਪ੍ਰਕਿਰਿਆ ਅਤੇ ਆਮ ਤੌਰ 'ਤੇ ਪਾਈਆਂ ਜਾਂਦੀਆਂ ਮਿੱਥਾਂ ਅਤੇ ਗਲਤ ਧਾਰਨਾਵਾਂ ਨੂੰ ਦੂਰ ਕਰਨ ਦੀ ਮਹੱਤਤਾ 'ਤੇ ਧਿਆਨ ਕੇਂਦਰਿਤ ਕੀਤਾ ਗਿਆ।

ਭਾਗੀਦਾਰਾਂ ਨੂੰ ਅੰਗਦਾਨ ਸਬੰਧੀ ਆਪਣੀਆਂ ਇੱਛਾਵਾਂ ਬਾਰੇ ਆਪਣੇ ਪਰਿਵਾਰਾਂ ਨਾਲ ਖੁੱਲ੍ਹ ਕੇ ਗੱਲਬਾਤ ਕਰਨ ਲਈ ਵੀ ਉਤਸ਼ਾਹਿਤ ਕੀਤਾ ਗਿਆ। ਰੋਟੋ ਨੌਰਥ, ਪੀਜੀਆਈ ਦੇ ਨੋਡਲ ਅਫਸਰ ਡਾ. ਵਿਜੇ ਤਾਡੀਆ* ਨੇ ਅੰਗਦਾਨ ਲਹਿਰ ਵਿੱਚ ਆਪਣੇ ਵਰਕਫੋਰਸ ਨੂੰ ਜੋੜਨ ਦੀ ਪਹਿਲ ਕਰਨ ਲਈ ਇਟਰਨਿਟੀ ਲੌਜਿਸਟਿਕਸ ਦੀ ਸ਼ਲਾਘਾ ਕਰਦਿਆਂ ਕਿਹਾ, "ਇਟਰਨਿਟੀ ਲੌਜਿਸਟਿਕਸ ਦਾ ਹੁੰਗਾਰਾ ਇੱਕ ਮਜ਼ਬੂਤ ਯਾਦ ਦਿਵਾਉਂਦਾ ਹੈ ਕਿ ਅੰਗਦਾਨ ਲਹਿਰ ਨੂੰ ਉਦੋਂ ਮਜ਼ਬੂਤੀ ਮਿਲ ਸਕਦੀ ਹੈ ਜਦੋਂ ਸੰਸਥਾਵਾਂ ਅਤੇ ਸੰਸਥਾਵਾਂ ਜਾਗਰੂਕਤਾ ਵਿੱਚ ਭਾਈਵਾਲ ਵਜੋਂ ਅੱਗੇ ਆਉਂਦੀਆਂ ਹਨ।

ਬੈਂਕ ਕਰਮਚਾਰੀ ਰਹੇ ਹੜਤਾਲ ਤੇ ਕਰੋੜਾਂ ਦਾ ਲੈਣ-ਦੇਣ ਹੋਇਆ ਪ੍ਰਭਾਵਿਤ



ਪੈ.ਗਾਮ-ਏ-ਜਗਤ ਅੰਬਾਲਾ, 11 ਸਤੰਬਰ (ਆਰ.ਸਿੰਘ)

ਅੱਜ ਅੰਬਾਲਾ ਛਾਉਣੀ ਦੇ ਬੈਂਕਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਆਪਣੀਆਂ ਮੰਗਾਂ ਮਨਵਾਉਣ ਲਈ ਨਿਕਲਸਨ ਰੋਡ 'ਤੇ ਇੰਡੀਅਨ ਬੈਂਕ ਦੇ ਸਾਹਮਣੇ ਇੱਕ ਜ਼ੋਰਦਾਰ ਪ੍ਰਦਰਸ਼ਨ ਕੀਤਾ। ਇਸ ਵਿਰੋਧ ਪ੍ਰਦਰਸ਼ਨ ਦੀ ਅਗਵਾਈ ਕਾਮਰੇਡ ਬਲਜੀਤ ਸਿੰਘ, ਪ੍ਰਧਾਨ ਨੇ ਕੀਤੀ। ਪ੍ਰਦਰਸ਼ਨ ਵਿੱਚ 150 ਤੋਂ ਵੱਧ ਕਰਮਚਾਰੀਆਂ ਨੇ ਹਿੱਸਾ ਲਿਆ। ਯੂਨੀਅਨ ਸਕੱਤਰ ਕਾਮਰੇਡ ਪੀ.ਸੀ. ਚੌਹਾਨ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਾਰਤ ਭਰ ਦੇ ਬੈਂਕ ਕਰਮਚਾਰੀ ਅੱਜ ਯੂ.ਐਫ.ਬੀ.ਯੂ. ਦੇ ਬੈਨਰ ਹੇਠ ਹੜਤਾਲ 'ਤੇ ਹਨ। ਉਨ੍ਹਾਂ ਨੇ ਪੱਤਰਕਾਰਾਂ ਨੂੰ ਹੜਤਾਲ ਬਾਰੇ ਦੱਸਦਿਆਂ ਕਿਹਾ ਕਿ ਉਨ੍ਹਾਂ ਦੇ ਮੁੱਦੇ ਪਿਛਲੇ ਦੋ ਸਾਲਾਂ ਤੋਂ ਸਰਕਾਰ ਕੋਲ ਲੰਬਿਤ ਹਨ। ਜੇ ਸਰਕਾਰ ਅੱਜ ਦੀ ਹੜਤਾਲ ਤੋਂ ਬਾਅਦ ਉਨ੍ਹਾਂ ਦੀਆਂ ਮੰਗਾਂ ਨੂੰ ਪੂਰਾ ਨਹੀਂ ਕਰਦੀ ਹੈ ਤਾਂ 28, 29 ਅਤੇ 30 ਸਤੰਬਰ, 2026 ਨੂੰ ਤਿੰਨ ਦਿਨਾਂ ਦੀ ਬੈਂਕ ਹੜਤਾਲ ਕੀਤੀ ਜਾਵੇਗੀ।

ਪ੍ਰਧਾਨ ਕਾਮਰੇਡ ਅਨਿਲ ਸ਼ਰਮਾ ਨੇ ਕਿਹਾ ਕਿ ਉਨ੍ਹਾਂ ਦੀਆਂ ਮੰਗਾਂ ਨੂੰ ਪੂਰਾ ਕਰਨ ਤੋਂ ਇਨਕਾਰ ਕਰਕੇ ਸਰਕਾਰ ਨੇ ਬੈਂਕ ਕਰਮਚਾਰੀਆਂ ਨੂੰ ਹੜਤਾਲ ਕਰਨ ਲਈ ਮਜਬੂਰ ਕੀਤਾ ਹੈ। ਉਨ੍ਹਾਂ ਕਿਹਾ ਕਿ 12ਵੇਂ ਤਨਖ਼ਾਹ ਕਮਿਸ਼ਨ ਸਮਝੌਤੇ ਵਿੱਚ ਸਰਕਾਰ ਨੇ ਪੰਜ ਦਿਨਾਂ ਦੇ ਕੰਮਕਾਜੀ ਹਫ਼ਤੇ ਨੂੰ ਜਲਦੀ ਲਾਗੂ ਕਰਨ ਦਾ ਵਾਅਦਾ ਕੀਤਾ ਸੀ। ਕਾਮਰੇਡ ਬਲਜੀਤ ਸਿੰਘ ਪ੍ਰਧਾਨ ਨੇ ਬੈਂਕਾਂ ਵਿੱਚ ਢੁਕਵੀਂ ਭਰਤੀ, ਪੰਜ ਦਿਨਾਂ ਦੀ ਬੈਂਕਿੰਗ ਲਾਗੂ ਕਰਨ, ਪੀਐਲਆਈ ਸਕੀਮ ਵਿੱਚ ਸੁਧਾਰ ਅਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਦੀ ਮੰਗ ਕੀਤੀ।

ਅੱਜ ਦੇ ਵਿਰੋਧ ਪ੍ਰਦਰਸ਼ਨ ਵਿੱਚ ਸਾਰੇ ਬੈਂਕਾਂ ਦੇ ਅਧਿਕਾਰੀਆਂ ਨੇ ਹਿੱਸਾ ਲਿਆ ਜਿਨ੍ਹਾਂ ਵਿੱਚ ਦਵਿੰਦਰ ਸਿੰਘ ਉਪ ਪ੍ਰਧਾਨ ਇੰਡੀਅਨ ਬੈਂਕ ਅਫਸਰ ਯੂਨੀਅਨ, ਰਮੇਸ਼ ਕੁਮਾਰ ਯੂਕੋ ਬੈਂਕ, ਕਰਨ ਡੋਗਰਾ ਪੀਐਨਬੀ, ਪੰਕਜ ਰੋਹਿਲਾ ਉਪ ਪ੍ਰਧਾਨ ਇੰਡੀਅਨ ਬੈਂਕ, ਕਮਲ ਕੁਮਾਰ ਯੂਨੀਅਨ ਬੈਂਕ, ਰਵੀ ਚੌਹਾਨ ਉਪ ਪ੍ਰਧਾਨ ਸੈਂਟਰਲ ਬੈਂਕ ਅਤੇ ਹੋਰ ਸ਼ਾਮਲ ਸਨ।

ਯੂਨੀਅਨ ਆਗੂਆਂ ਨੇ ਕਿਹਾ ਕਿ ਬੈਂਕ ਕਰਮਚਾਰੀਆਂ ਨੂੰ ਹੜਤਾਲ 'ਤੇ ਜਾਣ ਲਈ ਮਜਬੂਰ ਹੋਣਾ ਪਿਆ ਕਿਉਂ ਕਿ ਰਸਮੀ ਸਮਝੌਤਿਆਂ ਅਤੇ ਵਾਰ-ਵਾਰ ਭਰੋਸਾ ਦੇਣ ਦੇ ਬਾਵਜੂਦ ਉਨ੍ਹਾਂ ਦੀਆਂ ਜਾਇਜ਼ ਮੰਗਾਂ ਪੂਰੀਆਂ ਨਹੀਂ ਹੋਈਆਂ। ਉਨ੍ਹਾਂ ਦੀ ਮੁੱਖ ਮੰਗ ਪੰਜ ਦਿਨਾਂ ਦੀ ਬੈਂਕਿੰਗ ਸੀ, ਜੋ ਕਿ ਮਾਰਚ 2024 ਵਿੱਚ ਇੰਡੀਅਨ ਬੈਂਕਸ ਐਸੋਸੀਏਸ਼ਨ (ਆਈਬੀਏ) ਅਤੇ ਬੈਂਕ ਯੂਨੀਅਨਾਂ ਵਿਚਕਾਰ ਹੋਈ ਵਚਨਬੱਧਤਾ ਸੀ। ਢਾਈ ਸਾਲਾਂ ਤੋਂ ਵੱਧ ਸਮੇਂ ਬਾਅਦ ਸਹਿਮਤੀ ਵਾਲਾ ਪ੍ਰਬੰਧ ਲਾਗੂ ਨਹੀਂ ਕੀਤਾ ਗਿਆ। ਆਗੂਆਂ ਨੇ ਕਿਹਾ ਕਿ 1985 ਤੋਂ ਕੇਂਦਰ ਸਰਕਾਰ ਦੇ ਦਫ਼ਤਰਾਂ ਵਿੱਚ ਪੰਜ ਦਿਨਾਂ ਦਾ ਕੰਮ ਕਰਨ ਵਾਲਾ ਹਫ਼ਤਾ ਲਾਗੂ ਹੈ। ਰਾਜ ਸਰਕਾਰਾਂ, ਜ਼ਿਲ੍ਹਾ ਦਫ਼ਤਰ, ਅਦਾਲਤਾਂ, ਆਮਦਨ ਕਰ ਵਿਭਾਗ, ਸਟਾਕ ਐਕਸਚੇਂਜ, ਭਾਰਤੀ ਰਿਜ਼ਰਵ ਬੈਂਕ ਅਤੇ ਰਾਸ਼ਟਰੀ ਖਪਤਕਾਰ ਵਿਵਾਦ ਨਿਪਟਾਰਾ ਕੇਂਦਰ ਵੀ ਪੰਜ ਦਿਨਾਂ ਲਈ ਕੰਮ ਕਰਦੇ ਹਨ। ਯੂਨੀਅਨਾਂ ਦਾ ਤਰਕ ਹੈ ਕਿ ਦੁਨੀਆ ਭਰ ਦੇ ਲਗਭਗ ਸਾਰੇ ਦੇਸ਼ਾਂ ਵਿੱਚ ਪੰਜ ਦਿਨਾਂ ਦੀ ਬੈਂਕਿੰਗ ਆਮ ਹੈ। ਮਾਰਚ 2024 ਦੇ ਸਮਝੌਤੇ ਦੇ ਤਹਿਤ, ਯੂਨੀਅਨਾਂ ਨੇ ਵੀ ਹਰ ਹਫ਼ਤੇ ਦੇ ਦਿਨ ਕੰਮ ਕਰਨ ਅਤੇ ਬੈਂਕਿੰਗ ਦੇ ਘੰਟਿਆਂ ਨੂੰ 40 ਮਿੰਟ ਵਧਾਉਣ 'ਤੇ ਸਹਿਮਤੀ ਪ੍ਰਗਟਾਈ ਤਾਂ ਜੋ ਬਾਕੀ ਸ਼ਨੀਵਾਰਾਂ ਨੂੰ ਛੁੱਟੀਆਂ ਵਜੋਂ ਘੋਸ਼ਿਤ ਕਰਨ ਨਾਲ ਗਾਹਕਾਂ ਲਈ ਉਪਲਬਧ ਕੁੱਲ ਬੈਂਕਿੰਗ ਸਮਾਂ ਘੱਟ ਨਾ ਹੋਵੇ।

ਪ੍ਰੋ. ਸਿਮਮੀ ਅਗਨੀਹੋਤਰੀ ਸਰਕਾਰੀ ਮਹਾਵਿਦਿਆਲਿਆ ਹਰੋਲੀ ਵਿੱਚ ਚਿੱਟਾ ਮੁਕਤ ਅਭਿਆਨ ਤਹਿਤ ਨੁੱਕੜ ਨਾਟਕ ਦਾ ਆਯੋਜਨ



ਪੈ.ਗਾਮ-ਏ-ਜਗਤ/ਹਰੋਲੀ/ਊਨਾ 11 ਸਤੰਬਰ (ਰਾਜਵੀਰ ਚੋਪੜਾ)

ਨਸ਼ਾ ਮੁਕਤ ਹਿਮਾਚਲ ਅਤੇ ਚਿੱਟਾ ਮੁਕਤ ਅਭਿਆਨ ਤਹਿਤ ਸਰਕਾਰੀ ਮਹਾਵਿਦਿਆਲਿਆ ਹਰੋਲੀ ਵਿੱਚ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੌਰਾਨ ਏਕਲਵਿਆ ਕਲਾ ਮੰਚ, ਪਹਿਲੀ ਭਾਰਤ ਰਿਜ਼ਰਵ ਬਟਾਲੀਅਨ ਬਨਗੜ੍ਹ ਦੀ ਟੀਮ ਵੱਲੋਂ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਪ੍ਰਭਾਵਸ਼ਾਲੀ ਨੁੱਕੜ ਨਾਟਕ ਪੇਸ਼ ਕੀਤਾ ਗਿਆ।

ਨੁੱਕੜ ਨਾਟਕ ਰਾਹੀਂ ਕਲਾਕਾਰਾਂ ਨੇ ਨਸ਼ਿਆਂ ਦੇ ਵੱਧ ਰਹੇ ਰੁਝਾਨ, ਖਾਸ ਤੌਰ 'ਤੇ ਚਿੱਟੇ ਵਰਗੇ ਘਾਤਕ ਨਸ਼ੇ ਕਾਰਨ ਹੋਣ ਵਾਲੇ ਸਮਾਜਿਕ, ਮਾਨਸਿਕ ਅਤੇ ਸਰੀਰਕ ਨੁਕਸਾਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਨਾਟਕ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਆਪਣੇ ਸਾਥੀਆਂ ਅਤੇ ਸਮਾਜ ਨੂੰ ਵੀ ਨਸ਼ਾ ਮੁਕਤ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ।

ਟੀਮ ਦੇ ਮੈਂਬਰਾਂ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵਰਗੀ ਬੁਰਾਈ ਤੋਂ ਖੁਦ ਦੂਰ ਰਹਿਣ ਅਤੇ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਇਸ ਪ੍ਰਤੀ ਜਾਗਰੂਕ ਕਰਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਸਰਗਰਮ ਭਾਗੀਦਾਰੀ ਨਾਲ ਹੀ ਨਸ਼ਾ ਮੁਕਤ ਅਤੇ ਚਿੱਟਾ ਮੁਕਤ ਸਮਾਜ ਦੇ ਟੀਚੇ ਨੂੰ ਪ੍ਰਾਪਤ ਕੀਤਾ ਜਾ ਸਕਦਾ ਹੈ। ਮਹਾਵਿਦਿਆਲਿਆ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਆਰ. ਐਸ. ਡਡਵਾਲ ਨੇ ਬਟਾਲੀਅਨ ਵਨ, ਬਨਖੰਡੀ ਦੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਜਾਗਰੂਕਤਾ ਪ੍ਰੋਗਰਾਮ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਪ੍ਰੋਗਰਾਮ ਵਿੱਚ ਮਹਾਵਿਦਿਆਲਿਆ ਦੇ ਵਿਦਿਆਰਥੀਆਂ ਤੋਂ ਇਲਾਵਾ ਨਸ਼ਾ ਮੁਕਤੀ ਸੈੱਲ ਦੀ ਇੰਚਾਰਜ ਡਾ. ਨਿਧੀ ਸ਼ਰਮਾ, NSS ਇੰਚਾਰਜ ਡਾ. ਸ਼ਕੁੰਤਲਾ ਰਾਣਾ ਅਤੇ ਹੋਰ ਮੈਂਬਰਾਂ ਨੇ ਉਤਸ਼ਾਹਪੂਰਵਕ ਭਾਗ ਲਿਆ। ਇਸ ਮੌਕੇ ਏਕਲਵਿਆ ਕਲਾ ਮੰਚ, ਪਹਿਲੀ ਭਾਰਤ ਰਿਜ਼ਰਵ ਬਟਾਲੀਅਨ ਬਨਗੜ੍ਹ ਵੱਲੋਂ ਸਤੀਸ਼ ਕੁਮਾਰ, ਯੋਗੇਸ਼ ਕੁਮਾਰ, ਅਰਵਿੰਦ ਕੌਸ਼ਲ, ਸ਼ਿਵ ਕੁਮਾਰ, ਕਾਜਲ ਅਤੇ ਹੋਰ ਮੈਂਬਰ ਮੌਜੂਦ ਰਹੇ।

"ਦਰਦ ਨੂੰ ਜ਼ਿੰਦਗੀ ਦਾ ਹਿੱਸਾ ਨਾ ਬਣਨ ਦਿਓ : AOPM ਨੇ ਪੰਜਾਬ ਯੂਨੀਵਰਸਿਟੀ ਵਿੱਚ ਫੈਲਾਇਆ ਦਰਦ ਜਾਗਰੂਕਤਾ ਦਾ ਸੰਦੇਸ਼

ਚੰਡੀਗੜ੍ਹ, 11 ਸਤੰਬਰ (ਪੈ.ਗਾਮ-ਏ-ਜਗਤ)



ਸਤੰਬਰ ਮਹੀਨੇ ਨੂੰ ਦਰਦ ਜਾਗਰੂਕਤਾ ਮਹੀਨਾ ਵਜੋਂ ਮਨਾਉਂਦੇ ਹੋਏ Association of Pain Medicine ਨੇ ਪੰਜਾਬ ਯੂਨੀਵਰਸਿਟੀ ਦੇ ਸਹਿਯੋਗ ਨਾਲ ਸਰੀਰਕ ਸਿੱਖਿਆ ਵਿਭਾਗ ਵਿੱਚ ਦਰਦ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ। ਪ੍ਰੋਗਰਾਮ ਵਿੱਚ ਲਗਭਗ 150 ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੇ ਹਿੱਸਾ ਲਿਆ। ਪ੍ਰੋਗਰਾਮ ਦਾ ਆਯੋਜਨ ਡਾ. ਰੁਪਿੰਦਰ ਕੌਰ, ਮੁਖੀ, ਭਾਈ ਘਨੱਈਆ ਜੀ ਇੰਸਟੀਚਿਊਟ ਆਫ਼ ਹੈਲਥ ਅਤੇ ਪ੍ਰੋ. ਥ. ਨੰਦਲਾਲ ਸਿੰਘ, ਮੁਖੀ, ਸਰੀਰਕ ਸਿੱਖਿਆ ਵਿਭਾਗ, ਪੰਜਾਬ ਯੂਨੀਵਰਸਿਟੀ ਦੇ ਸਹਿਯੋਗ ਅਤੇ ਸਮਰਥਨ ਨਾਲ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਕ੍ਰੋਨਿਕ ਪੇਨ (ਲੰਬੇ ਸਮੇਂ ਦੇ ਦਰਦ) ਵਿਸ਼ੇ 'ਤੇ ਪੋਸਟਰ ਅਤੇ ਰੰਗੋਲੀ ਨਿਰਮਾਣ ਅਤੇ ਸਲੋਗਨ ਲੇਖਣ ਮੁਕਾਬਲੇ ਨਾਲ ਹੋਈ। ਵਿਦਿਆਰਥੀਆਂ ਨੇ ਆਪਣੀ ਰਚਨਾਤਮਕਤਾ ਰਾਹੀਂ ਦਰਦ, ਇਸ ਦੇ ਪ੍ਰਭਾਵ ਅਤੇ ਇਸ ਨਾਲ ਜੁੜੇ ਸੰਦੇਸ਼ਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ।

ਇਸ ਤੋਂ ਬਾਅਦ ਮਾਹਿਰਾਂ ਵੱਲੋਂ ਦਰਦ ਜਾਗਰੂਕਤਾ 'ਤੇ ਦੋ ਭਾਸ਼ਣ ਆਯੋਜਿਤ ਕੀਤੇ ਗਏ। ਪ੍ਰੋ. ਬਬੀਤਾ ਘਈ, Consultant-in-Charge, Pain Clinic, PGIMER Chandigarh ਅਤੇ Secretary, AOPM ਨੇ "ਕ੍ਰੋਨਿਕ ਪੇਨ ਨੂੰ ਸਮਝਣਾ"ਵਿਸ਼ੇ 'ਤੇ ਭਾਸ਼ਣ ਦਿੰਦੇ ਹੋਏ ਦੱਸਿਆ ਕਿ ਲੰਬੇ ਸਮੇਂ ਤੱਕ ਰਹਿਣ ਵਾਲਾ ਦਰਦ ਸਿਰਫ਼ ਇੱਕ ਲੱਛਣ ਨਹੀਂ, ਸਗੋਂ ਵਿਅਕਤੀ ਦੀ ਸਿਹਤ, ਰੋਜ਼ਾਨਾ ਜੀਵਨ ਅਤੇ ਜੀਵਨ ਦੀ ਗੁਣਵੱਤਾ ਨੂੰ ਪ੍ਰਭਾਵਿਤ ਕਰਨ ਵਾਲੀ ਇੱਕ ਮਹੱਤਵਪੂਰਨ ਸਿਹਤ ਸਮੱਸਿਆ ਹੈ।

ਡਾ. ਵਨੀਤਾ ਆਹੂਜਾ, ਪ੍ਰੋਫੈਸਰ, ਅਨੱਸਥੀਸੀਆ ਵਿਭਾਗ, GMCH ਅਤੇ Treasurer, AOPM ਨੇ "ਕ੍ਰੋਨਿਕ ਗਰਦਨ ਅਤੇ ਕਮਰ ਦਰਦ"ਵਿਸ਼ੇ 'ਤੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਗਰਦਨ ਅਤੇ ਕਮਰ ਦਰਦ ਦੇ ਆਮ ਕਾਰਨਾਂ, ਬਚਾਅ ਅਤੇ ਸਮੇਂ ਸਿਰ ਉਚਿਤ ਇਲਾਜ ਦੇ ਮਹੱਤਵ 'ਤੇ ਚਾਨਣਾ ਪਾਇਆ।

ਪ੍ਰੋਗਰਾਮ ਦਾ ਸਮਾਪਨ ਇੱਕ ਇੰਟਰਐਕਟਿਵ ਓਪਨ ਫੋਰਮ ਨਾਲ ਹੋਇਆ, ਜਿਸ ਵਿੱਚ ਵਿਦਿਆਰਥੀਆਂ ਅਤੇ ਸਟਾਫ ਨੇ ਦਰਦ ਨਾਲ ਸਬੰਧਤ ਵੱਖ-ਵੱਖ ਸਵਾਲ ਪੁੱਛੇ ਅਤੇ ਮਾਹਿਰਾਂ ਨਾਲ ਸਿੱਧਾ ਸੰਵਾਦ ਕੀਤਾ।

ਇਸ ਮੌਕੇ 'ਤੇ AOPM ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਦਰਦ ਨੂੰ ਆਮ ਸਮਝ ਕੇ ਸਹਿਣਾ ਜ਼ਰੂਰੀ ਨਹੀਂ ਹੈ। ਸੰਸਥਾ ਦਾ ਉਦੇਸ਼ ਦਰਦ ਸਬੰਧੀ ਵਿਗਿਆਨਕ ਅਤੇ ਸਬੂਤ-ਅਧਾਰਤ ਜਾਣਕਾਰੀ ਨੂੰ ਹਸਪਤਾਲਾਂ ਅਤੇ ਕਲੀਨਿਕਾਂ ਤੋਂ ਅੱਗੇ ਭਾਈਚਾਰੇ ਤੱਕ ਪਹੁੰਚਾਉਣਾ, ਖਾਸ ਤੌਰ 'ਤੇ ਨੌਜਵਾਨਾਂ ਵਿੱਚ ਜਾਗਰੂਕਤਾ ਵਧਾਉਣਾ ਅਤੇ ਲੋਕਾਂ ਨੂੰ ਸਮੇਂ ਸਿਰ ਉਚਿਤ ਡਾਕਟਰੀ ਸਹਾਇਤਾ ਲੈਣ ਲਈ ਪ੍ਰੇਰਿਤ ਕਰਨਾ ਹੈ।

ਪ੍ਰੋਗਰਾਮ ਦਾ ਸੰਦੇਸ਼ ਸਰਲ ਪਰ ਪ੍ਰਭਾਵਸ਼ਾਲੀ ਰਿਹਾ —

"ਦਰਦ ਨੂੰ ਸਹਿਣਾ ਛੱਡੋ, ਸਹੀ ਇਲਾਜ ਨਾਲ ਨਾਤਾ ਜੋੜੋ !

ਊਨਾ ਵਿੱਚ ਨਸ਼ਿਆਂ ਵਿਰੁੱਧ ਨੌਜਵਾਨਾਂ ਦੀ ਆਵਾਜ਼ ਬਣੇਗਾ ਐਂਟੀ-ਚਿੱਟਾ ਵਾਕਾਥਾਨ

ਪੁਲਿਸ ਬੈਂਡ 'ਹਾਰਮਨੀ ਆਫ਼ ਪਾਈਨਜ਼' ਪ੍ਰਦਰਸ਼ਨ ਕਰੇਗਾ, ਜੋ ਸਮਾਗਮ ਨੂੰ ਯਾਦਗਾਰੀ ਬਣਾ ਦੇਵੇਗਾ

ਊਨਾ, 11 ਸਤੰਬਰ (ਪੈ.ਗਾਮ-ਏ-ਜਗਤ)



ਐਂਟੀ-ਚਿੱਟਾ ਵਾਕਾਥਾਨ ਵਿੱਚ ਨੌਜਵਾਨਾਂ ਦੀ ਵਿਆਪਕ ਭਾਗੀਦਾਰੀ ਯਕੀਨੀ ਬਣਾਉਣ ਅਤੇ ਸਮਾਗਮ ਦੀਆਂ ਵਿਵਸਥਾਵਾਂ ਨੂੰ ਮਜ਼ਬੂਤ ਕਰਨ ਲਈ ਪੁਲਿਸ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੇ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ। ਇਸੇ ਸਿਲਸਿਲੇ ਵਿੱਚ ਪੁਲਿਸ ਮਹਾਨਿਰੀਖਕ ਵਿਮਲ ਗੁਪਤਾ ਨੇ ਸ਼ੁੱਕਰਵਾਰ ਨੂੰ ਊਨਾ ਦੇ ਡੀਆਰਡੀਏ ਕਾਨਫਰੰਸ ਹਾਲ ਵਿੱਚ ਅਧਿਕਾਰੀਆਂ ਨਾਲ ਮੀਟਿੰਗ ਕਰਕੇ 16 ਸਤੰਬਰ ਨੂੰ ਪ੍ਰਸਤਾਵਿਤ ਵਾਕਾਥਾਨ ਦੀਆਂ ਤਿਆਰੀਆਂ ਦੀ ਸਮੀਖਿਆ ਕੀਤੀ ਅਤੇ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਜਤਿਨ ਲਾਲ ਅਤੇ ਬਨਗੜ੍ਹ ਪੁਲਿਸ ਬਟਾਲੀਅਨ ਦੀ ਕਮਾਂਡੈਂਟ ਡਾ. ਆਕ੍ਰਿਤੀ ਸ਼ਰਮਾ ਸਮੇਤ ਜ਼ਿਲ੍ਹਾ ਪ੍ਰਸ਼ਾਸਨ, ਪੁਲਿਸ ਅਤੇ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਹਾਜ਼ਰ ਸਨ।

ਪੁਲਿਸ ਮਹਾਨਿਰੀਖਕ ਨੇ ਸਮਾਗਮ ਨਾਲ ਸਬੰਧਤ ਸੁਰੱਖਿਆ, ਸਿਹਤ, ਆਵਾਜਾਈ, ਭਾਗੀਦਾਰਾਂ ਦੀ ਸਹੂਲਤ ਅਤੇ ਹੋਰ ਵਿਵਸਥਾਵਾਂ ਬਾਰੇ ਜਾਣਕਾਰੀ ਲਈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਤੱਕ ਚਿੱਟੇ ਅਤੇ ਹੋਰ ਨਸ਼ਿਆਂ ਵਿਰੁੱਧ ਜਾਗਰੂਕਤਾ ਦਾ ਸੰਦੇਸ਼ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣਾ ਇਸ ਮੁਹਿੰਮ ਦਾ ਮੁੱਖ ਉਦੇਸ਼ ਹੈ। ਉਨ੍ਹਾਂ ਸਕੂਲਾਂ ਵਿੱਚ 9ਵੀਂ ਤੋਂ 12ਵੀਂ ਜਮਾਤ ਤੱਕ ਦੇ ਵਿਦਿਆਰਥੀਆਂ, ਆਈਟੀਆਈ ਅਤੇ ਕਾਲਜ ਦੇ ਵਿਦਿਆਰਥੀਆਂ ਸਮੇਤ ਵੱਧ ਤੋਂ ਵੱਧ ਨੌਜਵਾਨਾਂ ਦੀ ਭਾਗੀਦਾਰੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਇਸ ਦੇ ਨਾਲ ਹੀ ਵਿਆਪਕ ਜਨ ਭਾਗੀਦਾਰੀ 'ਤੇ ਵੀ ਜ਼ੋਰ ਦਿੱਤਾ।

ਉਨ੍ਹਾਂ ਦੱਸਿਆ ਕਿ ਪ੍ਰੋਗਰਾਮ ਸਵੇਰੇ 8 ਵਜੇ ਇੰਦਰਾ ਗਾਂਧੀ ਖੇਡ ਮੈਦਾਨ ਵਿੱਚ ਸ਼ੁਰੂ ਹੋਵੇਗਾ। ਦੇਸ਼ ਭਰ ਵਿੱਚ ਪ੍ਰਸਿੱਧ ਪੁਲਿਸ ਬੈਂਡ 'ਹਾਰਮਨੀ ਆਫ਼ ਪਾਈਨਜ਼' ਦੀ ਪੇਸ਼ਕਾਰੀ ਨਾਲ ਪ੍ਰੋਗਰਾਮ ਦੀ ਸ਼ੁਰੂਆਤ ਹੋਵੇਗੀ। ਇਸ ਤੋਂ ਬਾਅਦ ਵਾਕਾਥਾਨ ਇੰਦਰਾ ਗਾਂਧੀ ਖੇਡ ਮੈਦਾਨ ਤੋਂ ਆਈਐਸਬੀਟੀ ਊਨਾ ਤੱਕ ਜਾਵੇਗਾ ਅਤੇ ਉੱਥੋਂ ਵਾਪਸ ਇੰਦਰਾ ਗਾਂਧੀ ਖੇਡ ਮੈਦਾਨ ਵਿੱਚ ਸਮਾਪਤ ਹੋਵੇਗਾ। ਉਨ੍ਹਾਂ ਭਾਗੀਦਾਰਾਂ ਨੂੰ ਸਵੇਰੇ 8 ਵਜੇ ਤੱਕ ਸਮਾਗਮ ਵਾਲੀ ਥਾਂ 'ਤੇ ਪਹੁੰਚਣ ਦੀ ਅਪੀਲ ਕੀਤੀ, ਤਾਂ ਜੋ ਉਹ ਸ਼ੁਰੂ ਤੋਂ ਹੀ ਪ੍ਰੋਗਰਾਮ ਦਾ ਹਿੱਸਾ ਬਣ ਸਕਣ। ਮੁੱਖ ਮੰਤਰੀ ਠਾਕੁਰ ਸੁਖਵਿੰਦਰ ਸਿੰਘ ਸੁੱਖੂ ਦੀ ਅਗਵਾਈ ਹੇਠ ਹੋਣ ਵਾਲਾ ਇਹ ਸਮਾਗਮ ਸਾਰੇ ਭਾਗੀਦਾਰਾਂ ਲਈ ਯਾਦਗਾਰ ਅਨੁਭਵ ਬਣੇਗਾ।


ਮੁੱਖ ਮੰਤਰੀ ਠਾਕੁਰ ਸੁਖਵਿੰਦਰ ਸਿੰਘ ਸੁੱਖੂ ਵਾਕਾਥਾਨ ਵਿੱਚ ਸ਼ਾਮਲ ਹੋਣਗੇ। ਉਹ ਨੌਜਵਾਨਾਂ ਨਾਲ ਸੰਵਾਦ ਕਰਨਗੇ, ਉਨ੍ਹਾਂ ਦੇ ਨਾਲ ਵਾਕਾਥਾਨ ਵਿੱਚ ਚੱਲਣਗੇ ਅਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਦਾ ਸੰਦੇਸ਼ ਦੇਣਗੇ। ਇਸ ਦੌਰਾਨ ਉਹ ਭਾਗੀਦਾਰਾਂ ਨੂੰ ਨਸ਼ਿਆਂ ਵਿਰੁੱਧ ਅਤੇ ਵਾਤਾਵਰਣ ਸੁਰੱਖਿਆ ਦੀ ਸਹੁੰ ਵੀ ਚੁਕਾਉਣਗੇ। ਗੁਪਤਾ ਨੇ ਦੱਸਿਆ ਕਿ ਭਾਗੀਦਾਰਾਂ ਦੀ ਸਹੂਲਤ ਲਈ ਸਮਾਗਮ ਵਾਲੀ ਥਾਂ ਅਤੇ ਰਸਤੇ 'ਤੇ ਛੇ ਪੀਣ ਵਾਲੇ ਪਾਣੀ ਦੇ ਸਥਾਨ ਬਣਾਏ ਜਾਣਗੇ। ਸਿਹਤ ਸਹੂਲਤਾਂ ਲਈ ਤਿੰਨ ਸਥਾਨਾਂ 'ਤੇ ਐਂਬੂਲੈਂਸਾਂ ਤਾਇਨਾਤ ਰਹਿਣਗੀਆਂ। ਭਾਗੀਦਾਰਾਂ ਨੂੰ ਆਉਣ ਅਤੇ ਵਾਪਸੀ ਦੌਰਾਨ ਰਿਫ੍ਰੈਸ਼ਮੈਂਟ ਮੁਹੱਈਆ ਕਰਵਾਈ ਜਾਵੇਗੀ। ਕਿਊਆਰ ਕੋਡ ਰਾਹੀਂ ਰਜਿਸਟ੍ਰੇਸ਼ਨ ਕਰਨ ਵਾਲੇ ਭਾਗੀਦਾਰਾਂ ਨੂੰ ਆਨਲਾਈਨ ਸਰਟੀਫਿਕੇਟ ਦਿੱਤੇ ਜਾਣਗੇ, ਜਿਨ੍ਹਾਂ ਨੂੰ ਉਹ ਡਾਊਨਲੋਡ ਕਰ ਸਕਣਗੇ। ਇਸ ਤੋਂ ਇਲਾਵਾ ਭਾਗੀਦਾਰਾਂ ਨੂੰ ਐਂਟੀ-ਚਿੱਟਾ ਥੀਮ ਵਾਲੀਆਂ ਟੀ-ਸ਼ਰਟਾਂ ਅਤੇ ਕੈਪਾਂ ਵੀ ਦਿੱਤੀਆਂ ਜਾਣਗੀਆਂ। ਪੁਲਿਸ ਮਹਾਨਿਰੀਖਕ ਨੇ ਸਿੱਖਿਆ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਵਿਦਿਆਰਥੀ ਆਪਣੇ-ਆਪਣੇ ਸੰਸਥਾਨਾਂ ਦੇ ਬੈਨਰਾਂ ਨਾਲ ਵਾਕਾਥਾਨ ਵਿੱਚ ਸ਼ਾਮਲ ਹੋਣ। ਉਨ੍ਹਾਂ ਕਿਹਾ ਕਿ ਅਜਿਹੇ ਤਖ਼ਤੇ ਜਾਂ ਲੱਕੜ ਦੇ ਬੈਨਰ ਨਾ ਲਿਆਂਦੇ ਜਾਣ, ਜਿਨ੍ਹਾਂ ਨਾਲ ਕਿਸੇ ਭਾਗੀਦਾਰ ਨੂੰ ਸੱਟ ਲੱਗਣ ਦੀ ਸੰਭਾਵਨਾ ਹੋਵੇ। ਵੱਖ-ਵੱਖ ਸਥਾਨਾਂ ਤੋਂ ਆਉਣ ਵਾਲੀਆਂ ਬੱਸਾਂ 'ਤੇ ਵੀ ਐਂਟੀ-ਚਿੱਟਾ ਜਾਗਰੂਕਤਾ ਸਬੰਧੀ ਬੈਨਰ ਲਗਾਏ ਜਾਣ, ਤਾਂ ਜੋ ਨਸ਼ਿਆਂ ਵਿਰੁੱਧ ਸੰਦੇਸ਼ ਵਿਆਪਕ ਪੱਧਰ ਤੱਕ ਪਹੁੰਚੇ।

ਡਿਪਟੀ ਕਮਿਸ਼ਨਰ ਜਤਿਨ ਲਾਲ ਨੇ ਵਿਦਿਆਰਥੀਆਂ ਦੀ ਆਵਾਜਾਈ ਲਈ ਕੀਤੀ ਜਾ ਰਹੀ ਟਰਾਂਸਪੋਰਟ ਵਿਵਸਥਾ ਦੀ ਸਮੀਖਿਆ ਕੀਤੀ। ਉਨ੍ਹਾਂ ਸਬੰਧਤ ਐਸਡੀਐਮ ਅਤੇ ਨੋਡਲ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੰਦਿਆਂ ਵਿਦਿਆਰਥੀਆਂ ਨੂੰ ਸਮੇਂ ਸਿਰ ਸਮਾਗਮ ਵਾਲੀ ਥਾਂ ਤੱਕ ਪਹੁੰਚਾਉਣ ਦੀ ਵਿਵਸਥਾ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਅਤੇ ਸਬੰਧਤ ਉਪ ਨਿਰਦੇਸ਼ਕਾਂ ਨੂੰ 9ਵੀਂ ਤੋਂ 12ਵੀਂ ਜਮਾਤ ਤੱਕ ਦੇ ਵਿਦਿਆਰਥੀਆਂ, ਆਈਟੀਆਈ ਅਤੇ ਕਾਲਜ ਦੇ ਵਿਦਿਆਰਥੀਆਂ ਦੀ ਵਾਕਾਥਾਨ ਵਿੱਚ ਭਾਗੀਦਾਰੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਾਕਾਥਾਨ ਨੂੰ ਸਫਲ ਬਣਾਉਣ ਲਈ ਸਾਰਾ ਲੋੜੀਂਦਾ ਸਹਿਯੋਗ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਇਸ ਜਨ ਜਾਗਰੂਕਤਾ ਮੁਹਿੰਮ ਨੂੰ ਪ੍ਰਭਾਵਸ਼ਾਲੀ ਬਣਾਉਣ ਵਿੱਚ ਪ੍ਰਸ਼ਾਸਨ, ਪੁਲਿਸ, ਸਿੱਖਿਆ ਸੰਸਥਾਵਾਂ, ਨੌਜਵਾਨਾਂ ਅਤੇ ਆਮ ਲੋਕਾਂ ਦੀ ਸਾਂਝੀ ਭਾਗੀਦਾਰੀ ਮਹੱਤਵਪੂਰਨ ਹੈ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਇਸ਼ਾਂਤ ਜਸਵਾਲ, ਵਧੀਕ ਪੁਲਿਸ ਅਧੀਕਸ਼ਕ ਅਜੈ ਰਾਣਾ, ਸਹਾਇਕ ਕਮਿਸ਼ਨਰ ਵਿਨੈ ਮੋਦੀ, ਐਸਡੀਐਮ ਹਰੋਲੀ ਵਿਸ਼ਾਲ ਸ਼ਰਮਾ, ਐਸਡੀਐਮ ਗਗਰੇਟ ਸੋਮਿਲ ਗੌਤਮ, ਐਸਡੀਐਮ ਊਨਾ ਅਭਿਸ਼ੇਕ ਮਿੱਤਲ, ਐਸਡੀਐਮ ਬੰਗਾਣਾ ਸੋਨੂ ਗੋਇਲ, ਐਸਡੀਐਮ ਅੰਬ ਪਾਰਸ ਅਗਰਵਾਲ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਚੰਡੀਗੜ੍ਹ ਨਗਰ ਨਿਗਮ ਦੀਆਂ ਚੋਣਾਂ ਵਾਸਤੇ ਵਾਰਡਾਂ ਦੀ ਰਿਜ਼ਰਵੇਸ਼ਨ ਦੇ ਲਈ ਕੱਢਿਆ ਗਿਆ ਡਰਾਅ

ਪੈ.ਗਾਮ-ਏ-ਜਗਤ
ਚੰਡੀਗੜ੍ਹ (ਹਰਮਿੰਦਰ ਸਿੰਘ ਨਾਗਪਾਲ)

ਚੰਡੀਗੜ੍ਹ ਨਗਰ ਨਿਗਮ ਵੱਲੋਂ ਦਸੰਬਰ ਵਿੱਚ ਹੋਣ ਵਾਲੀਆਂ ਨਗਰ ਨਿਗਮ ਚੋਣਾਂ ਲਈ ਸ਼ੁੱਕਰਵਾਰ 11 ਸਤੰਬਰ ਨੂੰ ਵਾਰਡਾਂ ਦੇ ਰਾਖਵੇਂਕਰਨ ਦਾ ਡਰਾਅ ਕੱਢਿਆ ਗਿਆ। ਡਰਾਅ ਤੋਂ ਬਾਅਦ ਕਈ ਮੌਜੂਦਾ ਕੌਂਸਲਰਾਂ ਦੀਆਂ ਚੋਣਾਵੀਂ ਗਣਿਤ ਬਦਲ ਗਏ ਹਨ ਅਤੇ ਉਨ੍ਹਾਂ ਨੂੰ ਹੁਣ ਨਵੇਂ ਜਾਂ ਬਦਲਵੇਂ ਵਾਰਡਾਂ ਤੋਂ ਚੋਣ ਲੜਨ ਦੀਆਂ ਸੰਭਾਵਨਾਵਾਂ ਤਲਾਸ਼ਣੀਆਂ ਪੈ ਸਕਦੀਆਂ ਹਨ। ਅਨੁਸੂਚਿਤ ਜਾਤੀ ਲਈ ਕੁੱਲ 7 ਵਾਰਡ ਰਾਖਵੇਂ ਕੀਤੇ ਗਏ ਹਨ। ਇਨ੍ਹਾਂ ਵਿੱਚ ਵਾਰਡ ਨੰਬਰ 1, 3, 4, 9, 15, 29 ਅਤੇ 32 ਸ਼ਾਮਲ



ਹਨ। SC ਮਹਿਲਾ ਉਮੀਦਵਾਰਾਂ ਲਈ ਵਾਰਡ 3, 29 ਅਤੇ 32 ਰਾਖਵੇਂ ਰਹਿਣਗੇ, ਜਦਕਿ ਵਾਰਡ 1, 4, 9 ਅਤੇ 15- SC ਓਪਨ ਸ਼੍ਰੇਣੀ ਵਿੱਚ ਰੱਖੇ ਗਏ ਹਨ, ਜਿੱਥੇ ਪੁਰਸ਼ ਅਤੇ ਮਹਿਲਾ ਦੋਵੇਂ ਉਮੀਦਵਾਰ ਚੋਣ ਲੜ ਸਕਣਗੇ। ਇਸੇ ਤਰ੍ਹਾਂ ਜਨਰਲ ਸ਼੍ਰੇਣੀ ਦੀਆਂ ਮਹਿਲਾਵਾਂ ਲਈ 9 ਵਾਰਡ ਰਾਖਵੇਂ ਕੀਤੇ ਗਏ ਹਨ। ਇਨ੍ਹਾਂ ਵਿੱਚ ਵਾਰਡ 2, 8, 11, 13, 17, 21, 25, 26 ਅਤੇ 30 ਸ਼ਾਮਲ ਹਨ। ਰਾਖਵੇਂਕਰਨ ਦੀ ਰੋਟੇਸ਼ਨ ਨਾਲ ਕਈ ਮੌਜੂਦਾ ਕੌਂਸਲਰਾਂ ਦੀਆਂ ਚੋਣੀ ਯੋਜਨਾਵਾਂ ਪ੍ਰਭਾਵਿਤ ਹੋਈਆਂ ਹਨ। ਭਾਜਪਾ, ਕਾਂਗਰਸ ਅਤੇ 'ਆਪ' ਦੇ ਆਗੂਆਂ ਵਿੱਚ ਨਵੇਂ ਵਾਰਡਾਂ ਦੀ ਭਾਲ ਲਈ ਸਰਗਰਮੀ ਤੇਜ਼ ਹੋ ਗਈ ਹੈ। ਖਾਸ ਤੌਰ 'ਤੇ ਭਾਜਪਾ ਕੌਂਸਲਰ ਦਿਲੀਪ ਸ਼ਰਮਾ ਲਈ ਵਾਰਡ 3 ਦਾ ਐੱਸ.ਸੀ. ਮਹਿਲਾ ਲਈ ਰਾਖਵਾਂ ਹੋਣਾ ਵੱਡਾ ਝਟਕਾ ਮੰਨਿਆ ਜਾ ਰਿਹਾ ਹੈ। ਹੁਣ ਉਨ੍ਹਾਂ ਨੂੰ ਆਪਣੀ ਅਗਲੀ ਚੋਣੀ ਰਣਨੀਤੀ ਵਿੱਚ ਤਬਦੀਲੀ ਕਰਨੀ ਪਵੇਗੀ।

"ਨੌਜਵਾਨਾਂ ਦੀ ਪਹਿਲੀ ਵੋਟ, ਮੇਰਾ ਮਾਣ-ਮਜ਼ਬੂਤ ਲੋਕਤੰਤਰ ਦੀ ਪਹਿਚਾਣ

- **"ਹਰ ਇਕ ਵੋਟ ਜ਼ਰੂਰੀ, ਨਵੀਂ ਵੋਟ ਬਣਾਉਣਾ ਸਾਡੀ ਜ਼ਿੰਮੇਵਾਰੀ**
- **ਖਾਲਸਾ ਕਾਲਜ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ ਯੋਗ ਨਵੇਂ ਵੋਟਰਾਂ ਨਾਲ ਰੂਬਰੂ ਹੋਏ ਜ਼ਿਲ੍ਹਾ ਨੋਡਲ ਅਫ਼ਸਰ ਸਵੀਪ**

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 11 ਸਤੰਬਰ (ਪੈ.ਗਾਮ-ਏ-ਜਗਤ)



ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਦੀ ਅਗਵਾਈ ਹੇਠ ਜ਼ਿਲ੍ਹਾ ਸਵੀਪ ਟੀਮ ਵੱਲੋਂ ਨੌਜਵਾਨਾਂ ਨੂੰ ਵੋਟ ਦੇ ਹੱਕ ਪ੍ਰਤੀ ਜਾਗਰੂਕ ਕਰਨ ਅਤੇ ਯੋਗ ਨਵੇਂ ਵੋਟਰਾਂ ਦੀ ਵੋਟ ਬਣਾਉਣ ਲਈ ਲਗਾਤਾਰ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਲੜੀ ਤਹਿਤ ਖਾਲਸਾ ਕਾਲਜ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਯੋਗ ਵਿਦਿਆਰਥੀਆਂ ਲਈ ਵਿਸ਼ੇਸ਼ ਵੋਟਰ ਰਜਿਸਟ੍ਰੇਸ਼ਨ ਅਤੇ ਜਾਗਰੂਕਤਾ ਕੈਂਪ ਲਗਾਇਆ ਗਿਆ।

ਕੈਂਪ ਦੌਰਾਨ ਜ਼ਿਲ੍ਹਾ ਨੋਡਲ ਅਫ਼ਸਰ ਸਵੀਪ ਪ੍ਰੋ. ਗੁਰਬਖ਼ਸ਼ੀ ਸਿੰਘ ਅੰਟਾਲ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ ਅਤੇ ਵਿਦਿਆਰਥੀਆਂ ਨਾਲ ਰੂਬਰੂ ਹੁੰਦਿਆਂ ਉਨ੍ਹਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਯੋਗ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਵੋਟ ਜ਼ਰੂਰ ਬਣਵਾਉਣ ਅਤੇ ਆਨਲਾਈਨ ਵਿਧੀ ਰਾਹੀਂ ਵੋਟਰ ਰਜਿਸਟ੍ਰੇਸ਼ਨ ਕਰਨ। ਇਸ ਮੌਕੇ ਵਿਦਿਆਰਥੀਆਂ ਨੂੰ ECINET/Voter Helpline ਐਪ ਡਾਊਨਲੋਡ ਕਰਨ ਅਤੇ ਮੁੱਖ ਚੋਣ ਅਫ਼ਸਰ, ਪੰਜਾਬ ਦੇ ਅਧਿਕਾਰਤ ਸੋਸ਼ਲ ਮੀਡੀਆ ਪਲੇਟਫਾਰਮਾਂ ਨੂੰ ਫਾਲੋ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ।

ਕੈਂਪ ਦੌਰਾਨ ਲਗਭਗ 70 ਅਜਿਹੇ ਯੋਗ ਵਿਦਿਆਰਥੀਆਂ ਦੀ ਪਹਿਚਾਣ ਕੀਤੀ ਗਈ, ਜਿਨ੍ਹਾਂ ਨੇ ਅਜੇ ਤੱਕ ਆਪਣੀ ਵੋਟ ਨਹੀਂ ਬਣਾਈ ਸੀ। ਜ਼ਿਲ੍ਹਾ ਸਵੀਪ ਟੀਮ ਵੱਲੋਂ ਇਨ੍ਹਾਂ ਨੌਜਵਾਨਾਂ ਨੂੰ ਵੋਟਰ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਸਬੰਧੀ ਮੌਕੇ 'ਤੇ ਸਹਾਇਤਾ ਪ੍ਰਦਾਨ ਕੀਤੀ ਗਈ ਅਤੇ ਵੋਟ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ।

ਇਸ ਵਿਸ਼ੇਸ਼ ਕੈਂਪ ਦਾ ਆਯੋਜਨ ਕਾਲਜ ਦੀ ਪ੍ਰਿੰਸੀਪਲ ਡਾ. ਹਰੀਸ਼ ਕੁਮਾਰੀ ਵੱਲੋਂ ਕੀਤਾ ਗਿਆ, ਜਦਕਿ ਕਾਲਜ ਦੀ ਨੋਡਲ ਅਫ਼ਸਰ ਸ੍ਰੀਮਤੀ ਲਖਵਿੰਦਰ ਕੌਰ ਨੇ ਕੈਂਪ ਨੂੰ ਸਫ਼ਲ ਬਣਾਉਣ ਲਈ ਪੂਰਨ ਸਹਿਯੋਗ ਦਿੱਤਾ।

ਇਸ ਮੌਕੇ ਜ਼ਿਲ੍ਹਾ ਸਵੀਪ ਟੀਮ ਦੇ ਮੈਂਬਰ ਸ੍ਰੀਮਤੀ ਵਰਿੰਦਰ ਕੌਰ, ਸ੍ਰੀਮਤੀ ਗੁਰਮੀਤ ਕੌਰ ਅਤੇ ਸ੍ਰੀ ਆਰ.ਕੇ. ਸੈਣੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ ਅਤੇ ਵਿਦਿਆਰਥੀਆਂ ਨੂੰ ਵੋਟਰ ਰਜਿਸਟ੍ਰੇਸ਼ਨ ਅਤੇ ਚੋਣ ਪ੍ਰਕਿਰਿਆ ਸਬੰਧੀ ਜਾਗਰੂਕ ਕੀਤਾ। ਜ਼ਿਲ੍ਹਾ ਨੋਡਲ ਅਫ਼ਸਰ ਸਵੀਪ ਨੇ ਕਿਹਾ ਕਿ "ਨੌਜਵਾਨਾਂ ਦੀ ਪਹਿਲੀ ਵੋਟ, ਮੇਰਾ ਮਾਣ—ਮਜ਼ਬੂਤ ਲੋਕਤੰਤਰ ਦੀ ਪਹਿਚਾਣ । ਉਨ੍ਹਾਂ ਕਿਹਾ ਕਿ ਨੌਜਵਾਨ ਦੇਸ਼ ਦੇ ਲੋਕਤੰਤਰ ਦਾ ਮਹੱਤਵਪੂਰਨ ਹਿੱਸਾ ਹਨ ਅਤੇ ਉਨ੍ਹਾਂ ਦੀ ਪਹਿਲੀ ਵੋਟ ਨਾ ਸਿਰਫ਼ ਉਨ੍ਹਾਂ ਦੇ ਨਾਗਰਿਕ ਹੱਕ ਦੀ ਵਰਤੋਂ ਹੈ, ਸਗੋਂ ਲੋਕਤੰਤਰ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਵੀ ਹੈ।

ਸ੍ਰੀ ਕ੍ਰਿਸ਼ਨ ਜੀ ਦਾ 13ਵਾਂ ਵਿਸ਼ਾਲ ਛੱਠੀ ਮੋਹਤਸਵ ਮੰਡੀ ਗਰਾਊਂਡ ਸੈਕਟਰ 45-ਡੀ ਵਿੱਚ ਕੀਤਾ ਗਿਆ ਆਯੋਜਿਤ

ਬ੍ਰਿੰਦਾਵਨ ਦੇ ਭਜਨ ਗਾਇਕ ਮਹਾਵੀਰ ਸ਼ਰਮਾ ਅਤੇ ਸਿਮਰਨ/ਹੈਪੀ ਚੰਡੀਗੜ੍ਹ ਨੇ ਲੋਕਾਂ ਨੂੰ ਖੂਬ ਨਚਾਇਆ

ਪੈ.ਗਾਮ-ਏ-ਜਗਤ/ਚੰਡੀਗੜ੍ਹ (ਹਰਮਿੰਦਰ ਸਿੰਘ ਨਾਗਪਾਲ)





ਸ੍ਰੀ ਬਾਲ ਗੋਪਾਲ ਸੇਵਾ ਮੰਡਲ ਸੈਕਟਰ 45-ਡੀ, ਚੰਡੀਗੜ੍ਹ ਵੱਲੋਂ ਸ੍ਰੀ ਕ੍ਰਿਸ਼ਨ ਜੀ ਦਾ 13ਵਾਂ ਵਿਸ਼ਾਲ ਛੱਠੀ ਮੋਹਤਸਵ ਮੰਡੀ ਗਰਾਊਂਡ ਸੈਕਟਰ 45-ਡੀ, ਚੰਡੀਗੜ੍ਹ ਵਿਖੇ ਆਯੋਜਿਤ ਕੀਤਾ ਗਿਆ। ਪੂਰੇ ਚੰਡੀਗੜ੍ਹ ਦੇ ਪਿੰਡਾਂ, ਸੈਕਟਰਾਂ ਅਤੇ ਵੱਖ-ਵੱਖ ਕਲੋਨੀਆਂ ਦੇ ਨਿਵਾਸੀ ਵੱਡੀ ਗਿਣਤੀ ਵਿੱਚ ਪਹੁੰਚੇ। 'ਰਾਧੇ ਰਾਧੇ' ਦੀਆਂ ਧੁਨਾਂ ਅਤੇ ਭਜਨ ਸੰਗੀਤ ਨਾਲ ਸ਼ਰਧਾਲੂਆਂ ਨੇ ਪੂਰੇ ਪੰਡਾਲ ਨੂੰ ਝੂਮਣ ਲਗਾ ਦਿੱਤਾ।

'ਸਾਂਵਰੇ ਕੋ ਦਿਲ ਮੇਂ ਬਸਾ ਕਰ ਤੋ ਦੇਖੋ, ਏਕ ਬਾਰ ਬ੍ਰਿੰਦਾਵਨ ਜਾ ਕਰ ਤੋ ਦੇਖੋ' ਭਜਨ ਗਾਇਕ ਮਹਾਵੀਰ ਸ਼ਰਮਾ ਨੇ ਪੂਰੇ ਪੰਡਾਲ ਨੂੰ ਨਚਾ ਦਿੱਤਾ। ਮਹਾਵੀਰ ਸ਼ਰਮਾ ਨੇ ਆਪਣੀ ਗਾਇਕੀ ਨਾਲ ਜਿਵੇਂ ਸਮਾਂ ਹੀ ਬੰਨ੍ਹ ਦਿੱਤਾ। ਉਸ ਤੋਂ ਬਾਅਦ ਚੰਡੀਗੜ੍ਹ ਦੀ ਗਾਇਕ ਜੋੜੀ ਸਿਮਰਨ ਅਤੇ ਹੈਪੀ ਨੇ ਵੀ ਸ਼ਾਨਦਾਰ ਭਜਨ ਗਾਇਕੀ ਨਾਲ ਲੋਕਾਂ ਨੂੰ ਝੂਮਣ ਲਗਾ ਦਿੱਤਾ। ਇਸ ਮੌਕੇ ਬਾਂਸਲ, ਸ਼ਰਮਾ, ਅਗਰਵਾਲ, ਮਿੱਤਲ, ਜਗਨਾਨੀ, ਬਿੰਦਲ, ਜਿੰਦਲ, ਗੋਇਲ, ਸਿੰਗਲਾ, ਮਹਾਜਨ, ਕਪਿਲਾ, ਸੁਰਿੰਦਰ ਸਿੰਘ ਸੈਣੀ, ਗਰਗ, ਪ੍ਰਧੀਰ, ਤਿਵਾੜੀ, ਜੈਨ ਸਮੂਹ ਪਰਿਵਾਰਾਂ ਨੇ ਆਪਣੀ ਹਾਜ਼ਰੀ ਲਗਵਾਈ ਅਤੇ ਰਾਧਾ ਕ੍ਰਿਸ਼ਨ ਜੀ ਦੇ ਸੰਗੀਤ ਦਾ ਭਰਪੂਰ ਆਨੰਦ ਮਾਣਿਆ।

ਮੁੱਖ ਮੰਤਰੀ ਨਾਇਬ ਸੈਣੀ ਨਾਲ ਸਫ਼ਾਈ ਕਰਮਚਾਰੀ ਯੂਨੀਅਨ ਦੇ ਨੁਮਾਇੰਦਿਆਂ ਨੇ ਕੀਤੀ ਮੁਲਾਕਾਤ, ਮੰਗਾਂ 'ਤੇ ਬਣੀ ਸਹਿਮਤੀ

- **ਸਫ਼ਾਈ ਕਰਮਚਾਰੀਆਂ ਨੇ ਹੜਤਾਲ ਖ਼ਤਮ ਕਰਨ ਦਾ ਕੀਤਾ ਐਲਾਨ**
- **ਸਰਕਾਰ ਨੇ ਕਰਮਚਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸੰਵੇਦਨਸ਼ੀਲਤਾ ਅਤੇ ਪੋਜ਼ੀਟਿਵ ਪਹੁੰਚ ਅਪਣਾਈ**

ਚੰਡੀਗੜ੍ਹ, 11 ਸਤੰਬਰ (ਪੈ.ਗਾਮ-ਏ-ਜਗਤ)

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨਾਲ ਮੁਲਾਕਾਤ ਤੋਂ ਬਾਅਦ ਸ਼ੁੱਕਰਵਾਰ ਨੂੰ ਸਫ਼ਾਈ ਕਰਮਚਾਰੀਆਂ ਨੇ ਹੜਤਾਲ ਖ਼ਤਮ ਕਰਨ ਦਾ ਐਲਾਨ ਕੀਤਾ। ਜ਼ਿਕਰਯੋਗ ਹੈ ਕਿ ਕੈਬਨਿਟ ਮੰਤਰੀ ਸ਼੍ਰੀ ਵਿਪੁਲ ਗੋਇਲ ਅਤੇ ਕੈਬਨਿਟ ਮੰਤਰੀ ਸ਼੍ਰੀ ਕ੍ਰਿਸ਼ਨ ਬੇਦੀ ਨਾਲ ਸਫ਼ਾਈ ਕਰਮਚਾਰੀ ਯੂਨੀਅਨ ਦੇ ਨੁਮਾਇੰਦਿਆਂ ਦੀ ਬੈਠਕ ਹੋਈ ਅਤੇ ਉਨ੍ਹਾਂ ਦੀਆਂ ਮੰਗਾਂ 'ਤੇ ਸਹਿਮਤੀ ਬਣੀ।

ਬੈਠਕ ਦੌਰਾਨ ਸਫ਼ਾਈ ਕਰਮਚਾਰੀਆਂ ਨੂੰ ਇਕਮੁਸ਼ਤ ਵਰਦੀ ਭੱਤੇ ਦੀ ਜਗ?ਹਾ 440 ਰੁਪਏ ਪ੍ਰਤੀ ਮਹੀਨਾ ਵਰਦੀ ਭੱਤਾ ਦਿੱਤੇ ਜਾਣ 'ਤੇ ਸਹਿਮਤੀ ਬਣੀ ਹੈ। ਬਰਾਬਰ ਕੰਮ-ਬਰਾਬਰ ਤਨਖਾਹ ਅਤੇ ਏਰੀਅਰ ਦੀ ਜੋ ਮੰਗ ਸੀ, ਉਸ ਦਾ ਯੋਗ ਕਰਮਚਾਰੀਆਂ ਨੂੰ ਭੁਗਤਾਨ ਕੀਤਾ ਜਾ ਚੁੱਕਾ ਹੈ। ਮੰਗ ਅਨੁਸਾਰ, ਪਾਲਿਕਾ ਰੋਲ ਦੇ ਸਫ਼ਾਈ ਕਰਮਚਾਰੀਆਂ ਨੂੰ ਹਦਾਇਤਾਂ ਅਨੁਸਾਰ LTC ਦਾ ਲਾਭ ਦਿੱਤਾ ਜਾ ਰਿਹਾ ਹੈ। ਸਫ਼ਾਈ ਕਰਮਚਾਰੀਆਂ ਅਤੇ ਸੀਵਰਮੈਨ (ਨਿਯਮਿਤ, ਪਾਲਿਕਾ ਰੋਲ ਅਤੇ HKRNL) ਦਾ ਸਿਹਤ ਵਿਭਾਗ ਦੇ ਮਾਧਿਅਮ ਨਾਲ ਹਰ ਸਾਲ ਨਗਰ ਨਿਗਮ/ਨਗਰ ਸੰਸਥਾ ਦੇ ਖਰਚੇ 'ਤੇ ਮੈਡੀਕਲ ਚੈੱਕਅਪ ਕਰਵਾਉਣ ਬਾਰੇ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।

ਉੱਥੇ ਹੀ, ਸਰਕਾਰੀ ਕਰਮਚਾਰੀਆਂ 'ਤੇ ਲਾਗੂ ਮੈਡੀਕਲ ਕੈਸ਼ਲੇਸ ਨੀਤੀ ਦਾ ਲਾਭ ਨਗਰ ਨਿਗਮਾਂ ਦੇ ਰੈਗੂਲਰ ਕਰਮਚਾਰੀਆਂ, ਪੈਨਸ਼ਨਰਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਵੀ ਦੇਣ ਦੀ ਸਿਧਾਂਤਕ ਪ੍ਰਵਾਨਗੀ ਬਣੀ। ਇਸ ਤੋਂ ਇਲਾਵਾ, ਪਾਲਿਕਾ ਰੋਲ ਦੇ ਸਫ਼ਾਈ ਕਰਮਚਾਰੀਆਂ ਨੂੰ 2,000 ਰੁਪਏ ਪ੍ਰਤੀ ਮਹੀਨਾ ਜੋਖਮ ਭੱਤਾ ਦੇਣ ਬਾਰੇ ਵਿਭਾਗ ਦੁਆਰਾ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ। ਰੈਗੂਲਰ ਕਰਮਚਾਰੀਆਂ ਨੂੰ ਵੀ ਜੋਖਮ ਭੱਤਾ ਦੇਣ 'ਤੇ ਸਹਿਮਤੀ ਬਣੀ ਹੈ।

ਬੈਠਕ ਵਿੱਚ ਕੰਮ ਦੌਰਾਨ ਮੌਤ ਦੀ ਸਥਿਤੀ ਵਿੱਚ ਪਾਲਿਕਾ ਰੋਲ ਦੇ ਸਫ਼ਾਈ ਵਰਕਰਾਂ (ਸਫ਼ਾਈ ਕਰਮਚਾਰੀ, ਸੀਵਰਮੈਨ ਅਤੇ ਸਫ਼ਾਈ ਦਰੋਗਾ/ਹੈੱਡ ਸੀਵਰਮੈਨ) ਲਈ ਮੁੱਖ ਮੰਤਰੀ ਹਰਿਆਣਾ ਕਰਮਚਾਰੀ ਦੁਰਘਟਨਾ ਬੀਮਾ ਯੋਜਨਾ ਦੇ ਅੰਦਰੂਨੀ ਲਾਭ ਨੂੰ 5 ਲੱਖ ਰੁਪਏ ਤੋਂ ਵਧਾ ਕੇ 10 ਲੱਖ ਰੁਪਏ ਕੀਤੇ ਜਾਣ ਦੀ ਸਿਧਾਂਤਕ ਪ੍ਰਵਾਨਗੀ ਬਣੀ ਹੈ। ਇਸ ਤੋਂ ਇਲਾਵਾ, ਐਸਬੀਆਈ ਬੈਂਕ ਵਿੱਚ ਬਚਤ ਖਾਤਾ ਖੁੱਲ੍ਹਵਾਉਣ ਵਾਲੇ ਪਾਲਿਕਾ ਰੋਲ ਦੇ ਸਫ਼ਾਈ ਕਰਮਚਾਰੀਆਂ ਅਤੇ ਸੀਵਰਮੈਨਾਂ ਨੂੰ ਬੈਂਕ ਦੁਆਰਾ ਦੁਰਘਟਨਾ ਨਾਲ ਮੌਤ ਅਤੇ ਸਥਾਈ ਅਪੰਗਤਾ 'ਤੇ 50 ਲੱਖ ਰੁਪਏ ਅਤੇ ਅੰਸ਼ਕ ਅਪੰਗਤਾ 'ਤੇ 25 ਲੱਖ ਰੁਪਏ ਦੀ ਰਾਸ਼ੀ ਦੇਣ 'ਤੇ ਸਹਿਮਤੀ ਬਣੀ ਹੈ। ਇਸ ਤੋਂ ਇਲਾਵਾ, ਪ੍ਰਧਾਨ ਮੰਤਰੀ ਜਨ ਅਰੋਗਿਆ ਯੋਜਨਾ—ਚਿਰਾਯੂ ਵਿੱਚ ਪਾਲਿਕਾ ਰੋਲ ਦੇ ਸਫ਼ਾਈ ਕਰਮਚਾਰੀਆਂ ਅਤੇ ਸੀਵਰਮੈਨਾਂ ਨੂੰ ਸ਼ਾਮਲ ਕਰਨ ਦੀ ਸਿਧਾਂਤਕ ਪ੍ਰਵਾਨਗੀ ਬਣੀ ਹੈ। 9,203 ਰੁਪਏ ਪ੍ਰਤੀ ਸਾਲ ਪ੍ਰਤੀ ਕਰਮਚਾਰੀ ਪ੍ਰੀਮੀਅਮ ਦਾ ਭੁਗਤਾਨ ਸਬੰਧਤ ਨਗਰ ਸੰਸਥਾ ਦੁਆਰਾ ਕੀਤਾ ਜਾਵੇਗਾ।

ਮੀਟਿੰਗ ਵਿੱਚ ਇੱਕ ਕੈਲੰਡਰ ਸਾਲ ਵਿੱਚ ਕੁੱਲ 20 ਮੈਡੀਕਲ ਛੁੱਟੀਆਂ ਦੇਣ ਅਤੇ ਯੋਗ ਸਫ਼ਾਈ ਕਰਮਚਾਰੀਆਂ ਤੇ ਸੀਵਰਮੈਨਾਂ ਨੂੰ ਕਲਰਕ (ਗਰੁੱਪ ਸੀ) ਦੀਆਂ ਅਸਾਮੀਆਂ 'ਤੇ ਪਦ-ਉੱਨਤੀ ਲਈ ਸਬੰਧਤ ਸੇਵਾ ਨਿਯਮਾਂ ਵਿੱਚ ਸੋਧ ਕਰਨ ਦੀ ਸਿਧਾਂਤਕ ਪ੍ਰਵਾਨਗੀ ਵੀ ਬਣੀ ਹੈ। ਪਾਲਿਕਾ ਰੋਲ 'ਤੇ ਕੰਮ ਕਰ ਰਹੇ ਸੀਵਰਮੈਨਾਂ ਦੀ ਤਨਖਾਹ ਵਿੱਚ 2,100 ਰੁਪਏ ਵਾਧਾ ਕਰਨ ਦੀ ਸਿਧਾਂਤਕ ਪ੍ਰਵਾਨਗੀ ਬਣੀ ਹੈ। ਆਊਟਸੋਰਸਿੰਗ ਏਜੰਸੀਆਂ ਦੇ ਮਾਧਿਅਮ ਨਾਲ ਕੰਮ ਕਰ ਰਹੇ ਸਫ਼ਾਈ ਕਰਮਚਾਰੀਆਂ ਅਤੇ ਸੀਵਰਮੈਨਾਂ ਨੂੰ ਨਿਰਧਾਰਿਤ ਘੱਟੋ-ਘੱਟ ਤਨਖਾਹ ਅਤੇ ਯੋਗ ਕਰਮਚਾਰੀਆਂ ਨੂੰ ESI ਅਤੇ EPF ਦਾ ਲਾਭ ਯਕੀਨੀ ਬਣਾਇਆ ਜਾਵੇਗਾ।

ਮੀਟਿੰਗ ਵਿੱਚ ਸੀਵਰਮੈਨ ਅਤੇ ਸਫ਼ਾਈ ਕਰਮਚਾਰੀਆਂ ਦੀਆਂ ਖਾਲੀ ਅਸਾਮੀਆਂ ਦੀ ਭਰਤੀ ਸਰਕਾਰ ਦੁਆਰਾ ਪ੍ਰਕਿਰਿਆ ਨਿਰਧਾਰਿਤ ਕਰਨ ਤੋਂ ਬਾਅਦ ਇੱਕ ਮਹੀਨੇ ਵਿੱਚ ਚੋਣ ਦੇ ਮਾਪਦੰਡ ਤੈਅ ਕਰਕੇ 15 ਦਿਨਾਂ ਵਿੱਚ ਇਸ਼ਤਿਹਾਰ ਜਾਰੀ ਕਰਨ 'ਤੇ ਸਹਿਮਤੀ ਬਣੀ ਹੈ। ਮਾਪਦੰਡ ਕਮੇਟੀ ਵਿੱਚ ਯੂਨੀਅਨ ਦਾ ਨੁਮਾਇੰਦਾ ਵੀ ਮੈਂਬਰ ਹੋਵੇਗਾ। ਖਾਲੀ ਅਸਾਮੀਆਂ ਦੀ ਭਰਤੀ ਸਮੇਂ-ਸਮੇਂ 'ਤੇ ਜਾਰੀ ਰਹੇਗੀ। ਨਿਯਮਿਤ ਕਰਮਚਾਰੀਆਂ ਦੀ ਮੁਅੱਤਲੀ (ਸਸਪੈਂਸ਼ਨ) ਬਹਾਲ ਕੀਤੇ ਜਾਣ 'ਤੇ ਸਹਿਮਤੀ ਬਣੀ ਹੈ। ਇਸ ਤੋਂ ਇਲਾਵਾ, ਸੇਵਾ ਤੋਂ ਹਟਾਏ ਗਏ ਪਾਲਿਕਾ ਰੋਲ/ HKRNL ਕਰਮਚਾਰੀਆਂ ਨੂੰ ਮੁੜ ਸੇਵਾ ਵਿੱਚ ਲੈਣ 'ਤੇ ਵੀ ਸਹਿਮਤੀ ਬਣੀ ਹੈ। ਕੇਸ ਵਾਪਸ ਲੈਣ 'ਤੇ ਨਿਯਮਾਂ ਅਨੁਸਾਰ ਅਗਲੇਰੀ ਕਾਰਵਾਈ ਹੋਵੇਗੀ। ਹੜਤਾਲ ਦੀ ਮਿਆਦ ਦੇ ਦਿਨ ਵਾਧੂ ਕੰਮ ਕਰਕੇ ਅਡਜਸਟ ਕੀਤੇ ਜਾਣਗੇ। ਬੈਠਕ ਵਿੱਚ ਇਹ ਵੀ ਸਹਿਮਤੀ ਬਣੀ ਕਿ ਜੌਬ ਸਿਕਿਓਰਿਟੀ ਐਕਟ ਦੇ ਅਧੀਨ ਮੌਤ ਤੋਂ ਬਾਅਦ ਪਰਿਵਾਰ ਨੂੰ ਨੌਕਰੀ ਅਤੇ ਗ੍ਰੈਚੁਟੀ ਦਾ ਪ੍ਰਾਵਧਾਨ ਹੈ, ਜੋ ਪ੍ਰਦਾਨ ਕੀਤਾ ਜਾ ਸਕਦਾ ਹੈ।

ਇਸ ਤੋਂ ਇਲਾਵਾ, ਹਰਿਆਣਾ ਫਾਇਰ ਵਿਭਾਗ ਕਰਮਚਾਰੀ ਯੂਨੀਅਨ ਨਾਲ ਵੀ ਬੈਠਕ ਹੋਈ, ਜਿਸ ਵਿੱਚ ਉਨ੍ਹਾਂ ਦੀਆਂ ਮੰਗਾਂ 'ਤੇ ਵੀ ਸਿਧਾਂਤਕ ਸਹਿਮਤੀ ਬਣੀ ਹੈ। ਯੂਨੀਅਨ ਦੀ ਮੰਗ ਸੀ ਕਿ ਫਾਇਰ ਦੇ ਸ਼ਹੀਦ ਭਾਵੀਚੰਦ ਸ਼ਰਮਾ ਅਤੇ ਰਣਬੀਰ ਨੂੰ ਬਕਾਇਆ ਰਾਸ਼ੀ ਦਿੱਤੀ ਜਾਵੇ ਅਤੇ ਨਿਯਮਿਤ ਨੌਕਰੀ ਦਿੱਤੀ ਜਾਵੇ। ਯੂਨੀਅਨ ਦੁਆਰਾ ਹਰੇਕ ਦੇ ਪਰਿਵਾਰ ਲਈ 50 ਲੱਖ ਰੁਪਏ ਦੀ ਮੰਗ ਕੀਤੀ ਗਈ ਸੀ।

ਸਰਕਾਰ ਦੁਆਰਾ ਸ਼੍ਰੀ ਭਾਵੀਚੰਦ ਸ਼ਰਮਾ ਦੇ ਪਰਿਵਾਰ ਨੂੰ 60 ਲੱਖ ਰੁਪਏ ਦਿੱਤੇ ਜਾ ਚੁੱਕੇ ਹਨ, ਜਿਨ੍ਹਾਂ ਵਿੱਚੋਂ 20 ਲੱਖ ਰੁਪਏ ਮੁੱਖ ਮੰਤਰੀ ਰਾਹਤ ਫੰਡ ਵਿੱਚੋਂ, 10 ਲੱਖ ਰੁਪਏ ਮੁੱਖ ਮੰਤਰੀ ਕਰਮਚਾਰੀ ਦੁਰਘਟਨਾ ਸੁਰੱਖਿਆ ਯੋਜਨਾ ਵਿੱਚੋਂ ਅਤੇ 30 ਲੱਖ ਰੁਪਏ ਐਮ.ਓ.ਯੂ. ਦੇ ਤਹਿਤ ਬੈਂਕ ਆਫ਼ ਮਹਾਰਾਸ਼ਟਰਾ ਵੱਲੋਂ ਦਿੱਤੇ ਗਏ ਹਨ। ਰਣਬੀਰ ਦੇ ਪਰਿਵਾਰ ਨੂੰ 30 ਲੱਖ ਰੁਪਏ ਦਿੱਤੇ ਜਾ ਚੁੱਕੇ ਹਨ ਜਿਨ੍ਹਾਂ ਵਿੱਚੋਂ 20 ਲੱਖ ਰੁਪਏ ਮੁੱਖ ਮੰਤਰੀ ਰਾਹਤ ਫੰਡ ਵਿੱਚੋਂ ਅਤੇ 10 ਲੱਖ ਰੁਪਏ ਮੁੱਖ ਮੰਤਰੀ ਕਰਮਚਾਰੀ ਦੁਰਘਟਨਾ ਸੁਰੱਖਿਆ ਯੋਜਨਾ ਵਿੱਚੋਂ ਦਿੱਤੇ ਗਏ ਹਨ। ਬਕਾਇਆ 20 ਲੱਖ ਰੁਪਏ ਜਲਦੀ ਦੇ ਦਿੱਤੇ ਜਾਣਗੇ।

ਆਂਗਣਵਾੜੀ ਕੇਂਦਰਾਂ 'ਚ ਈ.ਸੀ.ਸੀ.ਈ. ਦਿਵਸ ਮੌਕੇ ਖੇਡ-ਖੇਡ 'ਚ ਸਿੱਖਣ ਦੇ ਰੰਗਾਂ ਨਾਲ ਖਿੜਿਆ ਬਚਪਨ

ਸੰਗਰੂਰ, 11 ਸਤੰਬਰ (ਪੈ.ਗਾਮ-ਏ-ਜਗਤ)



ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਸੰਗਰੂਰ ਦੇ ਵੱਖ-ਵੱਖ ਆਂਗਣਵਾੜੀ ਕੇਂਦਰਾਂ ਵਿਖੇ ਸ਼ੁਰੂਆਤੀ ਬਚਪਨ ਦੀ ਸਿੱਖਿਆ ਅਤੇ ਦੇਖਭਾਲ ਈ.ਸੀ.ਸੀ.ਈ. ਦਿਵਸ ਮਨਾਇਆ ਗਿਆ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪ੍ਰਦੀਪ ਸਿੰਘ ਗਿੱਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕਰਵਾਈਆਂ ਗਤੀਵਿਧੀਆਂ ਦੌਰਾਨ 0 ਤੋਂ 6 ਸਾਲ ਤੱਕ ਦੇ ਬੱਚਿਆਂ ਨੂੰ ਖੇਡ ਅਤੇ ਰਚਨਾਤਮਕ ਤਰੀਕਿਆਂ ਨਾਲ ਸਿੱਖਣ ਦੇ ਮੌਕੇ ਦਿੱਤੇ ਗਏ। ਪ੍ਰਦੀਪ ਸਿੰਘ ਗਿੱਲ ਨੇ ਕਿਹਾ ਕਿ ਬੱਚੇ ਦੇ ਜੀਵਨ ਦੇ ਸ਼ੁਰੂਆਤੀ ਸਾਲ ਉਸ ਦੀ ਸੋਚ, ਸਮਝ ਅਤੇ ਸ਼ਖ਼ਸੀਅਤ ਦੀ ਨੀਂਹ ਰੱਖਦੇ ਹਨ। ਇਸ ਲਈ ਆਂਗਣਵਾੜੀ ਕੇਂਦਰਾਂ ਵਿੱਚ ਅਜਿਹਾ ਸਿੱਖਣ-ਮਾਹੌਲ ਸਿਰਜਿਆ ਜਾ ਰਿਹਾ ਹੈ, ਜਿੱਥੇ ਬੱਚੇ ਬਿਨਾਂ ਕਿਸੇ ਦਬਾਅ ਦੇ ਖੇਡਦੇ ਹੋਏ ਸਿੱਖਣ, ਸਵਾਲ ਕਰਨ, ਚੀਜ਼ਾਂ ਨੂੰ ਪਛਾਨਣ ਅਤੇ ਆਪਣੀ ਸੋਚ ਨੂੰ ਪ੍ਰਗਟ ਕਰਨ ਲਈ ਉਤਸ਼ਾਹਿਤ ਹੋਣ। ਈ.ਸੀ.ਸੀ.ਈ. ਦਿਵਸ ਮੌਕੇ ਬੱਚਿਆਂ ਨੂੰ ਵੱਖ-ਵੱਖ ਰੰਗਾਂ ਦੇ ਢੱਕਣ ਅਤੇ ਹੋਰ ਉਪਲਬਧ ਸਮੱਗਰੀ ਦਿਖਾ ਕੇ ਰੰਗਾਂ ਦੀ ਪਛਾਣ ਕਰਵਾਈ ਗਈ। ਪੀਲੇ, ਨੀਲੇ ਅਤੇ ਲਾਲ ਆਦਿ ਰੰਗਾਂ ਨੂੰ ਆਲੇ-ਦੁਆਲੇ ਦੀਆਂ ਵਸਤਾਂ ਨਾਲ ਜੋੜਦਿਆਂ ਬੱਚਿਆਂ ਤੋਂ ਸਵਾਲ ਪੁੱਛੇ ਗਏ। ਬੱਚਿਆਂ ਨੇ ਕੇਲੇ, ਕੱਪੜਿਆਂ, ਖਿਡੌਣਿਆਂ ਅਤੇ ਹੋਰ ਵਸਤਾਂ ਦੇ ਰੰਗ ਪਛਾਣ ਕੇ ਉਤਸ਼ਾਹ ਨਾਲ ਜਵਾਬ ਦਿੱਤੇ। ਇਸ ਉਪਰੰਤ ਇੱਕੋ ਰੰਗ ਵਾਲੇ ਢੱਕਣਾਂ ਨੂੰ ਵੱਖ-ਵੱਖ ਕਰਕੇ ਛਾਂਟੀ ਕਰਨ ਦੀ ਗਤੀਵਿਧੀ ਵੀ ਕਰਵਾਈ ਗਈ। ਗਿੱਲ ਨੇ ਦੱਸਿਆ ਕਿ ਅਜਿਹੀਆਂ ਸਰਲ ਪਰ ਰਚਨਾਤਮਕ ਗਤੀਵਿਧੀਆਂ ਬੱਚਿਆਂ ਵਿੱਚ ਰੰਗਾਂ ਦੀ ਪਛਾਣ, ਵਸਤਾਂ ਦੀ ਛਾਂਟੀ, ਤਰਕਸ਼ੀਲ ਸੋਚ, ਇਕਾਗਰਤਾ ਅਤੇ ਸਮੱਸਿਆ ਹੱਲ ਕਰਨ ਦੀ ਯੋਗਤਾ ਵਿਕਸਿਤ ਕਰਨ ਵਿੱਚ ਸਹਾਈ ਹੁੰਦੀਆਂ ਹਨ। ਇਸ ਨਾਲ ਬੱਚਿਆਂ ਵਿੱਚ ਸਿੱਖਣ ਦੀ ਉਤਸੁਕਤਾ ਅਤੇ ਆਤਮ-ਵਿਸ਼ਵਾਸ ਵੀ ਵਧਦਾ ਹੈ। ਗਤੀਵਿਧੀਆਂ ਵਿੱਚ ਬੱਚਿਆਂ ਅਤੇ ਮਾਪਿਆਂ ਦੇ ਨਾਲ ਪੰਚਾਇਤ ਮੈਂਬਰਾਂ, ਸਥਾਨਕ ਯੂਥ ਕਲੱਬਾਂ ਦੇ ਮੈਂਬਰਾਂ, ਆਸ਼ਾ ਵਰਕਰਾਂ/ ਏ.ਐਨ.ਐਮ. ਅਤੇ ਹੋਰ ਪਤਵੰਤੇ ਵਿਅਕਤੀਆਂ ਨੇ ਵੀ ਸ਼ਮੂਲੀਅਤ ਕੀਤੀ। ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨੇ ਆਂਗਣਵਾੜੀ ਵਰਕਰਾਂ ਨੂੰ ਉਮਰ ਅਨੁਕੂਲ, ਦਿਲਚਸਪ ਅਤੇ ਬੱਚਾ-ਕੇਂਦਰਿਤ ਗਤੀਵਿਧੀਆਂ ਲਗਾਤਾਰ ਕਰਵਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਬਚਪਨ ਵਿੱਚ ਸਿੱਖਣ ਨੂੰ ਖੁਸ਼ੀ ਅਤੇ ਖੇਡ ਨਾਲ ਜੋੜਨਾ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਬੇਹੱਦ ਸਾਰਥਕ ਹੈ।